@Qpatrika · @qaumipatrika punjabi · instagram.com/qaumipatrika

**Largest Circulated**

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
# Qaumi Patrika NO.1

**Punjabi National Daily**

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Thursday, 9 May 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਵੀਰਵਾਰ 9 ਮਈ 2024, 25 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 169. qpatrika@gmail.com ਫੋਨ : 9971359517 www.qaumipatrika.org


## ਸ਼ਿਮਲਾ ਤੋਂ ਦਿੱਲੀ ਪਰਤੇ ਰਾਸ਼ਟਰਪਤੀ ਮੁਰਮੂ, ਕਲਿਆਣੀ ਹੈਲੀਪੈਡ 'ਤੇ ਦਿੱਤੀ ਗਈ ਵਿਦਾਇਗੀ

ਸ਼ਿਮਲਾ 8 ਮਈ। 4 ਮਈ ਤੋਂ ਹਿਮਾਚਲ ਪ੍ਰਦੇਸ਼ ਦੇ ਦੌਰੇ 'ਤੇ ਆਈ ਰਾਸਟਰਪਤੀ ਦ੍ਰੋਪਦੀ ਮੁਰਮੂ ਬੁੱਧਵਾਰ ਨੂੰ ਮਿੱਠੀਆਂ ਅਤੇ ਖੱਟੀਆਂ ਯਾਦਾਂ ਲੈ ਕੇ ਦਿੱਲੀ ਪਰਤ ਆਏ। ਬੁੱਧਵਾਰ ਨੂੰ ਮਸੋਬਰਾ ਸਥਿਤ ਕਲਿਆਣੀ ਹੈਲੀਪੈਡ 'ਤੇ ਰਾਸਟਰਪਤੀ ਦ੍ਰੋਪਦੀ ਮੁਰਮੂ ਨੂੰ ਵਿਦਾਈ ਦਿੱਤੀ ਗਈ। ਇਸ ਮੌਕੇ ਰਾਜਪਾਲ ਸ਼ਿਵ ਪ੍ਰਤਾਪ ਸੁਕਲਾ ਅਤੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਵੀ ਮੌਜੂਦ ਸਨ ਅਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ, ਜਦਕਿ ਉਨ੍ਹਾਂ ਨੂੰ ਐਲਬਮ ਦਿਖਾਈ ਗਈ ਅਤੇ ਇਹ ਵੀ ਉਨ੍ਹਾਂ ਨੂੰ ਭੇਂਟ ਕੀਤੀ ਗਈ। ਇਸ ਮੌਕੇ ਉਨ੍ਹਾਂ ਦੇ ਪ੍ਰੋਗਰਾਮ ਦੀ ਉਡੀਕ ਵਿਚ ਮੰਤਰੀ ਸਿਹਤ ਮੰਤਰੀ ਡਾ. (ਕਰਨਲ) ਧਨੀ ਰਾਮ ਸਾਂਡਿਲ, ਮੁੱਖ



ਸਕੱਤਰ ਪ੍ਰਬੋਧ ਸਕਸੈਨਾ, ਪੁਲਸ ਡਾਇਰੈਕਟਰ ਜਨਰਲ ਡਾ. ਅਤੁਲ ਵਰਮਾ ਅਤੇ ਪ੍ਰਸਾਸਨ, ਪੁਲਸ ਅਤੇ ਸੈਨਾ ਦੇ ਸੀਨੀਅਰ ਅਧਿਕਾਰੀ ਹਾਜਰ ਸਨ। ਰਾਸਟਰਪਤੀ ਦੇ ਸ਼ਿਮਲਾ ਦੌਰੇ ਦੌਰਾਨ ਇੱਥੇ ਲੋਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ ਅਤੇ ਪਿਛਲੇ ਇਕ ਹਫਤੇ ਤੋਂ ਉਨ੍ਹਾਂ ਦੀ ਤਿਆਰੀ ਵਿਚ ਲੱਗੇ ਪ੍ਰਸਾਸਨਿਕ ਤੇ ਪੁਲਸ ਮੁਲਾਜਮਾਂ ਨੇ ਵੀ ਸੁੱਖ ਦਾ ਸਾਹ ਲਿਆ ਹੈ। ਦੇਸ ਦੇ ਰਾਸ਼ਟਰਪਤੀ ਦਾ ਸ਼ਿਮਲਾ ਵਿਚ ਠਹਿਰੇ ਸਨ ਅਤੇ ਉਨ੍ਹਾਂ ਦੀ ਸੁਰੱਖਿਆ ਵਿਚ ਕੋਈ ਕਮੀ ਨਾ ਰਹਿ ਜਾਵੇ, ਇਸ ਲਈ 10 ਦਿਨ ਪਹਿਲਾਂ ਹੀ ਤਿਆਰੀਆਂ ਸੁਰੂ ਹੋ ਗਈਆਂ ਸਨ। ਉਨ੍ਹਾਂ ਦੇ ਸ਼ਿਮਲਾ ਸਹਿਰ 'ਚ ਸੰਕਟ ਮੋਚਨ, ਤਾਰਾਦੇਵੀ, ਰਿੱਜ ਅਤੇ ਮਾਲ ਰੋਡ 'ਤੇ ਕੀਤੇ ਜਾ ਰਹੇ ਪ੍ਰੋਗਰਾਮਾਂ ਕਾਰਨ ਟ੍ਰੈਫਿਕ ਡਾਇਵਰਟ ਕਾਰਨ ਸਕੂਲੀ ਬੱਚਿਆਂ, ਕੰਮਕਾਜੀ ਲੋਕਾਂ ਅਤੇ ਮਾਪਿਆਂ ਨੂੰ ਕਾਫੀ ਪ੍ਰੇਸਾਨੀ ਦਾ ਸਾਹਮਣਾ ਕਰਨਾ ਪਿਆ ਪਰ ਉਨ੍ਹਾਂ ਦੇ ਵਾਪਸ ਆਉਣ ਤੋਂ ਬਾਅਦ ਪ੍ਰਸਾਸਨ ਤੇ ਪੁਲਸ ਹੀ ਨਹੀਂ ਅਧਿਕਾਰੀਆਂ ਨੂੰ ਰਾਹਤ ਮਿਲੀ ਪਰ ਸ਼ਿਮਲਾ ਸਹਿਰ ਦੇ ਪ੍ਰਬੰਧ ਮੁੜ ਪਟੜੀ 'ਤੇ ਆ ਗਏ ਹਨ।

## ਕੇਂਦਰੀ ਮੰਤਰੀ ਆਰ.ਕੇ. ਸਿੰਘ 10.49 ਕਰੋੜ ਰੁਪਏ ਦੀ ਚੱਲ-ਅਚੱਲ ਜਾਇਦਾਦ ਮਾਲਕ

ਪਟਨਾ 8 ਮਈ। ਬਿਹਾਰ ਦੀ ਅਰਰਾ ਲੋਕ ਸਭਾ ਸੀਟ ਤੋਂ ਭਾਜਪਾ ਉਮੀਦਵਾਰ ਆਰ.ਕੇ. ਸਿੰਘ 10.49 ਕਰੋੜ ਰੁਪਏ ਦੀ ਚੱਲ ਅਤੇ ਅਚੱਲ ਜਾਇਦਾਦ ਦੇ ਮਾਲਕ ਹਨ, ਜਦਕਿ ਉਨ੍ਹਾਂ ਦੀ ਪਤਨੀ ਕੋਲ 1.83 ਕਰੋੜ ਰੁਪਏ ਦੀ ਚੱਲ ਅਤੇ ਅਚੱਲ ਜਾਇਦਾਦ ਹੈ। ਭਾਜਪਾ ਦੇ ਸੀਨੀਅਰ ਨੇਤਾ ਨੇ ਚੋਣ ਕਮਿਸਨ ਨੂੰ ਦਿੱਤੇ ਹਲਫਨਾਮੇ 'ਚ ਇਹ ਜਾਣਕਾਰੀ ਦਿੱਤੀ ਹੈ। ਸਿੰਘ ਨੇ ਮੰਗਲਵਾਰ ਨੂੰ ਰਾਜਗ ਉਮੀਦਵਾਰ ਵਜੋਂ ਆਰਾ ਲੋਕ ਸਭਾ ਸੀਟ ਤੋਂ ਪਰਚਾ ਦਾਖਲ ਕੀਤਾ ਸੀ। ਲੋਕ ਸਭਾ ਚੋਣਾਂ ਦੇ ਆਖਰੀ ਪੜਾਅ ਤਹਿਤ 1 ਜੂਨ ਨੂੰ ਆਰਾ, ਨਾਲੰਦਾ, ਪਟਨਾ ਸਾਹਿਬ, ਪਾਟਲੀਪੁਤਰ, ਬਕਸਰ, ਸਾਸਾਰਾਮ, ਕਾਰਾਕਾਟ ਅਤੇ ਜਹਾਨਾਬਾਦ 'ਚ ਵੋਟਾਂ ਪੈਣਗੀਆਂ। ਹਲਫਨਾਮੇ 'ਚ ਸਿੰਘ ਨੇ ਐਲਾਨ ਕੀਤਾ ਹੈ ਕਿ ਉਨ੍ਹਾਂ ਕੋਲ 96.13 ਲੱਖ ਰੁਪਏ ਦੀ ਚੱਲ ਅਤੇ 9.53 ਕਰੋੜ ਰੁਪਏ ਦੀ ਅਚੱਲ ਜਾਇਦਾਦ ਹੈ। ਸਿੰਘ ਦੀ ਪਤਨੀ ਕੋਲ 43 ਲੱਖ ਰੁਪਏ ਦੀ ਚੱਲ ਅਤੇ 1.40 ਕਰੋੜ ਰੁਪਏ ਦੀ ਅਚੱਲ ਜਾਇਦਾਦ ਹੈ। ਹਲਫਨਾਮੇ ਮੁਤਾਬਕ ਕੇਂਦਰੀ ਮੰਤਰੀ ਕੋਲ 30,000 ਰੁਪਏ ਨਕਦ ਹਨ ਜਦਕਿ ਉਨ੍ਹਾਂ ਦੀ ਪਤਨੀ ਕੋਲ 25,000 ਰੁਪਏ ਨਕਦ ਹਨ। ਸਿੰਘ ਦੇ ਚਾਰ ਬੈਂਕ ਖਾਤੇ ਹਨ। ਉਸ ਦੀ ਪਤਨੀ ਦੇ ਦੋ ਬੈਂਕ ਖਾਤੇ ਅਤੇ 28 ਲੱਖ ਰੁਪਏ ਦੇ ਗਹਿਣੇ ਹਨ। ਕੇਂਦਰੀ ਮੰਤਰੀ ਸਿੰਘ ਦਾ ਮੁਕਾਬਲਾ ਤਾਰਾਰਾਈ ਵਿਧਾਨ ਸਭਾ ਸੀਟ ਤੋਂ ਮੌਜੂਦਾ ਭਾਕਪਾ ਮਾਲੇ ਦੇ ਮੌਜੂਦਾ ਵਿਧਾਇਕ ਅਤੇ ਵਿਰੋਧੀ ਮਹਾਗਠਜੋੜ ਦੇ ਉਮੀਦਵਾਰ ਸੁਦਾਮਾ ਪ੍ਰਸਾਦ ਨਾਲ ਹੈ।

## ਮੁਸਲਮਾਨਾਂ ਨੂੰ ਮਿਲਣਾ ਚਾਹੀਦੈ ਰਾਖਵਾਂਕਰਨ : ਲਾਲੂ

ਪਟਨਾ, 8 ਮਈ। ਰਾਸਟਰੀ ਜਨਤਾ ਦਲ (ਰਾਜਦ) ਦੇ ਪ੍ਰਧਾਨ ਲਾਲੂ ਪ੍ਰਸਾਦ ਯਾਦਵ ਨੇ ਮੰਗਲਵਾਰ ਨੂੰ ਕਿਹਾ ਕਿ ਉਹ ਮੁਸਲਮਾਨਾਂ ਨੂੰ ਰਾਖਵੇਂਕਰਨ ਦਾ ਲਾਭ ਦੇਣ ਦੇ ਪੱਖ 'ਚ ਹਨ। ਲਾਲੂ ਨੇ ਮੁਸਲਮਾਨਾਂ ਨੂੰ ਰਾਖਵੇਂਕਰਨ ਦੇ ਲਾਭ ਦੀ ਵਕਾਲਤ ਕਰਦੇ ਹੋਏ ਦੋਸ ਲਾਇਆ ਕਿ ਕੇਂਦਰ 'ਚ ਸੱਤਾਧਾਰੀ ਭਾਰਤੀ ਜਨਤਾ ਪਾਰਟੀ (ਭਾਜਪਾ) ਸੰਵਿਧਾਨ ਅਤੇ ਲੋਕਤੰਤਰ ਨੂੰ ਤਬਾਹ ਕਰ ਕੇ ਰਾਖਵੇਂਕਰਨ ਨੂੰ ਖਤਮ ਕਰਨਾ ਚਾਹੁੰਦੀ ਹੈ। ਲਾਲੂ ਪ੍ਰਸਾਦ ਇਥੇ ਵਿਧਾਨ ਪ੍ਰੀਸਦ ਕੰਪਲੈਕਸ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਭਾਜਪਾ ਸੰਵਿਧਾਨ ਅਤੇ ਲੋਕਤੰਤਰ ਨੂੰ ਤਬਾਹ ਕਰਨਾ ਚਾਹੁੰਦੀ ਹੈ। ਇਹ ਗੱਲ ਲੋਕਾਂ ਦੇ ਧਿਆਨ ਵਿਚ ਆ ਗਈ ਹੈ। ਲਾਲੂ ਪ੍ਰਸਾਦ ਯਾਦਵ ਵਿਧਾਨ ਪ੍ਰੀਸਦ ਕੰਪਲੈਕਸ ਵਿਚ ਆਯੋਜਿਤ ਸਹੁੰ ਚੁੱਕ ਸਮਾਰੋਹ ਵਿਚ ਸਾਮਲ ਹੋ ਰਹੇ ਸਨ, ਜਿੱਥੇ ਉਨ੍ਹਾਂ ਦੀ ਪਤਨੀ ਰਾਬੜੀ ਦੇਵੀ ਨੇ ਵਿਧਾਨ ਪ੍ਰੀਸਦ (ਐੱਮ. ਐੱਲ. ਸੀ.) ਵਜੋਂ ਸਹੁੰ ਚੁੱਕੀ।

# ਸੈਮ ਪਿਤਰੋਦਾ ਦੇ ਬਿਆਨ 'ਤੇ ਭੜਕੇ ਪ੍ਰਧਾਨ ਮੰਤਰੀ ਮੋਦੀ, ਦੇਸ਼ਵਾਸੀਆਂ ਨੂੰ ਗਾਲ੍ਹ ਕੱਢੀ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 8 ਮਈ। ਇੰਡੀਅਨ ਓਵਰਸੀਜ ਕਾਂਗਰਸ ਦੇ ਪ੍ਰਧਾਨ ਸੈਮ ਪਿਤ੍ਰੋਦਾ ਦੇ ਭਾਰਤੀਆਂ ਦੇ ਰੰਗ-ਰੂਪ ਨਾਲ ਜੁੜੇ ਬਿਆਨ 'ਤੇ ਭਾਜਪਾ ਹਮਲਾਵਰ ਹੋ ਗਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਮੇਤ ਭਾਜਪਾ ਨੇ ਪਿਤ੍ਰੋਦਾ ਦੇ ਬਿਆਨ ਨੂੰ ਲੈ ਕੇ ਕਾਂਗਰਸ ਅਤੇ ਰਾਹੁਲ ਗਾਂਧੀ 'ਤੇ ਨਿਸ਼ਾਨਾ ਵਿੰਨ੍ਹਿਆ ਹੈ। ਤੇਲੰਗਾਨਾ ਦੇ ਵਾਰੰਗਲ 'ਚ ਚੋਣ ਰੈਲੀ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੈਮ ਪਿਤਰੋਦਾ ਦੇ ਬਿਆਨ 'ਤੇ ਕਾਂਗਰਸ ਅਤੇ ਰਾਹੁਲ ਗਾਂਧੀ 'ਤੇ ਤਿੱਖਾ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਅੱਜ ਮੈਂ ਬਹੁਤ ਗੁੱਸੇ ਵਿਚ ਹਾਂ। ਅੱਜ ਸ਼ਹਿਜਾਦੇ ਦੇ ਇਕ ਚਾਚੇ ਨੇ ਅਜਿਹੀਆਂ ਗਾਲ੍ਹਾਂ ਕੱਢੀਆਂ, ਜਿਸ ਨਾਲ ਮੈਂ ਗੁੱਸੇ ਨਾਲ ਭਰ ਗਿਆ। ਸੰਵਿਧਾਨ ਨੂੰ ਸਿਰ 'ਤੇ ਰੱਖਣ ਵਾਲੇ ਲੋਕ ਦੇਸ ਦੀ ਚਮੜੀ ਦਾ ਅਪਮਾਨ ਕਰ ਰਹੇ ਹਨ। ਪੀ.ਐੱਮ. ਮੋਦੀ ਨੇ ਕਿਹਾ ਕਿ ਜਿਨ੍ਹਾਂ ਦੀ ਚਮੜੀ ਦਾ ਰੰਗ ਕਾਲਾ ਹੈ, ਕੀ ਉਹ ਸਾਰੇ ਅਫਰੀਕਾ ਦੇ ਹਨ? ਉਨ੍ਹਾਂ ਨੇ ਚਮੜੀ ਦੇ ਰੰਗ ਦੇ ਆਧਾਰ 'ਤੇ ਮੇਰੇ ਦੇਸ ਦੇ ਲੋਕਾਂ ਨਾਲ ਦੁਰਵਿਵਹਾਰ ਕੀਤਾ ਹੈ। ਚਮੜੀ ਦਾ ਰੰਗ ਭਾਵੇਂ ਕੋਈ ਵੀ



ਹੋਵੇ, ਅਸੀਂ ਸ੍ਰੀ ਕ੍ਰਿਸਨ ਦੀ ਪੂਜਾ ਕਰਨ ਵਾਲੇ ਲੋਕ ਹਾਂ। ਸ਼ਹਿਜਾਦੇ, ਤੁਹਾਨੂੰ ਜਵਾਬ ਦੇਣਾ ਪਵੇਗਾ। ਚਮੜੀ ਦੇ ਰੰਗ ਦੇ ਆਧਾਰ 'ਤੇ ਮੇਰੇ ਦੇਸਵਾਸੀਆਂ ਦਾ ਅਪਮਾਨ ਦੇਸ ਬਰਦਾਸਤ ਨਹੀਂ ਕਰੇਗਾ ਅਤੇ ਮੋਦੀ ਤਾਂ ਕਦੇ ਵੀ ਬਰਦਾਸਤ ਨਹੀਂ ਕਰੇਗਾ। ਆਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੇ ਸੈਮ ਪਿਤਰੋਦਾ ਦੇ ਇਸ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ ਕਿ ਉੱਤਰ-ਪੂਰਬੀ ਭਾਰਤ ਦੇ ਲੋਕ ਚੀਨ ਦੇ ਲੋਕਾਂ ਵਰਗੇ ਹਨ ਅਤੇ ਦੱਖਣੀ ਭਾਰਤੀ ਅਫਰੀਕੀ ਲੋਕਾਂ ਵਰਗੇ ਹਨ। ਉਨ੍ਹਾਂ ਕਿਹਾ ਹੈ ਕਿ ਸੈਮ ਭਾਈ, ਮੈਂ ਉੱਤਰ-ਪੂਰਬ ਤੋਂ ਹਾਂ ਅਤੇ ਭਾਰਤੀ ਦਿਖਦਾ ਹਾਂ। ਅਸੀਂ ਵਿਭਿੰਨਤਾ ਵਿੱਚ ਵਿਸਵਾਸ ਕਰਦੇ ਹਾਂ। ਅਸੀਂ ਵੱਖ-ਵੱਖ ਦਿਖਾਈ ਦੇ ਸਕਦੇ ਹਾਂ ਪਰ ਅਸੀਂ ਸਾਰੇ ਇੱਕ ਹਾਂ। ਸਾਡੇ ਦੇਸ ਬਾਰੇ ਥੋੜਾ ਸਮਝੋ! ਭਾਜਪਾ ਸਾਂਸਦ ਰਵੀਸੰਕਰ ਪ੍ਰਸਾਦ ਨੇ ਕਿਹਾ ਕਿ ਸੈਮ ਪਿਤਰੋਦਾ ਭਾਰਤ ਨੂੰ ਨਹੀਂ ਸਮਝਦੇ। ਉਹ ਰਾਹੁਲ ਗਾਂਧੀ ਦੇ ਸਲਾਹਕਾਰ ਹਨ। ਹੁਣ ਮੈਨੂੰ ਸਮਝ ਆਇਆ ਕਿ ਰਾਹੁਲ ਗਾਂਧੀ ਇੰਨੀ ਬਕਵਾਸ ਕਿਉਂ ਬੋਲਦੇ ਹਨ? ਇਨ੍ਹਾਂ ਲੋਕਾਂ ਨੂੰ ਦੇਸ ਦੀ ਕੋਈ ਸਮਝ ਨਹੀਂ ਹੈ। ਭਾਜਪਾ ਨੇਤਾ ਮੁਖਤਾਰ ਅੱਬਾਸ ਨਕਵੀ ਨੇ ਕਿਹਾ ਕਿ ਉਹ ਪੱਪੂ ਦਾ ਪ੍ਰੌਕਸੀ ਪ੍ਰੋਫੈਸਰ ਹੈ। ਇਸ ਗਿਆਨ ਨਾਲ ਹੀ ਕਾਂਗਰਸ ਦੇਸ ਦੀ ਪਾਰਟੀ ਤੋਂ ਇਲਾਕੇ ਦੀ ਪਾਰਟੀ ਬਣ ਗਈ ਹੈ।

## ਸੁਰੱਖਿਆ ਫੋਰਸਾਂ ਨੇ ਮੁਕਾਬਲੇ ਦੌਰਾਨ 3 ਅੱਤਵਾਦੀ ਕੀਤੇ ਢੇਰ

ਸ੍ਰੀਨਗਰ 8 ਮਈ। ਜੰਮੂ ਕਸ਼ਮੀਰ ਦੇ ਕੁਲਗਾਮ ਜ਼ਿਲ੍ਹੇ 'ਚ ਸੁਰੱਖਿਆ ਫੋਰਸਾਂ ਨਾਲ ਮੁਕਾਬਲੇ 'ਚ 2 ਅੱਤਵਾਦੀ ਮਾਰੇ ਗਏ। ਅਧਿਕਾਰੀਆਂ ਨੇ ਮੰਗਲਵਾਰ ਨੂੰ ਇੱਥੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਕੁਲਗਾਮ ਦੇ ਰੇਡਵਾਨੀ ਇਲਾਕੇ 'ਚ ਅੱਤਵਾਦੀਆਂ ਦੀ ਮੌਜੂਦਗੀ ਦੀ ਸੂਚਨਾ ਮਿਲਣ ਤੋਂ ਬਾਅਦ ਸੁਰੱਖਿਆ ਫੋਰਸਾਂ ਨੇ ਸੋਮਵਾਰ ਦੇਰ ਰਾਤ ਇਲਾਕੇ 'ਚ ਘੇਰਾਬੰਦੀ ਕਰ ਕੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਸੀ। ਉਨ੍ਹਾਂ ਕਿਹਾ ਕਿ ਬਾਅਦ 'ਚ ਮੁਕਾਬਲਾ ਸ਼ੁਰੂ ਹੋ ਗਿਆ, ਜੋ ਅੰਤਿਮ ਖਬਰ ਆਉਣ ਤੱਕ ਜਾਰੀ ਸੀ। ਉਨ੍ਹਾਂ ਦੱਸਿਆ ਕਿ ਮੰਗਲਵਾਰ ਸਵੇਰੇ ਅੱਤਵਾਦੀਆਂ ਅਤੇ ਸੁਰੱਖਿਆ ਫੋਰਸਾਂ ਵਿਚਾਲੇ ਜਾਰੀ ਗੋਲੀਬਾਰੀ ਦੌਰਾਨ ਉਸ ਘਰ 'ਚ ਅੱਗ ਲੱਗ ਗਈ, ਜਿਸ 'ਚ ਅੱਤਵਾਦੀ ਲੁਕੇ ਸਨ। ਇਕ ਸੀਨੀਅਰ ਪੁਲਸ ਅਧਿਕਾਰੀ ਨੇ ਕਿਹਾ ਕਿ ਮੁਕਾਬਲੇ ਵਾਲੀ ਜਗ੍ਹਾ 'ਤੇ ਘੱਟੋ-ਘੱਟ 2 ਲਾਸ਼ਾਂ ਦੇਖੀਆਂ ਗਈਆਂ ਹਨ ਅਤੇ ਉਨ੍ਹਾਂ ਨੂੰ ਕੱਢਣ ਦੀ ਕੋਸ਼ਿਸ਼ ਜਾਰੀ ਹੈ। ਉਨ੍ਹਾਂ ਕਿਹਾ ਕਿ ਲਾਸ਼ਾਂ ਬਰਾਮਦ ਹੋਣ ਤੋਂ ਬਾਅਦ ਮਾਰੇ ਗਏ ਅੱਤਵਾਦੀਆਂ ਦੀ ਪਛਾਣ ਹੋ ਸਕੇਗੀ ਅਤੇ ਉਹ ਕਿਹੜੇ ਅੱਤਵਾਦੀ ਸਮੂਹ ਨਾਲ ਜੁੜੇ ਹੋਏ ਸਨ, ਇਸ ਦਾ ਪਤਾ ਲੱਗ ਸਕੇਗਾ।

## ਨਫੇ ਸਿੰਘ ਕਤਲਕਾਂਡ: ਬਹਾਦੁਰਗੜ੍ਹ ਪਹੁੰਚੀ ਸੀ. ਬੀ. ਆਈ. ਦੀ ਟੀਮ, ਪੁਲਸ ਤੋਂ ਮੰਗਿਆ ਵਾਰਦਾਤ ਨਾਲ ਸਬੰਧਤ ਰਿਕਾਰਡ

**ਏਜੰਸੀਆਂ**

ਬਹਾਦਰਗੜ੍ਹ 8 ਮਈ। ਇਨੈਲੋ ਪ੍ਰਦੇਸ਼ ਪ੍ਰਧਾਨ ਨਫੇ ਸਿੰਘ ਰਾਠੀ ਕਤਲਕਾਂਡ ਦੀ ਜਾਂਚ ਲਈ ਇਕ ਵਾਰ ਫਿਰ ਤੋਂ ਸੀ. ਬੀ. ਆਈ. ਦੀ ਟੀਮ ਬਹਾਦਰਗੜ੍ਹ ਪਹੁੰਚੀ। ਜਿਸ ਗੱਡੀ ਵਿਚ ਨਫੇ ਸਿੰਘ ਰਾਠੀ ਦੀ ਤਾਬੜਤੋੜ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ, ਉਸ ਫਾਰਚੂਨਰ ਗੱਡੀ ਦਾ ਸੀ. ਬੀ. ਆਈ. ਦੀ ਟੀਮ ਨੇ ਨਿਰੀਖਣ ਕੀਤਾ। ਇਸ ਦੇ ਨਾਲ ਹੀ ਵਾਰਦਾਤ ਦੇ ਸਮੇਂ ਵਰਤੋਂ ਵਿਚ ਲਿਆਂਦੀ ਗਈ ਆਈ-20 ਗੱਡੀ ਦੀ ਜਾਂਚ ਸੀ. ਬੀ. ਆਈ. ਦੀ ਟੀਮ ਦੇ ਅੱਧਾ ਦਰਸ਼ਨ ਤੋਂ ਜ਼ਿਆਦਾ ਮੈਂਬਰਾਂ ਨੇ ਕੀਤੀ। ਦੱਸ ਦੇਈਏ ਕਿ ਮਰਹੂਮ ਨਫੇ ਸਿੰਘ ਰਾਠੀ ਦੇ ਕਤਲ ਤੋਂ ਬਾਅਦ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਪਾਰਟੀ ਵਰਕਰਾਂ ਨੇ ਮਾਮਲੇ ਦੀ ਸੀ. ਬੀ. ਆਈ. ਜਾਂਚ ਦੀ ਮੰਗ ਕੀਤੀ ਸੀ। ਜਿਸ ਤੋਂ ਬਾਅਦ ਸਰਕਾਰ ਨੇ ਇਹ ਮਾਮਲਾ ਸੀ. ਬੀ. ਆਈ. ਨੂੰ ਟਰਾਂਸਫਰ ਕਰ ਦਿੱਤਾ। ਹੁਣ ਸੀ. ਬੀ. ਆਈ. ਨੇ ਇਸ ਮਾਮਲੇ ਦੀ ਸਹੀ ਤਰੀਕੇ ਨਾਲ ਜਾਂਚ ਸੁਰੂ ਕਰ ਦਿੱਤੀ ਹੈ। ਜਿੱਥੇ ਇਕ ਪਾਸੇ ਸੀ. ਬੀ. ਆਈ. ਨੇ ਪੀੜਤ ਪਰਿਵਾਰ ਦੇ ਮੈਂਬਰਾਂ ਨਾਲ ਗੱਲਬਾਤ ਕੀਤੀ ਹੈ, ਉੱਥੇ ਹੀ ਦੂਜੇ ਪਾਸੇ ਉਹ ਬਹਾਦਰਗੜ੍ਹ ਦੇ ਲਾਈਨਪਾਰ ਥਾਣੇ ਵਿਚ ਵੀ



ਗਈ ਹੈ ਅਤੇ ਪੁਲਸ ਤੋਂ ਹੁਣ ਤੱਕ ਦੀ ਜਾਂਚ ਦੇ ਪੂਰੇ ਵੇਰਵੇ ਮੰਗੇ ਹਨ। ਇਸ ਦੇ ਨਾਲ ਹੀ ਜਿਸ ਫਾਰਚੂਨਰ ਗੱਡੀ 'ਚ ਨਫੇ ਸਿੰਘ ਰਾਠੀ ਦੀ ਮੌਤ ਹੋ ਗਈ ਸੀ, ਜਿਸ 'ਤੇ ਗੋਲੀਆਂ ਚਲਾਈਆਂ ਗਈਆਂ। ਇਹ ਘਟਨਾ 25 ਫਰਵਰੀ ਦੀ ਸਾਮ ਨੂੰ ਵਾਪਰੀ। ਇਸ ਘਟਨਾ ਵਿਚ ਨਫੇ ਸਿੰਘ ਰਾਠੀ ਦੇ ਨਾਲ ਉਨ੍ਹਾਂ ਦਾ ਇਕ ਸਾਥੀ ਜੈਕਿਸਨ ਦਲਾਲ ਵੀ ਮਾਰਿਆ ਗਿਆ ਸੀ। ਉਸ ਦੇ ਸੁਰੱਖਿਆ ਮੁਲਾਜਮ ਅਤੇ ਭਤੀਜੇ ਨੂੰ ਵੀ ਗੋਲੀਆਂ ਲੱਗੀਆਂ, ਜਿਸ ਕਾਰਨ ਉਹ ਗੰਭੀਰ ਜਖਮੀ ਹੋ ਗਏ ਸਨ। ਇਸ ਮਾਮਲੇ ਵਿਚ ਪੁਲਸ ਨੇ ਹਮਲਾਵਰਾਂ ਨੂੰ ਗੱਡੀ ਮੁਹੱਈਆ ਕਰਵਾਉਣ ਵਾਲੇ ਇਕ ਸ਼ਖਸ ਨੂੰ ਗ੍ਰਿਫਤਾਰ ਕੀਤਾ ਹੈ, ਜਦਕਿ ਕਤਲ ਨੂੰ ਅੰਜਾਮ ਦੇਣ ਵਾਲੇ ਦੋ ਸਾਰਪ ਸੂਟਰਾਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ ਪਰ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋ ਸਾਰਪ ਸੂਟਰ ਅਜੇ ਤੱਕ ਪੁਲਸ ਦੀ ਪਹੁੰਚ ਤੋਂ ਬਾਹਰ ਹਨ। ਇਸ ਘਟਨਾ ਦੀ ਜ਼ਿੰਮੇਵਾਰੀ ਕਪਿਲ ਸਾਂਗਵਾਨ ਉਰਫ ਨੰਦੂ ਨੇ ਲਈ ਹੈ, ਜੋ ਵਿਦੇਸ 'ਚ ਗੈਂਗ ਚਲਾ ਰਿਹਾ ਸੀ। ਇਸ ਘਟਨਾ ਦੇ ਅਸਲ ਮਾਸਟਰਮਾਈਂਡ ਦਾ ਨਾਂ ਅਜੇ ਸਾਹਮਣੇ ਨਹੀਂ ਆਇਆ ਹੈ। ਹੁਣ ਦੇਖਣਾ ਇਹ ਹੈ ਕਿ ਸੀ. ਬੀ. ਆਈ. ਜਾਂਚ ਵਿਚ ਕਿਹੜੇ ਵੱਡੇ ਖੁਲਾਸੇ ਕਰਦੀ ਹੈ।

## ਉਪ ਰਾਸ਼ਟਰਪਤੀ ਨੇ ਦੇਸ਼ ਵਾਸੀਆਂ ਨੂੰ ਚੋਣਾਂ 'ਚ ਉਤਸਾਹ ਨਾਲ ਵੋਟ ਪਾਉਣ ਦੀ ਕੀਤੀ ਅਪੀਲ

ਜੈਤੋ 8 ਮਈ। ਉਪ ਰਾਸਟਰਪਤੀ ਜਗਦੀਪ ਧਨਖੜ ਨੇ ਦੇਸ ਵਾਸੀਆਂ ਨੂੰ ਚੋਣਾਂ 'ਚ ਉਤਸਾਹ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ ਹੈ। ਦੂਰਦਰਸਨ ਨੂੰ ਦਿੱਤੇ ਇੱਕ ਵੀਡੀਓ ਸੰਦੇਸ ਵਿੱਚ ਉਨ੍ਹਾਂ ਕਿਹਾ ਕਿ ਵੋਟ ਪਾਉਣਾ ਇੱਕ ਨਾਗਰਿਕ ਦਾ ਅਧਿਕਾਰ ਵੀ ਹੈ ਅਤੇ ਫਰਜ ਵੀ ਹੈ। ਤੁਹਾਡੀ ਵੋਟ ਸਾਸਨ ਪ੍ਰਣਾਲੀ ਵਿੱਚ ਤੁਹਾਡੀ ਭਾਗੀਦਾਰੀ ਨੂੰ ਯਕੀਨੀ ਬਣਾਏਗੀ। ਉਪ ਰਾਸਟਰਪਤੀ ਨੇ ਆਪਣੇ ਸੰਦੇਸ ਵਿੱਚ ਕਿਹਾ, 'ਮੇਰੀ ਬੇਨਤੀ! ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਵਿੱਚ ਵੋਟ ਪਾਓ, ਹਰ ਹਾਲਤ ਵਿੱਚ ਕਰੋ। ਲੋਕਤੰਤਰ ਵਿੱਚ ਜਨਤਾ ਹੀ ਸਾਡੇ ਮਾਲਕ ਹਨ, ਜਨਤਾ ਹੀ ਸਰਵਉੱਚ ਹੈ। ਤੁਹਾਡੀ ਵੋਟ ਭਾਰਤ ਦਾ ਵਰਤਮਾਨ, ਭਾਰਤ ਦਾ ਭਵਿੱਖ ਤੈਅ ਕਰੇਗੀ! ਵੋਟ ਪਾਉਣਾ ਤੁਹਾਡਾ ਅਧਿਕਾਰ ਹੈ, ਵੋਟ ਦੇਣਾ ਤੁਹਾਡਾ ਫਰਜ ਹੈ। ਤੁਹਾਡੀ ਵੋਟ ਸਾਸਨ ਪ੍ਰਣਾਲੀ ਵਿੱਚ ਤੁਹਾਡੀ ਭਾਗੀਦਾਰੀ ਨੂੰ ਯਕੀਨੀ ਬਣਾਏਗੀ, ਅਤੇ ਇਹ ਭਾਗੀਦਾਰੀ ਸਾਡੇ ਦੇਸ ਦੀ ਤਾਕਤ ਅਤੇ ਰੀੜ੍ਹ ਦੀ ਹੱਡੀ ਬਣੇਗੀ। ਇਹ ਤੁਹਾਡੀ ਵੋਟ ਹੈ ਜੋ ਸਾਸਨ ਦੇ ਰੂਪ, ਅਰਥਚਾਰੇ ਦੀ ਸਥਿਤੀ, ਵਿਸਵ ਵਿੱਚ ਸਾਡੀ ਸਕਤੀ ਨੂੰ ਪਰਿਭਾਸ਼ਿਤ ਕਰੇਗੀ। ਮੈਂ ਸਾਰਿਆਂ ਨੂੰ, ਖਾਸ ਕਰਕੇ ਪਹਿਲੀ ਵਾਰ ਵੋਟ ਪਾਉਣ ਵਾਲੇ



ਵੋਟਰਾਂ ਨੂੰ ਆਪਣੀ ਵੋਟ ਪਾਉਣ ਦੀ ਅਪੀਲ ਕਰਦਾ ਹਾਂ। ਇਸ ਮੌਕੇ ਨੂੰ ਨਾ ਗੁਆਓ, ਇਸਦਾ ਪਛਤਾਵਾ ਤੁਹਾਨੂੰ ਤੁਹਾਡੀ ਬਾਕੀ ਦੀ ਜ਼ਿੰਦਗੀ ਲਈ ਪਰੇਸਾਨ ਕਰੇਗਾ। ਮੈਂ ਹਰ ਵਾਰ ਵੋਟ ਪਾਈ ਹੈ ਇਸ ਵਾਰ ਵੀ ਵੋਟ ਪਾਵਾਂਗਾ। ਤੁਸੀਂ ਵੀ ਦਿਓ।

## ਚੰਡੀਗੜ੍ਹ 'ਚ ਗਰਮੀ ਦਾ ਕਹਿਰ, ਪਾਰਾ ਪੁੱਜਾ 40 ਤੋਂ ਪਾਰ

ਚੰਡੀਗੜ੍ਹ 8 ਮਈ। ਸ਼ਹਿਰ 'ਚ ਸੋਮਵਾਰ ਨੂੰ ਤਾਪਮਾਨ 40 ਡਿਗਰੀ ਪਾਰ ਹੋ ਗਿਆ। ਸੀਜ਼ਨ 'ਚ ਇਹ ਦੂਜਾ ਮੌਕਾ ਸੀ, ਜਦੋਂ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਪਾਰ ਕਰ ਗਿਆ। ਇਸ ਤੋਂ ਪਹਿਲਾਂ 4 ਮਈ ਨੂੰ ਪਾਰਾ 40.6 ਡਿਗਰੀ ਦਰਜ ਕੀਤਾ ਗਿਆ ਸੀ। ਐਤਵਾਰ ਰਾਤ ਹੀ ਘੱਟ ਤੋਂ ਘੱਟ ਤਾਪਮਾਨ 23.5 ਡਿਗਰੀ ਤੋਂ ਹੇਠਾ ਨਹੀਂ ਗਿਆ। ਇਸ ਕਾਰਨ ਸਵੇਰ ਤੋਂ ਹੀ ਤਪਿਸ਼ ਰਹੀ। ਦਿਨ ਦੇ ਨਾਲ-ਨਾਲ ਪਾਰਾ ਚੜ੍ਹਦਾ ਗਿਆ ਤੇ ਦੁਪਹਿਰ 'ਚ ਤਾਪਮਾਨ 40.2 ਡਿਗਰੀ ਹੋ ਗਿਆ। ਆਉਣ ਵਾਲੇ ਤਿੰਨ ਦਿਨਾਂ ਤੱਕ ਮੌਸਮ ਗਰਮ ਰਹੇਗਾ। ਹਾਲਾਂਕਿ 9 ਮਈ ਤੋਂ ਬਾਅਦ ਸਰਗਰਮ ਹੋਣ ਵਾਲੀ ਪੱਛਮੀ ਗੜਬੜੀ ਗਰਮੀ ਦੇ ਅਸਰ ਨੂੰ ਤਿੰਨ ਦਿਨਾਂ ਲਈ ਘੱਟ ਕਰੇਗੀ। ਇਸ ਤੋਂ ਪਹਿਲਾਂ ਚੰਡੀਗੜ੍ਹ ਦੇ ਮੌਸਮ 'ਚ ਗਰਮੀ ਬਣੀ ਰਹੇਗੀ। ਤਾਪਮਾਨ 40 ਡਿਗਰੀ ਦੇ ਆਸ-ਪਾਸ ਰਹੇਗਾ ਪਰ 9 ਮਈ ਤੋਂ ਇਕ ਮਜ਼ਬੂਤ ਪੱਛਮੀ ਗੜਬੜੀ ਸਰਗਰਮ ਹੋਣ ਦੀ ਸੰਭਾਵਨਾ ਹੈ, ਜੋ ਪੂਰੇ ਉੱਤਰ ਭਾਰਤ 'ਚ ਮੌਸਮ ਬਦਲੇਗੀ। ਪੱਛਮੀ ਗੜਬੜੀ ਸਰਗਰਮ ਹੋਣ ਨਾਲ ਮਿੱਟੀ ਭਰੀ ਹਵਾ ਤੇ ਮੀਂਹ ਦੇ ਵੀ ਆਸਾਰ ਬਣ ਰਹੇ ਹਨ। ਮੌਸਮ 'ਚ ਹੋਣ ਵਾਲੇ ਬਦਲਾਅ ਨਾਲ ਤਾਪਮਾਨ ਵਿਚ ਵੀ ਗਿਰਾਵਟ ਆਉਣ ਕਰ ਕੇ ਗਰਮੀ ਦਾ ਅਸਰ ਕੁਝ ਘੱਟ ਹੋ ਸਕਦਾ ਹੈ।

## ਸੈਮ ਪਿਤਰੋਦਾ ਨੇ ਇੰਡੀਅਨ ਓਵਰਸੀਜ ਕਾਂਗਰਸ ਦੇ ਪ੍ਰਧਾਨ ਦੇ ਅਹੁਦੇ ਤੋਂ ਦਿੱਤਾ ਅਸਤੀਫਾ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 8 ਮਈ। ਲੋਕ ਸਭਾ ਚੋਣਾਂ ਦੌਰਾਨ ਵਿਵਾਦਤ ਬਿਆਨਾਂ ਵਿੱਚ ਘਿਰੇ ਕਾਂਗਰਸੀ ਆਗੂ ਸੈਮ ਪਿਤਰੋਦਾ ਨੇ ਇੰਡੀਅਨ ਓਵਰਸੀਜ ਕਾਂਗਰਸ ਦੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਇਸ ਦੇ ਨਾਲ ਹੀ ਕਾਂਗਰਸ ਨੇ ਵੀ ਉਨ੍ਹਾਂ ਦਾ ਅਸਤੀਫਾ ਸਵੀਕਾਰ ਕਰ ਲਿਆ ਹੈ। ਪਾਰਟੀ ਨੇਤਾ ਜੈਰਾਮ ਰਮੇਸ ਨੇ ਖੁਦ ਸੋਸਲ ਮੀਡੀਆ ਪਲੇਟਫਾਰਮ ਐਕਸ 'ਤੇ ਇਹ ਜਾਣਕਾਰੀ ਦਿੱਤੀ ਹੈ। ਉਨ੍ਹਾਂ ਨੇ ਆਪਣੀ ਪੋਸਟ 'ਚ ਲਿਖਿਆ, "ਸੈਮ ਪਿਤਰੋਦਾ ਨੇ ਆਪਣੀ ਮਰਜੀ ਨਾਲ ਇੰਡੀਅਨ ਓਵਰਸੀਜ ਕਾਂਗਰਸ ਦੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇਣ ਦਾ ਫੈਸਲਾ ਕੀਤਾ ਹੈ। ਕਾਂਗਰਸ ਪ੍ਰਧਾਨ ਨੇ ਉਨ੍ਹਾਂ ਦਾ ਅਸਤੀਫਾ ਸਵੀਕਾਰ ਕਰ ਲਿਆ ਹੈ।" ਦਰਅਸਲ, ਇੰਡੀਅਨ ਓਵਰਸੀਜ ਕਾਂਗਰਸ ਦੇ ਚੇਅਰਮੈਨ ਸੈਮ ਪਿਤਰੋਦਾ ਦੀ ਇੱਕ ਵੀਡੀਓ ਸਾਹਮਣੇ ਆਇਆ ਹੈ, ਜਿਸ ਵਿੱਚ ਉਹ ਭਾਰਤ



ਦੇ ਵੱਖ-ਵੱਖ ਹਿੱਸਿਆਂ ਵਿੱਚ ਰਹਿਣ ਵਾਲੇ ਲੋਕਾਂ ਦੀ ਨਸਲੀ ਵਿਤਕਰੇ ਨਾਲ ਤੁਲਨਾ ਕਰਦੇ ਹੋਏ ਨਜਰ ਆ ਰਹੇ ਹਨ। ਵੀਡੀਓ 'ਚ ਪਿਤਰੋਦਾ ਪੂਰਬੀ ਭਾਰਤ ਦੇ ਲੋਕਾਂ ਦੀ ਚੀਨੀ ਅਤੇ ਦੱਖਣੀ ਭਾਰਤ ਦੇ ਲੋਕਾਂ ਦੀ ਅਫਰੀਕੀ ਲੋਕਾਂ ਨਾਲ ਤੁਲਨਾ ਕਰਦੇ ਨਜਰ ਆ ਰਹੇ ਹਨ। ਇਸ ਨੂੰ ਲੈ ਕੇ ਕਾਂਗਰਸ ਨਿਸਾਨੇ 'ਤੇ ਹੈ। ਹਾਲਾਂਕਿ ਪਾਰਟੀ ਨੇ ਪਿਤਰੋਦਾ ਦੇ ਬਿਆਨ ਤੋਂ ਦੂਰੀ ਬਣਾ ਲਈ ਹੈ। ਸੈਮ ਪਿਤਰੋਦਾ ਦੇ ਇਸ ਬਿਆਨ 'ਤੇ ਹੁਣ ਕਾਂਗਰਸ ਨੇ ਆਪਣੀ ਪ੍ਰਤੀਕਿਰਿਆ ਦਿੱਤੀ ਹੈ। ਕਾਂਗਰਸ ਪਾਰਟੀ ਨੇ ਪਿਤਰੋਦਾ ਦੇ ਬਿਆਨ ਤੋਂ ਪੂਰੀ ਤਰ੍ਹਾਂ ਦੂਰੀ ਬਣਾ ਲਈ ਹੈ। ਕਾਂਗਰਸ ਦੇ ਸੀਨੀਅਰ ਨੇਤਾ ਜੈਰਾਮ ਰਮੇਸ ਨੇ ਸੋਸਲ ਮੀਡੀਆ 'ਤੇ ਇਕ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਸੈਮ ਪਿਤਰੋਦਾ ਦੁਆਰਾ ਭਾਰਤ ਦੀ ਵਿਭਿੰਨਤਾ ਨੂੰ ਦਰਸਾਉਣ ਲਈ ਪੋਡਕਾਸਟ ਵਿਚ ਕੀਤੀ ਗਈ ਤੁਲਨਾ ਬੇਹੱਦ ਮੰਦਭਾਗੀ ਅਤੇ ਅਸਵੀਕਾਰਨਯੋਗ ਹੈ। ਇੰਡੀਅਨ ਨੈਸਨਲ ਕਾਂਗਰਸ ਆਪਣੇ ਆਪ ਨੂੰ ਇਨ੍ਹਾਂ ਸਮਾਨਤਾਵਾਂ ਤੋਂ ਪੂਰੀ ਤਰ੍ਹਾਂ ਵੱਖ ਕਰਦੀ ਹੈ।

## ਨਾਬਾਲਗਾਂ ਨੂੰ 'ਗੁੱਡ ਟੱਚ' ਤੇ 'ਬੈਡ ਟੱਚ' ਬਾਰੇ ਦੱਸਣਾ ਹੀ ਕਾਫੀ ਨਹੀਂ: ਦਿੱਲੀ ਹਾਈ ਕੋਰਟ

ਨਵੀਂ ਦਿੱਲੀ 8 ਮਈ। ਦਿੱਲੀ ਹਾਈ ਕੋਰਟ ਨੇ ਕਿਹਾ ਹੈ ਕਿ ਅੱਜ ਦੀ ਵਰਚੁਅਲ ਦੁਨੀਆਂ 'ਚ ਨਾਬਾਲਗਾਂ ਨੂੰ 'ਗੁੱਡ ਟੱਚ' ਤੇ 'ਬੈਡ ਟੱਚ' ਬਾਰੇ ਦੱਸਣਾ ਹੀ ਕਾਫੀ ਨਹੀਂ ਹੈ । ਬੱਚਿਆਂ ਨੂੰ 'ਵਰਚੁਅਲ ਟੱਚ' ਦੇ ਉੱਭਰਦੇ ਸੰਕਲਪ ਤੇ ਇਸ ਦੇ ਸੰਭਾਵੀ ਖਤਰਿਆਂ ਬਾਰੇ ਸਿੱਖਿਅਤ ਕਰਨਾ ਵੀ ਅਹਿਮ ਹੈ। ਅਦਾਲਤ ਨੇ ਕਿਹਾ ਕਿ ਉਨ੍ਹਾਂ ਨੂੰ ਢੁਕਵਾਂ ਆਨਲਾਈਨ ਵਤੀਰਾ ਸਿਖਾਉਣਾ, ਹਿੰਸਕ ਵਤੀਰੇ ਦੇ ਸੰਕੇਤਾਂ ਨੂੰ ਪਛਾਣਨਾ ਅਤੇ ਸੀਕ੍ਰੇਸੀ ਸੈਟਿੰਗਾਂ ਅਤੇ ਆਨਲਾਈਨ ਹੱਦਾਂ ਦੀ ਅਹਿਮੀਅਤ ਨੂੰ ਸਮਝਾਉਣਾ ਵੀ ਸਾਮਲ ਹੈ। ਅਦਾਲਤ ਨੇ ਇਹ ਟਿੱਪਣੀਆਂ ਕਮਲੇਸ ਦੇਵੀ ਨਾਂ ਦੀ ਔਰਤ ਦੀ ਜਮਾਨਤ ਦੀ ਪਟੀਸਨ ਨੂੰ ਰੱਦ ਕਰਦਿਆਂ ਕੀਤੀਆਂ। ਔਰਤ 'ਤੇ ਆਪਣੇ ਉਸ ਬੇਟੇ ਦੀ ਮਦਦ ਕਰਨ ਦਾ ਦੋਸ ਹੈ, ਜਿਸ 'ਤੇ ਇਕ ਨਾਬਾਲਗ ਕੁੜੀ ਨੂੰ ਅਗਵਾ ਕਰਨ, ਉਸ ਨੂੰ ਦੇਹ ਵਪਾਰ ਲਈ ਮਜਬੂਰ ਕਰਨ ਅਤੇ ਉਸ ਦਾ ਸੈਕਸ ਸੋਸਣ ਕਰਨ ਦਾ ਦੋਸ ਹੈ। ਦੋਸ ਇਹ ਵੀ ਹੈ ਕਿ ਰਾਜੀਵ ਨਾਂ ਦੇ ਉਕਤ ਵਿਅਕਤੀ ਨੇ ਸੋਸਲ ਮੀਡੀਆ ਰਾਹੀਂ 16 ਸਾਲ ਦੀ ਕੁੜੀ ਨਾਲ ਦੋਸਤੀ ਕੀਤੀ। ਜਦੋਂ ਉਹ ਉਸ ਨੂੰ ਮਿਲਣ ਆਈ ਤਾਂ ਉਹ ਉਸ ਨੂੰ ਅਗਵਾ ਕਰ ਕੇ ਲੈ ਗਿਆ।

# ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਦਾ ਵੱਡਾ ਬਿਆਨ, ਰਾਹੁਲ-ਪ੍ਰਿਅੰਕਾ ਵਿਚਾਲੇ ਚੱਲ ਰਹੀ ਹੈ ਨਾਰਾਜਗੀ

**ਤੇਜਿੰਦਰ ਕੌਰ ਬੱਬਰ**

ਨੈਸ਼ਨਲ ਡੈਸਕ 8 ਮਈ। ਲੋਕ ਸਭਾ ਚੋਣਾਂ 2024 ਦਰਮਿਆਨ ਮੱਧ ਪ੍ਰਦੇਸ ਦੇ ਮੁੱਖ ਮੰਤਰੀ ਮੋਹਨ ਯਾਦਵ ਨੇ ਮੀਡੀਆ ਨੂੰ ਦਿੱਤੇ ਇਕ ਬਿਆਨ 'ਚ ਕਿਹਾ ਹੈ ਕਿ ਗਾਂਧੀ ਪਰਿਵਾਰ 'ਚ ਦਰਾਰ ਪੈ ਚੁੱਕੀ ਹੈ। ਇਸ ਦਾ ਅਸਰ ਕਾਂਗਰਸ ਦੀ ਸੀਟ ਵੰਡ ਤੋਂ ਲੈ ਕੇ ਚੋਣ ਪ੍ਰਚਾਰ 'ਚ ਨਜਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਉੱਤਰ ਪ੍ਰਦੇਸ 'ਚ ਅਮੇਠੀ ਅਤੇ ਰਾਏਬਰੇਲੀ 'ਚ ਸੀਟਾਂ ਦੀ ਵੰਡ ਨੂੰ ਲੈ ਕੇ ਜੋ ਤਸਵੀਰ ਸਾਹਮਣੇ ਆਈ ਹੈ। ਉਸ ਤੋਂ ਇਹੀ ਸਮਝਿਆ ਜਾ ਸਕਦਾ ਹੈ ਕਿ ਰਾਹੁਲ ਗਾਂਧੀ ਅਤੇ ਪ੍ਰਿਅੰਕਾ ਗਾਂਧੀ ਵਿਚਾਲੇ ਨਾਰਾਜਗੀ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਦੋਵਾਂ ਦੇ ਪੋਸਟਰ ਵੱਖ-ਵੱਖ ਨਜਰ ਆ ਰਹੇ ਹਨ। ਦੋਵਾਂ ਦੇ ਚੋਣ ਲੜਨ ਦੀ ਚਰਚਾ ਸੀ ਪਰ ਸਿਰਫ ਰਾਹੁਲ ਨੇ ਹੀ ਨਾਮਜਦਗੀ ਦਾਖਲ ਕੀਤੀ। ਰਾਬਰਟ ਵਾਡਰਾ ਵੀ ਚੋਣ ਲੜਨਾ ਚਾਹੁੰਦੇ ਸਨ। ਉਨ੍ਹਾਂ ਨੇ ਖੁਦ ਇਸ ਗੱਲ ਦਾ ਸੰਕੇਤ ਦਿੱਤਾ ਸੀ ਪਰ ਉਨ੍ਹਾਂ ਨੂੰ ਵੀ ਟਿਕਟ ਨਹੀਂ ਮਿਲੀ। ਮੋਹਨ ਯਾਦਵ ਨੇ ਹਿੰਦੂਤਵ ਦਾ ਨਵਾਂ ਚਿਹਰਾ ਕਹੇ ਜਾਣ 'ਤੇ ਕਿਹਾ ਕਿ ਉਹ ਸਾਰਿਆਂ ਨੂੰ ਨਾਲ ਲੈ ਕੇ ਚੱਲਦੇ ਹਨ। ਜੇਕਰ ਉਨ੍ਹਾਂ ਦੀ ਪਾਰਟੀ ਅਤੇ



ਸਾਥੀ ਆਗੂ ਕਿਸੇ ਭਗਵਾਨ ਤੋਂ ਚੰਗੀਆਂ ਗੱਲਾਂ ਸਿੱਖਣ ਦੀ ਗੱਲ ਕਰਦੇ ਹਨ ਤਾਂ ਇਸ 'ਚ ਇਤਰਾਜ ਕੀ ਹੈ। ਆਪਣੇ ਯਾਦਵ ਹੋਣ 'ਤੇ ਉਨ੍ਹਾਂ ਕਿਹਾ ਕਿ ਉਹ ਤੈਰਾਕੀ, ਪੜ੍ਹਨਾ, ਲਿਖਣਾ ਅਤੇ ਕੁਸਤੀ ਕਰਨਾ ਜਾਣਦੇ ਹਨ। ਯਾਦਵ ਹੋਣ ਦਾ ਸਹੀ ਅਰਥ ਉਦੋਂ ਹੀ ਹੈ, ਜਦੋਂ ਤੁਸੀਂ ਇਨ੍ਹਾਂ ਗੱਲਾਂ ਨੂੰ ਜਾਣਦੇ ਹੋ। ਅਮੇਠੀ ਤੋਂ ਚੋਣ ਨਾ ਲੜਨ 'ਤੇ ਮੋਹਨ ਯਾਦਵ ਨੇ ਰਾਹੁਲ ਗਾਂਧੀ ਨੂੰ ਰਣਛੋੜ ਕਿਹਾ। ਉਨ੍ਹਾਂ ਕਿਹਾ ਕਿ ਜਦੋਂ ਉਹ ਅਮੇਠੀ 'ਚ ਸਮ੍ਰਿਤੀ ਇਰਾਨੀ ਲਈ ਚੋਣ ਪ੍ਰਚਾਰ ਕਰਨ ਗਏ ਸਨ ਤਾਂ ਸਮ੍ਰਿਤੀ ਨੇ ਉਨ੍ਹਾਂ ਨੂੰ ਕਿਹਾ ਸੀ,"ਮੈਂ ਤਾਂ ਮੰਨ ਕੇ ਚੱਲ ਰਹੀ ਸੀ ਕਿ ਰਾਹੁਲ ਗਾਂਧੀ ਨਹੀਂ ਆਉਣਗੇ ਪਰ ਤੁਸੀਂ ਪ੍ਰਚਾਰ ਕਰਨ ਲਈ ਆ ਗਏ, ਹੁਣ ਤਾਂ ਉਹ ਕਿਸੇ ਹਾਲਾਤ 'ਚ ਨਹੀਂ ਆਉਣਗੇ। ਇਹ ਅਜਿਹੇ ਰਣਛੋੜ ਹਨ, ਜੋ ਲੜਾਈ ਦੇ ਮੈਦਾਨ 'ਚ ਨਹੀਂ ਆਉਂਦੇ ਅਤੇ ਪਿੱਛੋਂ ਹਮਲਾ ਕਰਦੇ ਹਨ। ਉਨ੍ਹਾਂ ਨੇ ਅੱਗੇ ਕਿਹਾ ਕਿ ਅਮੇਠੀ 'ਚ ਪਿਛਲੇ 5 ਸਾਲਾਂ 'ਚ ਲਗਾਤਾਰ ਕੰਮ ਹੋਇਆ ਹੈ। ਮੋਹਨ ਯਾਦਵ ਤੋਂ ਜਦੋਂ ਪੁੱਛਿਆ ਗਿਆ ਕਿ ਕੀ ਬਿਹਾਰ ਅਤੇ ਉੱਤਰ ਪ੍ਰਦੇਸ ਦੇ ਯਾਦਵਾਂ ਨੂੰ ਲੁਭਾਉਣ ਲਈ ਉਨ੍ਹਾਂ ਨੂੰ ਮੁੱਖ ਮੰਤਰੀ ਬਣਾਇਆ ਗਿਆ ਹੈ ਤਾਂ ਉਨ੍ਹਾਂ ਕਿਹਾ ਕਿ ਇਹ ਕਾਂਗਰਸ ਅਤੇ ਵਿਰੋਧੀ ਪਾਰਟੀਆਂ ਦਾ ਦਿੱਤਾ ਹੋਇਆ ਬਿਆਨ ਹੈ। ਪੀ. ਐੱਮ. ਮੋਦੀ ਦੀ ਅਗਵਾਈ 'ਚ ਭਾਜਪਾ ਦਾ ਟੀਚਾ 'ਸਬਕਾ ਸਾਥ ਸਬਕਾ ਵਿਕਾਸ' ਹੈ ਅਤੇ ਕਰ ਕੇ ਵੀ ਦਿਖਾਇਆ ਹੈ। ਉਹ ਕਿਸੇ ਇਕ ਸਮਾਜ, ਰਾਜ ਜਾਂ ਖੇਤਰ ਨਾਲ ਨਹੀਂ ਜੁੜੇ ਹੋਏ ਹਨ। ਉਹ ਸਾਰਿਆਂ ਲਈ ਹੀ ਕੰਮ ਕਰਨਾ ਚਾਹੁੰਦੇ ਹਨ।

## ਚੋਣਾਂ ਦਰਮਿਆਨ ਭਾਜਪਾ ਨੂੰ ਲੱਗਾ ਝਟਕਾ, 3 ਆਜਾਦ ਵਿਧਾਇਕਾਂ ਨੇ ਨਾਇਬ ਸੈਣੀ ਸਰਕਾਰ ਤੋਂ ਸਮਰਥਨ ਲਿਆ ਵਾਪਸ

ਹਰਿਆਣਾ 8 ਮਈ। ਲੋਕ ਸਭਾ ਚੋਣਾਂ ਦਰਮਿਆਨ ਹਰਿਆਣਾ 'ਚ ਸੱਤਾਧਾਰੀ ਭਾਜਪਾ ਨੂੰ ਝਟਕਾ ਲੱਗਾ ਹੈ। ਤਿੰਨ ਆਜਾਦ ਵਿਧਾਇਕਾਂ ਨੇ ਮੰਗਲਵਾਰ ਨੂੰ ਐਲਾਨ ਕੀਤਾ ਕਿ ਉਨ੍ਹਾਂ ਨੇ ਰਾਜ 'ਚ ਨਾਇਬ ਸਿੰਘ ਸੈਣੀ ਦੀ ਅਗਵਾਈ ਵਾਲੀ ਸਰਕਾਰ ਤੋਂ ਆਪਣਾ ਸਮਰਥਨ ਵਾਪਸ ਲੈ ਲਿਆ ਹੈ। ਤਿੰਨੋਂ ਵਿਧਾਇਕਾਂ- ਸੋਮਬੀਰ ਸਾਂਗਵਾਨ, ਰਣਧੀਰ ਗੋਲੇਨ ਅਤੇ ਧਮਰਪਾਲ ਗੋਂਡਰ ਨੇ ਇਹ ਵੀ ਕਿਹਾ ਕਿ ਉਨ੍ਹਾਂ ਨੇ ਚੋਣਾਂ ਦੌਰਾਨ ਕਾਂਗਰਸ ਨੂੰ ਸਮਰਥਨ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਨੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੂਪਿੰਦਰ ਸਿੰਘ ਹੁੱਡਾ ਅਤੇ ਰਾਜ ਕਾਂਗਰਸ ਮੁਖੀ ਉਦੇ ਭਾਨ ਦੀ ਮੌਜੂਦਗੀ 'ਚ ਰੋਹਤਕ 'ਚ ਆਯੋਜਿਤ ਇਕ ਪੱਤਰਕਾਰ ਸੰਮੇਲਨ 'ਚ ਇਹ ਐਲਾਨ ਕੀਤਾ। ਗੋਂਡਰ ਨੇ ਕਿਹਾ,"ਅਸੀਂ ਸਰਕਾਰ ਤੋਂ ਸਮਰਥਨ ਵਾਪਸ ਲੈ ਰਹੇ ਹਾਂ। ਅਸੀਂ ਕਾਂਗਰਸ ਨੂੰ ਆਪਣਾ ਸਮਰਥਨ ਦੇ ਰਹੇ ਹਾਂ।" ਉਨ੍ਹਾਂ ਕਿਹਾ,"ਅਸੀਂ ਕਿਸਾਨਾਂ ਨਾਲ ਜੁੜੇ ਮੁੱਦਿਆਂ ਸਮੇਤ ਵੱਖ-ਵੱਖ ਮੁੱਦਿਆਂ 'ਤੇ ਇਹ ਫੈਸਲਾ ਹੈ।" ਪ੍ਰੈੱਸ ਕਾਨਫਰੰਸ 'ਚ ਬੋਲਦੇ ਹੋਏ ਉਦੇ ਭਾਨ ਨੇ ਕਿਹਾ,"ਤਿੰਨ ਆਜਾਦ ਵਿਧਾਇਕਾਂ- ਸੋਮਬੀਰ ਸਾਂਗਵਾਨ, ਰਣਧੀਰ ਸਿੰਘ ਗੋਲੇਨ ਅਤੇ ਧਰਮਪਾਲ ਗੋਂਡਰ ਨੇ ਭਾਜਪਾ ਸਰਕਾਰ ਤੋਂ ਸਮਰਥਨ ਵਾਪਸ ਲੈ ਲਿਆ ਹੈ ਅਤੇ ਕਾਂਗਰਸ ਨੂੰ ਆਪਣਾ ਸਮਰਥਨ ਦਿੱਤਾ ਹੈ।" ਉਦੇ ਭਾਨ ਨੇ ਕਿਹਾ,"ਮੈਂ ਇਹ ਕਹਿਣਾ ਚਾਹੁੰਦਾ ਹਾਂ ਕਿ (90 ਮੈਂਬਰੀ) ਹਰਿਆਣਾ ਵਿਧਾਨ ਸਭਾ ਦੀ ਮੌਜੂਦਾ ਤਾਕਤ 88 ਹੈ, ਜਿਸ 'ਚੋਂ ਭਾਜਪਾ ਦੇ 40 ਮੈਂਬਰ



ਮੈਂਬਰ ਹਨ। ਭਾਜਪਾ ਸਰਕਾਰ ਨੂੰ ਪਹਿਲੇ ਜੇ.ਜੇ.ਪੀ. (ਜਨਨਾਇਕ ਜਨਤਾ ਪਾਰਟੀ) ਵਿਧਾਇਕਾਂ ਅਤੇ ਆਜਾਦ ਵਿਧਾਇਕਾਂ ਦਾ ਸਮਰਥਨ ਪ੍ਰਾਪਤ ਸੀ ਪਰ ਜੇ.ਜੇ.ਪੀ. ਨੇ ਵੀ ਸਮਰਥਨ ਵਾਪਸ ਲੈ ਲਿਆ ਸੀ ਅਤੇ ਹੁਣ ਆਜਾਦ ਨੇ ਸਮਰਥਨ ਵਾਪਸ ਲੈ ਲਿਆ ਹੈ।" ਭਾਨ ਨੇ ਕਿਹਾ,"ਨਾਇਬ ਸਿੰਘ ਸੈਣੀ ਸਰਕਾਰ ਹੁਣ ਘੱਟ ਗਿਣਤੀ ਸਰਕਾਰ ਹੈ। ਸੈਣੀ ਨੂੰ ਆਪਣਾ ਅਸਤੀਫਾ ਦੇ ਦੇਣਾ ਚਾਹੀਦਾ, ਕਿਉਂਕਿ ਉਨ੍ਹਾਂ ਨੂੰ ਇਕ ਮਿੰਟ ਵੀ ਰਹਿਣ ਦਾ ਅਧਿਕਾਰ ਨਹੀਂ ਹੈ।"

# ਸਾਵਧਾਨ ! ਜਲੰਧਰ 'ਚ ਬਾਬੇ ਦਾ ਰੂਪ ਧਾਰਨ ਕਰ ਘੁੰਮ ਰਹੇ ਨੌਸਰਬਾਜ, ਪਤੀ-ਪਤਨੀ ਨਾਲ ਵਾਪਰੀ ਘਟਨਾ ਜਾਣ ਹੋਵੋਗੇ ਹੈਰਾਨ

ਜਲੰਧਰ 8 ਮਈ। ਦੋਆਬਾ ਚੌਂਕ ਵਿਚ ਇਕ ਕਥਿਤ ਬਾਬੇ ਅਤੇ ਉਸ ਦੀ ਟੀਮ ਵਿਚ ਸ਼ਾਮਲ ਜੋੜੇ ਨੇ ਕਾਰੋਬਾਰੀ ਅਤੇ ਉਸ ਦੀ ਪਤਨੀ ਕੋਲੋਂ 4 ਤੋਲੇ ਸੋਨੇ



ਦੇ ਗਹਿਣੇ ਠੱਗ ਲਏ। ਇਸ ਸਬੰਧੀ ਥਾਣਾ ਨੰਬਰ 8 ਦੀ ਪੁਲਸ ਨੂੰ ਸ਼ਿਕਾਇਤ ਦਿੱਤੀ ਗਈ ਹੈ। ਪੁਲਸ ਸੀ. ਸੀ. ਟੀ. ਵੀ. ਕੈਮਰੇ ਘੋਖ ਕੇ ਮੁਲਜਮਾਂ ਦੀ ਪਛਾਣ ਕਰਨ ਵਿਚ ਜੁਟੀ ਹੋਈ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਕਾਰੋਬਾਰੀ ਯੋਗੇਸ਼ ਕੁਮਾਰ ਨੇ ਦੱਸਿਆ ਕਿ ਉਹ ਅਮਨ ਨਗਰ ਦੇ ਰਹਿਣ ਵਾਲੇ ਹਨ। ਸ਼ੁੱਕਰਵਾਰ ਨੂੰ ਉਹ ਪ੍ਰਤਾਪ ਬਾਗ ਨੇੜੇ ਲੱਗਣ ਵਾਲੀ ਸਬਜੀ ਮੰਡੀ ਤੋਂ ਪਤਨੀ ਸਮੇਤ ਸਬਜੀ ਲੈ ਕੇ ਐਕਟਿਵਾ 'ਤੇ ਘਰ ਮੁੜ ਰਹੇ ਸਨ। ਜਿਉਂ ਹੀ ਉਹ ਕਿਸ਼ਨਪੁਰਾ ਚੌਂਕ ਤੋਂ ਦੋਆਬਾ ਚੌਂਕ ਵੱਲ ਜਾਂਦੀ ਸੜਕ 'ਤੇ ਪੁੱਜੇ ਤਾਂ ਇਕ ਬਾਬੇ ਨੇ ਉਨ੍ਹਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਪਰ ਉਹ ਨਜਰਅੰਦਾਜ ਕਰਕੇ ਅੱਗੇ ਨਿਕਲ ਗਏ। ਦੋਆਬਾ ਚੌਂਕ ਤੋਂ ਉਨ੍ਹਾਂ ਫਰੂਟ ਲੈਣਾ ਸੀ। ਉਹ ਫਰੂਟ ਲੈਣ ਲਈ ਰੁਕੇ ਤਾਂ ਉਹ ਬਾਬਾ ਉਥੇ ਪਹੁੰਚ ਗਿਆ ਅਤੇ ਸੇਵਾ ਮੰਗਣ ਲੱਗਾ। ਯੋਗੇਸ਼ ਨੇ ਕਿਹਾ ਕਿ ਬਾਬੇ ਨੂੰ ਉਨ੍ਹਾਂ ਜਾਣ ਲਈ ਕਿਹਾ ਤਾਂ ਉਹ ਚਲਾ ਗਿਆ। ਇਸੇ ਦੌਰਾਨ ਇਕ ਜੋੜਾ ਉਨ੍ਹਾਂ ਕੋਲ ਆਇਆ ਅਤੇ ਬਾਬੇ ਬਾਰੇ ਪੁੱਛਣ ਲੱਗਾ। ਯੋਗੇਸ਼ ਨੇ ਉਨ੍ਹਾਂ ਨੂੰ ਦੱਸਿਆ ਕਿ ਬਾਬਾ ਸੇਵਾ ਮੰਗ ਰਿਹਾ ਸੀ ਅਤੇ ਉਨ੍ਹਾਂ ਮਨ੍ਹਾ ਕਰ ਦਿੱਤਾ। ਇਸ ਦੌਰਾਨ ਜੋੜੇ ਨੇ ਕਿਹਾ ਕਿ ਉਨ੍ਹਾਂ ਦੀ ਮਾਂ ਦੀਆਂ ਅੱਖਾਂ ਇਸੇ ਬਾਬੇ ਨੇ ਠੀਕ ਕੀਤੀਆਂ ਹਨ। ਇਹ ਗਹਿਣੇ ਤਕ ਡਬਲ ਕਰ ਦਿੰਦਾ ਹੈ ਅਤੇ ਸਭ ਦਾ ਭਲਾ ਕਰਦਾ ਹੈ। ਇਸ ਦੌਰਾਨ ਕਥਿਤ ਬਾਬਾ ਉਥੇ ਆ ਗਿਆ, ਜਦਕਿ ਜੋੜੇ ਨੇ ਵੀ ਕਿਹਾ ਕਿ ਉਨ੍ਹਾਂ ਵੀ ਬਾਬੇ ਨੂੰ ਗਹਿਣੇ ਦਿੱਤੇ ਸਨ, ਜਿਨ੍ਹਾਂ ਨੂੰ ਕੱਪੜੇ ਵਿਚ ਬੰਨ੍ਹ ਕੇ ਬਾਬੇ ਨੇ ਧਿਆਨ ਲਾਇਆ ਅਤੇ ਬਾਅਦ ਵਿਚ ਸਭ ਕੁਝ ਡਬਲ ਹੋ ਗਿਆ। ਯੋਗੇਸ਼ ਨੇ ਕਿਹਾ ਕਿ ਉਨ੍ਹਾਂ ਲੋਕਾਂ ਨੇ ਉਸ ਦਾ ਮਾਈਂਡਵਾਸ਼ ਕਰ ਦਿੱਤਾ ਅਤੇ ਉਨ੍ਹਾਂ ਲਗਭਗ 4 ਤੋਲੇ ਸੋਨੇ ਦੇ ਗਹਿਣੇ ਬਾਬੇ ਨੂੰ ਫੜਾ ਦਿੱਤੇ, ਜਿਹੜੇ ਉਸ ਨੇ ਕੱਪੜੇ ਵਿਚ ਰੱਖੇ ਅਤੇ ਗੰਢਾਂ ਮਾਰ ਕੇ ਕੱਪੜਾ ਉਸ ਨੂੰ ਵਾਪਸ ਫੜਾ ਦਿੱਤਾ ਅਤੇ ਕਿਹਾ ਕਿ ਇਹ ਕੱਪੜਾ ਘਰ ਜਾ ਕੇ ਖੋਲ੍ਹਣਾ। ਇਸ ਦੌਰਾਨ ਬਾਬਾ ਅਤੇ ਜੋੜਾ ਵੀ ਗਾਇਬ ਹੋ ਗਏ। ਯੋਗੇਸ਼ ਦੀ ਪਤਨੀ ਨੂੰ ਸ਼ੱਕ ਹੋਇਆ ਤਾਂ ਉਨ੍ਹਾਂ ਕੱਪੜੇ ਨੂੰ ਖੋਲ੍ਹਣ ਦਾ ਸੋਚਿਆ। ਯੋਗੇਸ਼ ਨੇ ਕਿਹਾ ਕਿ ਕੱਪੜੇ ਨੂੰ ਗੰਢਾਂ ਕਾਫੀ ਜ਼ਿਆਦਾ ਸਨ, ਜਿਨ੍ਹਾਂ ਨੂੰ ਖੋਲ੍ਹਦਿਆਂ ਸਮਾਂ ਲੱਗ ਗਿਆ। ਜਦੋਂ ਕੱਪੜਾ ਖੁੱਲ੍ਹਿਆ ਤਾਂ ਉਸ ਵਿਚ ਭੰਗ ਸੀ। ਉਨ੍ਹਾਂ ਰੌਲਾ ਪਾਇਆ ਅਤੇ ਉਕਤ ਨੌਸਰਬਾਜਾਂ ਨੂੰ ਲੱਭਣ ਦੀ ਕੋਸ਼ਿਸ਼ ਵੀ ਕੀਤੀ ਪਰ ਉਹ ਫਰਾਰ ਹੋ ਚੁੱਕੇ ਸਨ। ਇਸ ਸਬੰਧੀ ਪੁਲਸ ਕੰਟਰੋਲ ਰੂਮ ਵਿਚ ਸੂਚਨਾ ਦਿੱਤੀ ਗਈ, ਜਿਸ ਤੋਂ ਬਾਅਦ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ। ਫਿਲਹਾਲ ਮੁਲਜਮਾਂ ਬਾਰੇ ਕੋਈ ਸੁਰਾਗ ਨਹੀਂ ਲੱਗਾ।

## ਨਸ਼ੇ ਨੇ ਉਜਾੜਿਆ ਇਕ ਹੋਰ ਘਰ, 4 ਦਿਨਾਂ ਬਾਅਦ ਪਿੰਡ ਦੀਆਂ ਮੜ੍ਹੀਆਂ 'ਚੋਂ ਮਿਲੀ ਨੌਜਵਾਨ ਦੀ ਲਾਸ਼

ਗੁਰੂ ਕਾ ਬਾਗ 8 ਮਈ। ਹਲਕਾ ਅਜਨਾਲਾ ਦੇ ਪਿੰਡ ਤੇੜਾ ਕਲਾਂ ਵਿਖੇ ਅੱਜ ਇਕ ਨੌਜਵਾਨ ਦੀ ਨਸੇ ਵਾਲਾ ਟੀਕਾ ਲਾਉਣ ਕਾਰਨ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਨੌਜਵਾਨ ਦੇ ਤਾਏ ਸੁਬੇਗ ਸਿੰਘ ਨੇ ਦੱਸਿਆ ਕਿ ਉਸ ਦਾ ਭਤੀਜਾ ਹਰਵਿੰਦਰ ਸਿੰਘ ਹਿੰਦੂ (32) ਪੁੱਤਰ ਜਗਤਾਰ ਸਿੰਘ ਨਸੇ ਦਾ ਆਦੀ ਸੀ ਤੇ ਬੀਤੇ ਵੀਰਵਾਰ ਤੋਂ ਘਰੋਂ ਗਾਇਬ ਸੀ। ਉਸ ਦੀ ਗੁੰਮਸੁਦਗੀ ਸਬੰਧੀ ਥਾਣਾ ਝੰਡੇਰ ਵਿਖੇ ਰਿਪੋਰਟ ਵੀ ਦਰਜ ਕਰਵਾਈ ਗਈ ਸੀ, ਜਦਕਿ ਅੱਜ ਖੇਤਾਂ 'ਚ ਤੂੜੀ ਬਣਾ ਰਹੇ ਕੁਝ ਲੋਕਾਂ ਨੇ ਪਿੰਡ ਦੇ ਬਾਹਰਵਾਰ ਮੜ੍ਹੀਆਂ 'ਚ ਉਸ ਦੀ ਲਾਸ ਨੂੰ ਵੇਖਿਆ ਤੇ ਉਸ ਦੇ ਘਰ ਵਾਲਿਆਂ ਨੂੰ ਸੂਚਿਤ ਕੀਤਾ। ਘਰ ਵਾਲਿਆਂ ਨੇ ਜਾ ਕੇ ਵੇਖਿਆ ਤਾਂ ਨਸੇ ਵਾਲੀ ਸੂਈ ਉਸ ਦੀ ਬਾਂਹ 'ਚ ਲੱਗੀ ਹੋਈ ਸੀ। ਇਸ 'ਤੇ ਪਰਿਵਾਰਕ ਮੈਂਬਰਾਂ ਵਲੋਂ ਤੁਰੰਤ ਥਾਣਾ ਝੰਡੇਰ ਦੀ ਪੁਲਸ ਨੂੰ ਸੂਚਿਤ ਕੀਤਾ ਗਿਆ, ਜਿਸ 'ਤੇ ਥਾਣਾ ਮੁਖੀ ਦਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਨੇ ਮੌਕੇ 'ਤੇ ਪਹੁੰਚ ਕੇ ਲਾਸ ਨੂੰ ਕਬਜੇ 'ਚ ਲੈ ਕੇ 174 ਦੀ ਕਾਰਵਾਈ ਕਰਦਿਆਂ ਪੋਸਟਮਾਰਟਮ ਕਰਵਾਉਣ ਉਪਰੰਤ ਲਾਸ ਨੂੰ ਵਾਰਿਸਾਂ ਦੇ ਹਵਾਲੇ ਸੌਂਪ ਦਿੱਤਾ।

## ਸਹੁਰਿਆਂ ਨੇ ਨੂੰਹ ਨੂੰ ਕੁੱਟ-ਕੁੱਟ ਕੇ ਉਤਾਰਿਆ ਮੌਤ ਦੇ ਘਾਟ, ਪਤੀ ਸਮੇਤ ਸੱਸ-ਸਹੁਰਾ ਹੋਏ ਫਰਾਰ

ਬਟਾਲਾ 8 ਮਈ। ਬਟਾਲਾ ਦੇ ਨੇੜਲੇ ਪਿੰਡ ਖਾਸਾਂਵਾਲੀ ਵਿਖੇ ਇਕ ਸਹੁਰੇ ਪਰਿਵਾਰ ਵਲੋਂ ਆਪਣੀ ਨਵ-ਵਿਆਹੀ ਨੂੰਹ ਨੂੰ ਕੁੱਟ-ਕੁੱਟ ਕੇ ਮੌਤ ਦੇ ਘਾਟ ਉਤਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦਿਆਂ ਥਾਣਾ ਡੇਰਾ ਬਾਬਾ ਨਾਨਕ ਦੇ ਐੱਸ.ਐੱਚ.ਓ. ਇੰਸਪੈਕਟਰ ਜਸਪਾਲ ਸਿੰਘ ਨੇ ਦੱਸਿਆ ਕਿ ਮੋਨਿਕਾ ਪੁੱਤਰੀ ਮਾਨਾ ਮਸੀਹ ਵਾਸੀ ਕਲਾਨੌਰ, ਜਿਸ ਦਾ ਕਿ ਕਰੀਬ 6 ਮਹੀਨੇ ਪਹਿਲਾਂ ਸੂਰਜ ਪੁੱਤਰ ਦਰਸ਼ਨ ਵਾਸੀ ਪਿੰਡ ਖਾਸਾਂਵਾਲੀ ਨਾਲ ਵਿਆਹ ਹੋਇਆ ਸੀ ਅਤੇ ਪੇਸ਼ੇ ਵਜੋਂ ਇਸ ਦਾ ਪਤੀ ਸੂਰਜ ਟਰੱਕ ਡਰਾਈਵਰ ਦਾ ਕੰਮ ਕਰਦਾ ਹੈ। ਥਾਣਾ ਮੁਖੀ ਨੇ ਦੱਸਿਆ ਕਿ ਮੋਨਿਕਾ ਨੂੰ ਉਸ ਦੇ ਪਤੀ ਸਮੇਤ ਸਹੁਰੇ ਦਰਸ਼ਨ ਅਤੇ ਸੱਸ ਬਲਵਿੰਦਰ ਨੇ ਕੁੱਟ-ਕੁੱਟ ਕੇ ਮੌਤ ਦੇ ਘਾਟ ਉਤਾਰ ਦਿੱਤਾ ਅਤੇ ਫਰਾਰ ਹੋ ਗਏ। ਐੱਸ.ਐੱਚ.ਓ. ਨੇ ਦੱਸਿਆ ਕਿ ਇਸ ਬਾਰੇ ਸੂਚਨਾ ਮਿਲਦਿਆਂ ਹੀ ਉਨ੍ਹਾਂ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਂਦਿਆਂ ਮ੍ਰਿਤਕਾ ਦੀ ਲਾਸ਼ ਨੂੰ ਕਬਜ਼ੇ ਵਿਚ ਲੈਣ ਉਪਰੰਤ ਪੋਸਟਮਾਰਟਮ ਲਈ ਸਿਵਲ ਹਸਪਤਾਲ ਬਟਾਲਾ ਵਿਖੇ ਭੇਜ ਦਿੱਤਾ ਹੈ ਅਤੇ ਇਸ ਸਬੰਧੀ ਥਾਣਾ ਡੇਰਾ ਬਾਬਾ ਨਾਨਕ ਵਿਖੇ ਮ੍ਰਿਤਕਾ ਦੀ ਮਾਤਾ ਮੀਨੂੰ ਮਸੀਹ ਦੇ ਬਿਆਨਾਂ 'ਤੇ ਪਤੀ ਸੂਰਜ ਸਮੇਤ ਸੱਸ ਤੇ ਸਹੁਰੇ ਵਿਰੁੱਧ ਕਤਲ ਦਾ ਕੇਸ ਦਰਜ ਕਰ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਪੰਜਾਬ ਦੇ ਨੈਸ਼ਨਲ ਹਾਈਵੇਅ 'ਤੇ ਭਿਆਨਕ ਹਾਦਸਾ, ਦੇਖਣ ਵਾਲਿਆਂ ਦੀ ਕੰਬ ਗਈ ਰੂਹ

ਖੰਨਾ 8 ਮਈ। ਇੱਥੇ ਖੰਨਾ 'ਚ ਨੈਸ਼ਨਲ ਹਾਈਵੇਅ 'ਤੇ ਇਕ ਟਰੱਕ ਅਤੇ ਕੈਂਟਰ ਦੀ ਟੱਕਰ ਦੌਰਾਨ ਭਿਆਨਕ ਹਾਦਸਾ ਵਾਪਰਿਆ। ਇਸ ਹਾਦਸੇ ਦੌਰਾਨ ਕੈਂਟਰ 'ਚ ਇਕ ਵਿਅਕਤੀ ਬੁਰੀ ਤਰ੍ਹਾਂ ਫਸ ਗਿਆ, ਜਿਸ ਨੂੰ ਲੋਕਾਂ ਨੇ ਬੜੀ ਮੁਸ਼ਕਲ ਨਾਲ ਬਾਹਰ ਕੱਢਿਆ ਪਰ ਉਸ ਨੂੰ ਬਚਾਇਆ ਨਹੀਂ ਜਾ ਸਕਿਆ। ਇਸ ਹਾਦਸੇ ਨੂੰ ਦੇਖਣ ਵਾਲਿਆਂ ਦੀ ਰੂਹ ਕੰਬ ਗਈ। ਜਾਣਕਾਰੀ ਮੁਤਾਬਕ ਮ੍ਰਿਤਕ ਦੀ ਪਛਾਣ ਨਰੇਸ਼ ਕੁਮਾਰ ਵਾਸੀ ਚੁਰੂ (ਰਾਜਸਥਾਨ) ਦੇ ਤੌਰ 'ਤੇ ਹੋਈ ਹੈ। ਨਰੇਸ਼ ਕੁਮਾਰ ਆਪਣੇ ਸਾਥੀ ਸਮੇਤ ਕੈਂਟਰ 'ਚ ਲੁਧਿਆਣਾ ਵੱਲ ਜਾ ਰਿਹਾ ਸੀ ਤਾਂ ਲਿੱਬੜਾ ਨੇੜੇ ਸੜਕ ਕਿਨਾਰੇ ਖੜ੍ਹੇ ਇਕ ਟਰੱਕ ਨਾਲ ਕੈਂਟਰ ਦੀ ਟੱਕਰ ਹੋ ਗਈ। ਟੱਕਰ ਤੋਂ ਬਾਅਦ ਕੈਂਟਰ ਦੇ ਚਾਲਕ ਨੇ ਕਿਸੇ ਤਰੀਕੇ ਖੁਦ ਨੂੰ ਬਾਹਰ ਕੱਢ




ਲਿਆ ਪਰ ਉਸ ਦਾ ਕਲੀਨਰ ਬੁਰੀ ਤਰ੍ਹਾਂ ਕੈਂਟਰ 'ਚ ਫਸ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਸਮਾਜ ਸੇਵੀਆਂ ਅਤੇ ਪਿੰਡ ਦੇ ਲੋਕਾਂ ਨੇ ਲਹੂ-ਲੁਹਾਨ ਹਾਲਤ 'ਚ ਕਲੀਨਰ ਨੂੰ ਕੈਂਟਰ 'ਚੋਂ ਬਾਹਰ ਕੱਢਿਆ ਅਤੇ ਉਸ ਨੂੰ ਸਿਵਲ ਹਸਪਤਾਲ ਪਹੁੰਚਾਇਆ ਪਰ ਉਸ ਨੂੰ ਬਚਾਇਆ ਨਹੀਂ ਜਾ ਸਕਿਆ। ਹਾਦਸੇ ਦੌਰਾਨ ਟਰੱਕ ਦਾ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ। ਸੜਕ ਸੁਰੱਖਿਆ ਫੋਰਸ ਦੇ ਏ. ਐੱਸ. ਆਈ. ਸੁਖਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਕੰਟਰੋਲ ਰੂਮ ਤੋਂ ਸੂਚਨਾ ਮਿਲੀ ਸੀ ਤਾਂ ਉਹ 5 ਮਿੰਟਾਂ ਅੰਦਰ ਹੀ ਲਿੱਬੜਾ ਪਹੁੰਚ ਗਏ ਸਨ।

## ਬੀਜਦ ਨੇਤਾ ਦਾ ਵੱਡਾ ਬਿਆਨ- ਕੁਆਰੇ ਹਨ ਰਾਹੁਲ, ਵਿਆਹ 'ਤੇ ਗਿਆਨ ਨਾ ਦੇਣ

ਓਡੀਸ਼ਾ 8 ਮਈ। ਓਡੀਸ਼ਾ ਦੇ ਮੁੱਖ ਮੰਤਰੀ ਨਵੀਨ ਪਟਨਾਇਕ ਦੇ ਨਜਦੀਕੀ ਅਤੇ ਬੀਜੂ ਜਨਤਾ ਦਲ (ਬੀਜਦ) ਦੇ ਨੇਤਾ ਵੀ. ਕੇ. ਪਾਂਡਿਅਨ ਨੇ ਲੋਕ ਸਭਾ ਤੇ ਵਿਧਾਨ ਸਭਾ ਚੋਣਾਂ 2024 ਨੂੰ ਲੈ ਕੇ ਵੱਖ-ਵੱਖ ਸਵਾਲਾਂ 'ਤੇ ਵੱਡੇ ਬਿਆਨ ਦਿੱਤੇ ਹਨ। ਉਨ੍ਹਾਂ ਕਿਹਾ ਹੈ ਕਿ ਓਡੀਸ਼ਾ 'ਚ ਬੀਜਦ ਵਿਧਾਨ ਸਭਾ ਚੋਣਾਂ 'ਚ ਕਲੀਨ ਸਵੀਪ ਕਰੇਗੀ। ਉਨ੍ਹਾਂ ਇਹ ਵੀ ਕਿਹਾ ਹੈ ਕਿ ਬੀਜਦ ਨੂੰ ਓਡੀਸ਼ਾ 'ਚ ਜ਼ਿਆਦਾ ਲੋਕ



ਸਭਾ ਸੀਟਾਂ ਮਿਲਣਗੀਆਂ। ਪਾਂਡਿਅਨ ਨੇ ਆਪਣੇ ਬਿਆਨ ਵਿਚ 'ਵਿਆਹ' ਸ਼ਬਦ ਸਬੰਧੀ ਵੀ ਰਾਹੁਲ ਗਾਂਧੀ 'ਤੇ ਨਿਸ਼ਾਨਾ ਲਾਇਆ ਹੈ ਅਤੇ ਉਨ੍ਹਾਂ ਨੂੰ ਸਲਾਹ ਨਾ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਓਡੀਸ਼ਾ 'ਚ ਰਾਹੁਲ ਗਾਂਧੀ ਵੱਲੋਂ ਭਾਜਪਾ ਤੇ ਬੀਜਦ ਦੇ ਫਿਕਸ ਮੈਚ ਦੇ ਦੋਸ਼ਾਂ 'ਤੇ ਵੀ ਜਵਾਬ ਦਿੱਤਾ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ ਖਾਸ ਤੌਰ 'ਤੇ 'ਵਿਆਹ' ਸ਼ਬਦ ਦੀ ਵਰਤੋਂ ਕੀਤੀ ਹੈ। ਪਾਂਡਿਅਨ ਨੇ ਕਿਹਾ ਕਿ ਰਾਹੁਲ ਗਾਂਧੀ ਖੁਦ ਕੁਆਰੇ ਹਨ, ਇਸ ਲਈ ਉਨ੍ਹਾਂ ਨੂੰ ਵਿਆਹ ਤੇ ਰਿਲੇਸ਼ਨਸ਼ਿਪ 'ਤੇ ਗਿਆਨ ਨਹੀਂ ਦੇਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸੀ.ਐੱਮ. ਦਾ ਵਿਚਾਰ ਹੈ ਕਿ ਸ਼ਾਲੀਨਤਾ ਨੂੰ ਪਾਰ ਨਹੀਂ ਕੀਤਾ ਜਾਣਾ ਚਾਹੀਦਾ। ਇਸ ਦਾ ਮਤਲਬ ਇਹ ਨਹੀਂ ਕਿ ਅਸੀਂ ਕਿਸੇ ਦਾ ਸਹਿਯੋਗ ਕਰ ਰਹੇ ਹਾਂ।

# ਅਦਾਲਤ 'ਚ ਪੇਸ਼ੀ ਦੌਰਾਨ ਭੱਜਣ ਵਾਲਾ ਹਵਾਲਾਤੀ ਸਾਥੀ ਸਮੇਤ ਗ੍ਰਿਫਤਾਰ

ਸ੍ਰੀ ਮੁਕਤਸਰ ਸਾਹਿਬ 8 ਮਈ। ਸ੍ਰੀ ਮੁਕਤਸਰ ਸਾਹਿਬ ਪੁਲਸ ਨੇ ਜ਼ਿਲ੍ਹਾ ਜੇਲ੍ਹ ਸ੍ਰੀ ਮੁਕਤਸਰ ਸਾਹਿਬ ਵਿੱਚ ਬੰਦ ਹਵਾਲਾਤੀ ਜੋ ਦੌਰਾਨੇ ਪੇਸ਼ੀ ਜ਼ਿਲ੍ਹਾ ਕਚਹਿਰੀ ਤੋਂ ਭੱਜ ਗਿਆ ਸੀ, ਨੂੰ ਕਾਬੂ ਕਰ ਲਿਆ ਹੈ। ਜਾਣਕਾਰੀ ਦਿੰਦੇ ਹੋਏ ਮਨਮੀਤ ਸਿੰਘ ਢਿੱਲੋਂ ਕਪਤਾਨ ਪੁਲਸ (ਇੰਨਵੈ.) ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਮਿਤੀ 02.05.2024 ਨੂੰ ਮੁਕੱਦਮਾ ਨੰਬਰ 14 ਮਿਤੀ 03.02.2024 ਅ/ਧ 21ਸੀ/61/85 ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦਾ ਦੋਸ਼ੀ ਜਸ਼ਨਦੀਪ ਸਿੰਘ ਉਰਫ ਬੱਲੀ ਪੁੱਤਰ ਮੁਖਤਿਆਰ ਸਿੰਘ ਵਾਸੀ ਜੰਡਿਆਲਾ ਗੁਰੂ ਜ਼ਿਲ੍ਹਾ ਅੰਮ੍ਰਿਤਸਰ ਸਾਹਿਬ ਜੋ ਜ਼ਿਲ੍ਹਾ ਜੇਲ੍ਹ ਸ੍ਰੀ ਮੁਕਤਸਰ ਸਾਹਿਬ ਵਿਚ ਬੰਦ ਹੈ, ਨੂੰ ਪੇਸ਼ੀ ਲਈ ਕਚਹਿਰੀਆਂ ਵਿਖੇ ਲਿਆਂਦਾ ਗਿਆ ਸੀ ਜੋ ਬਖਸ਼ੀਖਾਨੇ ਵਿੱਚੋਂ ਪੁਲਸ ਪਾਰਟੀ ਨੂੰ ਚਕਮਾ ਦੇ ਕੇ ਭੱਜ ਗਿਆ ਸੀ ਜਿਸ ਸਬੰਧੀ ਮੁੱਕਦਮਾ ਨੰਬਰ 77 ਮਿਤੀ 02.05.2024 ਅ/ਧ 223/224 ਹਿੰ:ਦੰ: ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦਰਜ ਰਜਿਸਟਰ ਕੀਤਾ ਗਿਆ। ਜ਼ਿਲ੍ਹਾ ਪੁਲਸ ਮੁੱਖੀ ਸ੍ਰੀ ਭਾਗੀਰਥ ਸਿੰਘ ਮੀਨਾ ਵੱਲੋਂ ਹਵਾਲਾਤੀ ਦੀ ਭਾਲ ਲਈ ਵੱਖ-ਵੱਖ ਟੀਮਾਂ ਬਣਾਈਆਂ ਗਈ ਜਿਸ 'ਤੇ



ਹਿਊਮਨ ਇੰਟੈਲੀਜੈਂਸ ਅਤੇ ਟੈਕਨੀਕਲ ਸੈੱਲ ਦੀ ਸਹਾਇਤਾ ਨਾਲ ਮੁੱਕਦਮਾ ਦੇ ਦੋਸ਼ੀ ਅਤੇ ਹਵਾਲਾਤੀ ਜਸ਼ਨਦੀਪ ਸਿੰਘ ਉਰਫ ਬੱਲੀ ਪੁੱਤਰ ਮੁੱਖਤਿਆਰ ਸਿੰਘ ਵਾਸੀ ਜੰਡਿਆਲਾ ਗੁਰੂ ਜ਼ਿਲ੍ਹਾ ਅੰਮ੍ਰਿਤਸਰ ਸਾਹਿਬ ਨੂੰ ਚੋਰੀ ਦੇ ਮੋਟਰਸਾਇਕਲ ਸਮੇਤ ਗ੍ਰਿਫਤਾਰ ਕੀਤਾ ਗਿਆ, ਜਿਸਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਜ਼ਿਲ੍ਹਾ ਕਚਹਿਰੀਆਂ ਸ੍ਰੀ ਮੁਕਤਸਰ ਸਾਹਿਬ ਵਿੱਚੋਂ ਉਸਨੂੰ ਭੱਜਣ ਵਿਚ ਉਸਦੀ ਮਦਦ ਕਰਨ ਵਾਲਾ ਵਿਅਕਤੀ ਕਰਨ ਕੁਮਾਰ ਉਰਫ ਕਾਂਚਾ ਪੁੱਤਰ ਰਵੀ ਸਿੰਘ ਵਾਸੀ ਉੱਚਾ ਵਿਹੜਾ ਸ੍ਰੀ ਮੁਕਤਸਰ ਸਾਹਿਬ ਹੈ, ਜਿਸਨੂੰ ਮੁਕੱਦਮਾ ਉਕਤ ਵਿਚ ਨਾਮਜ਼ਦ ਕੀਤਾ ਗਿਆ ਅਤੇ ਵਾਧਾ ਜੁਰਮ 379/411/225 ਹਿੰ:ਦੰ: ਕਰਕੇ ਦੋਸ਼ੀ ਕਰਨ ਕੁਮਾਰ ਉਰਫ ਕਾਂਚਾ ਨੂੰ ਵੀ ਸਮੇਤ ਮੋਟਰਸਾਇਕਲ ਜੋ ਉਸਨੇ ਜਸ਼ਨਦੀਪ ਸਿੰਘ ਉਰਫ ਬੱਲੀ ਨੂੰ ਭਜਾਉਣ ਲਈ ਵਰਤਿਆ ਸੀ ਦੇ ਕਾਬੂ ਕਰਕੇ ਗ੍ਰਿਫਤਾਰ ਕੀਤਾ ਗਿਆ। ਜਿਸਦੀ ਪੁੱਛਗਿੱਛ ਜਾਰੀ ਹੈ। ਦੌਰਾਨੇ ਪੁੱਛਗਿੱਛ ਜੇਕਰ ਇਸਨੂੰ ਹਵਾਲਾਤੀ ਨੂੰ ਭਜਾਉਣ ਸਬੰਧੀ ਹੋਰ ਕੋਈ ਗੱਲ ਸਾਹਮਣੇ ਆਉਂਦੀ ਹੈ ਤਾਂ ਬਣਦੀ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਪਿਆਰ ਦੀਆਂ ਪੀਂਘਾਂ ਪਾ ਕੀਤਾ ਪ੍ਰੇਮ ਵਿਆਹ, ਗਰਭਵਤੀ ਪਤਨੀ ਨਾਲ ਜੋ ਕੀਤਾ ਸੁਣ ਨਹੀਂ ਹੋਵੇਗਾ ਯਕੀਨ

ਅੰਮ੍ਰਿਤਸਰ 8 ਮਈ। ਅੰਮ੍ਰਿਤਸਰ ਦੇ ਮੋਕਕਮਪੁਰਾ ਇਲਾਕੇ ਤੋਂ ਹੈਰਾਨ ਕਰ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ। ਜਿਥੇ ਰਾਜਪੁਰਾ ਦੀ ਰਹਿਣ ਵਾਲੀ ਭੂਮਿਕਾ ਵਲੋਂ ਆਪਣੇ ਪਤੀ ਦੇ ਦੂਜਾ ਵਿਆਹ ਕਰਵਾਉਣ 'ਤੇ ਇਲਜਾਮ ਲਗਾਇਆ ਗਿਆ ਹੈ। ਜਿਸਦੇ ਚਲਦੇ ਰਾਜਪੁਰਾ ਤੋਂ ਆਏ ਉਸਦੇ ਮਾਪਿਆਂ ਦਾ ਰੋ-ਰੋ ਬੁਰਾ ਹਾਲ ਹੈ ਅਤੇ ਪੁਲਸ ਪ੍ਰਸ਼ਾਸ਼ਨ ਕੋਲ ਸ਼ਿਕਾਇਤ ਦਰਜ ਕਰਵਾ ਇਨਸ਼ਾਫ ਦੀ ਮੰਗ ਕੀਤੀ ਹੈ। ਇਸ ਸੰਬਧੀ ਗੱਲਬਾਤ ਕਰਦਿਆਂ ਪੀੜਤ ਕੁੜੀ ਭੂਮਿਕਾ ਅਤੇ ਉਸਦਾ ਮਾਪਿਆਂ ਨੇ ਦੱਸਿਆ ਕਿ ਭੂਮਿਕਾ ਨੇ ਅੰਮ੍ਰਿਤਸਰ ਦੇ ਲਵਦੀਪ ਸਿੰਘ ਨਾਲ ਪ੍ਰੇਮ ਵਿਆਹ ਕਰਵਾਇਆ ਸੀ ਅਤੇ ਅੱਜ ਅਠ ਮਹੀਨੇ ਦੀ ਗਰਭਵਤੀ ਹੋਣ 'ਤੇ ਉਸਦੇ ਪਤੀ ਲਵਦੀਪ ਵਲੋਂ ਕਿਸੇ ਹੋਰ ਔਰਤ ਨਾਲ ਵਿਆਹ ਕਰਵਾ ਲਿਆ ਗਿਆ ਹੈ ਅਤੇ ਸਾਡੀ ਧੀ ਨੂੰ ਛੱਡ ਕੇ ਚਲਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੂੰ ਸ਼ਿਕਾਇਤ ਦਰਜ ਕਰਵਾ ਕੇ ਵੀ ਕੋਈ ਇਨਸਾਫ ਨਹੀ ਮਿਲ ਰਿਹਾ, ਜਿਸਦੇ ਚਲਦੇ ਪੀੜਤ ਕੁੜੀ ਅਤੇ ਉਸਦੇ ਮਾਪਿਆਂ ਦਾ ਰੋ-ਰੋ ਕੇ ਬੁਰਾ ਹਾਲ ਹੈ। ਇਸ ਸੰਬਧੀ ਜਦੋਂ ਪੁਲਸ ਅਧਿਕਾਰੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਜੇ ਸ਼ਿਕਾਇਤ ਨਹੀਂ ਮਿਲੀ ਹੈ ਫਿਰ ਵੀ ਸ਼ਿਕਾਇਤ ਮਿਲਣ ਉਪਰੰਤ ਦੋਵੇਂ ਧੀਰਾਂ ਨੂੰ ਬੁਲਾ ਕੇ ਬਣਦੀ ਕਾਰਵਾਈ ਅਮਲ ਵਿਚ ਲਿਆਉਣਗੇ।

## ਜਲੰਧਰ 'ਚ ਵੱਡੀ ਵਾਰਦਾਤ, ਸੰਦੂਕ 'ਚੋਂ ਮਿਲੀ ਖ਼ੂਨ ਨਾਲ ਲੱਥਪੱਥ ਲਾਸ਼

ਜਲੰਧਰ 8 ਮਈ। ਜਲੰਧਰ ਦੇ ਗਦਾਈਪੁਰ 'ਚ ਵੱਡੀ ਵਾਰਦਾਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜਿਥੇ ਘਰ 'ਚੋਂ ਖ਼ੂਨ ਨਾਲ ਲੱਥਪੱਖ ਲਾਸ਼ ਸੰਦੂਕ 'ਚੋਂ ਮਿਲੀ। ਫਿਲਹਾਲ ਮ੍ਰਿਤਕ ਦੀ ਪਛਾਣ ਅਜੇ ਤੱਕ ਨਹੀਂ ਹੋ ਪਾਈ। ਪੁਲਸ ਜਾਂਚ ਕਰ ਰਹੀ ਹੈ ਕਿ ਆਖਿਰ ਲਾਸ਼ ਵਿਅਕਤੀ ਜਾਂ ਕਿਸੇ ਔਰਤ ਦੀ ਹੈ। ਲਾਸ਼ ਕਰੀਬ 8 ਦਿਨਾਂ ਤੋਂ ਬੋਰੀ 'ਚ ਬੰਦ ਸੀ। ਇਸ ਖਬਰ ਨੂੰ ਲੈ ਕੇ ਪੂਰਾ ਇਲਾਕਾ ਦਹਿਸ਼ਤ 'ਚ ਪੈ ਗਿਆ । ਜਾਣਕਾਰੀ ਮੁਤਾਬਕ ਜਦੋਂ ਲੋਕਾਂ ਨੂੰ ਕਮਰੇ 'ਚੋਂ ਬਦਬੂ ਆਈ ਤਾਂ ਪੁਲਸ ਨੂੰ ਸੂਚਿਤ ਕੀਤਾ, ਜਿਸ ਤੋਂ ਬਾਅਦ ਥਾਣਾ 8 ਅਤੇ ਚੌਕੀ ਫੋਕਲ ਪੁਆਇੰਟ ਦੀ ਪੁਲਸ ਪਾਰਟੀ ਮੌਕੇ 'ਤੇ ਪਹੁੰਚ ਗਈ। ਪੁਲਸ ਨੇ ਕਮਰੇ ਨੂੰ ਅੰਦਰੋਂ ਬੰਦ ਕਰ ਦਿੱਤਾ ਹੈ ਅਤੇ ਕਿਸੇ ਨੂੰ ਅੰਦਰ ਨਹੀਂ ਜਾਣ ਦਿੱਤਾ ਜਾ ਰਿਹਾ ਹੈ।

# ਸਿਰਫ ਆਪਣੇ ਬੱਚਿਆਂ ਦੇ ਭਵਿੱਖ ਲਈ ਚੋਣ ਲੜ ਰਹੇ ਹਨ ਸਪਾ ਅਤੇ ਕਾਂਗਰਸ : ਪ੍ਰਧਾਨ ਮੰਤਰੀ ਮੋਦੀ

ਇਟਾਵਾ 8 ਮਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਮਾਜਵਾਦੀ ਪਾਰਟੀ (ਸਪਾ) ਅਤੇ ਕਾਂਗਰਸ 'ਤੇ ਸਿਰਫ ਆਪਣੇ ਅਤੇ ਬੱਚਿਆਂ ਦੇ ਭਵਿੱਖ ਲਈ ਚੋਣ ਲੜਨ ਦਾ ਦੋਸ਼ ਲਗਾਉਂਦੇ ਹੋਏ ਐਤਵਾਰ ਨੂੰ ਕਿਹਾ ਕਿ 'ਸ਼ਾਹੀ ਪਰਿਵਾਰ' ਦਾ ਵਾਰਿਸ ਹੀ ਪ੍ਰਧਾਨ ਮੰਤਰੀ ਜਾਂ ਮੁੱਖ ਮੰਤਰੀ ਬਣੇਗਾ, ਇਹ ਕੁਪ੍ਰਥਾ 'ਚਾਹ ਵਾਲੇ' ਨੇ ਤੋੜ ਦਿੱਤਾ ਹੈ। ਪ੍ਰਧਾਨ ਮੰਤਰੀ ਨੇ ਸਪਾ ਦੇ ਗੜ੍ਹ ਮੰਨੇ ਜਾਣ ਵਾਲੇ ਇਟਾਵਾ 'ਚ ਇਕ ਚੋਣ ਰੈਲੀ ਨੂੰ ਸੰਬੋਧਨ ਕਰਦੇ ਹੋਏ ਕਿਹਾ,''ਮੋਦੀ ਭਾਰਤ ਲਈ ਆਉਣ ਵਾਲੇ 5 ਸਾਲ ਹੀ ਨਹੀਂ ਸਗੋਂ 25 ਸਾਲਾਂ ਦਾ ਰਸਤਾ ਬਣਾ ਰਿਹਾ ਹੈ। ਮੋਦੀ ਇਹ ਸਭ ਕਿਉਂ ਕਰ ਰਿਹਾ ਹੈ, ਕਿਉਂਕਿ ਮੋਦੀ ਰਹੇ ਨਾ ਰਹੇ ਦੇਸ਼ ਹਮੇਸ਼ਾ ਰਹੇਗਾ।'' ਉਨ੍ਹਾਂ ਕਿਹਾ,''ਇਹ ਸਪਾ-ਕਾਂਗਰਸ ਵਾਲੇ ਕੀ ਕਰ ਰਹੇ ਹਨ? ਇਹ ਆਪਣੇ ਭਵਿੱਖ



ਲਈ, ਆਪਣੇ ਬੱਚਿਆਂ ਦੇ ਭਵਿੱਖ ਲਈ ਚੋਣ ਲੜ ਰਹੇ ਹਨ।'' ਪੀ.ਐੱਮ. ਮੋਦੀ ਨੇ ਸਪਾ ਅਤੇ ਕਾਂਗਰਸ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ,''ਇਨ੍ਹਾਂ ਦੀ ਵਿਰਾਸਤ ਕੀ ਹੈ, ਗੱਡੀ, ਬੰਗਲਾ, ਰਾਜਨੀਤਕ ਰਸੂਖ। ਕੋਈ ਮੈਨਪੁਰੀ, ਕੰਨੌਜ ਅਤੇ ਇਟਾਵਾ ਨੂੰ ਆਪਣੀ ਜਾਗੀਰ ਮੰਨਦਾ ਹੈ ਤਾਂ ਕੋਈ ਅਮੇਠੀ ਅਤੇ ਰਾਏਬਰੇਲੀ ਨੂੰ ਆਪਣੀ ਜਾਗੀਰ ਮੰਨਦਾ ਹੈ।'' ਉਨ੍ਹਾਂ ਕਿਹਾ,''ਪਰ ਮੋਦੀ ਦੀ ਵਿਰਾਸਤ ਗਰੀਬ ਦਾ ਪੱਕਾ ਘਰ ਹੈ, ਦੇਸ਼ ਦੀਆਂ ਕਰੋੜਾਂ ਮਾਵਾਂ-ਭੈਣਾਂ ਲਈ ਟਾਇਲਟ ਹੈ ਅਤੇ ਦਲਿਤਾਂ-ਪਿਛੜਿਆਂ ਨੂੰ ਮਿਲੀ ਬਿਜਲੀ, ਗੈਸ ਅਤੇ ਨਲ (ਨਾਲ ਪਾਣੀ) ਵਰਗੀ ਸਹੂਲਤ ਹੈ।'' ਪੀ.ਐੱਮ. ਮੋਦੀ ਨੇ ਕਿਹਾ,''ਮੋਦੀ ਦੀ ਬਣਾਈ ਗਈ ਵਿਰਾਸਟ ਸਾਰਿਆਂ ਲਈ ਹੈ। ਅਸੀਂ ਚਾਹੁੰਦੇ ਹਾਂ ਕਿ 2047 'ਚ ਤੁਹਾਡਾ ਹੀ ਧੀ-ਪੁੱਤ ਪ੍ਰਧਾਨ ਮੰਤਰੀ ਬਣੇ, ਮੁੱਖ ਮੰਤਰੀ ਬਣੇ। ਸ਼ਾਹੀ ਪਰਿਵਾਰ ਦਾ ਵਾਰਿਸ ਹੀ ਪ੍ਰਧਾਨ ਮੰਤਰੀ, ਮੁੱਖ ਮੰਤਰੀ ਬਣੇਗਾ ਇਹ ਕੁਪ੍ਰਥਾ ਇਸ ਚਾਹ ਵਾਲੇ ਨੇ ਤੋੜ ਦਿੱਤੀ ਹੈ।''

## 41 ਡਿਗਰੀ ਟੱਪੇ ਤਾਪਮਾਨ ਨੇ ਕਢਵਾਏ ਪਸੀਨੇ, ਬਾਹਰ ਨਿਕਲਣਾ ਹੋਇਆ ਮੁਸ਼ਕਲ

ਜਲੰਧਰ 8 ਮਈ। ਗਰਮੀ ਨੇ ਆਪਣਾ ਰੰਗ ਦਿਖਾਉਣਾ ਸ਼ੁਰੂ ਕਰ ਦਿੱਤਾ ਹੈ ਅਤੇ ਤਾਪਮਾਨ 41 ਡਿਗਰੀ ਤੋਂ ਪਾਰ ਪਹੁੰਚਣਾ ਸ਼ੁਰੂ ਹੋ ਗਿਆ ਹੈ। ਅੱਜ ਦੁਪਹਿਰੇ ਅਸਮਾਨ ਤੋਂ ਗਰਮੀ ਵਰੀ, ਜਿਸ ਕਾਰਨ ਲੋਕਾਂ ਦਾ ਘਰੋਂ ਨਿਕਲਣਾ ਮੁਸਕਿਲ ਹੋ ਗਿਆ। ਇਸ ਦਰਮਿਆਨ ਵੱਖ-ਵੱਖ ਇਲਾਕਿਆਂ 'ਚ ਬਿਜਲੀ ਚਲੀ ਗਈ ਤੇ ਲੋਕਾਂ ਨੂੰ ਪਾਵਰ ਕੱਟ ਦਾ ਸਾਹਮਣਾ ਕਰਨਾ ਪਿਆ। ਇਸ ਸੀਜਨ 'ਚ ਬੀਤੇ ਦਿਨੀਂ ਭਿਆਨਕ ਗਰਮੀ ਦਾ ਪਹਿਲਾ ਦਿਨ ਸੀ ਜਦੋਂ ਤਾਪਮਾਨ ਇੰਨੀ ਡਿਗਰੀ ਤਕ ਪਹੁੰਚ ਗਿਆ। ਇਸ ਦਰਮਿਆਨ ਲੋਕ ਬਾਹਰ ਨਿਕਲਣ ਤੋਂ ਗੁਰੇਜ ਕਰਨ ਲੱਗੇ । ਸੜਕਾਂ 'ਤੇ ਸਨਾਟਾ ਪਸਰਿਆ ਰਿਹਾ ਅਤੇ ਏ. ਸੀ. ਦੇ ਵਰਤੋਂ ਵਿਚ ਇਕਦਮ ਵਾਧਾ ਹੋ ਗਿਆ, ਜਿਸ ਨਾਲ ਬਿਜਲੀ ਖਪਤ ਵਿਚ ਭਾਰੀ ਵਾਧਾ ਹੁੰਦਾ ਦਿਖਾਈ ਦਿੱਤਾ। ਵੱਖ-ਵੱਖ ਕਾਰਨਾਂ ਕਾਰਨ ਫਾਲਟ ਪੈਣ ਦੇ ਮਾਮਲਿਆਂ 'ਚ ਵੀ ਵਾਧਾ ਹੋਇਆ ਹੈ। ਉੱਥੇ ਹੀ ਰਿਪੇਅਰ ਸਮੇਤ ਵੱਖ-ਵੱਖ ਕਾਰਨਾਂ ਕਾਰਨ ਨੌਰਥ ਜੋਨ ਦੇ ਕਈ ਸਰਕਲਾਂ ਅਧੀਨ ਆਉਂਦੇ ਇਲਾਕਿਆਂ ਵਿਚ 6 ਤੋਂ 7 ਘੰਟੇ ਤੱਕ ਬਿਜਲੀ ਗੁਲ ਰਹੀ।

# ਟਾਂਡਾ ਵਿਖੇ ਭਿਆਨਕ ਅੱਗ ਲੱਗਣ ਕਾਰਨ ਗਰੀਬਾਂ ਦੇ ਸੜੇ ਆਸ਼ਿਆਨੇ

ਟਾਂਡਾ ਉੜਮੁੜ 8 ਮਈ। ਅੱਜ ਦੁਪਹਿਰ ਪਿੰਡ ਰੜਾ ਨਜ਼ਦੀਕ ਹੋਈ ਅਗਜਨੀ ਦੀ ਘਟਨਾ ਕਾਰਨ ਉੱਤਰ ਪ੍ਰਦੇਸ਼ ਦੇ ਤਿਲਹਰ (ਸ਼ਾਹਜਹਾਂਪੁਰ) ਤੋਂ ਹਿਜਰਤ ਕਰਕੇ ਇਥੇ ਆ ਕੇ ਸਬਜ਼ੀਆਂ ਦੀ ਕਾਸ਼ਤ ਕਰਨ ਵਾਲੇ ਪਰਿਵਾਰਾਂ ਦੇ 6 ਕੁੱਲ ਸੜ ਕੇ ਸੁਆਹ ਹੋ ਗਏ। ਜਿਸ ਕਾਰਨ ਲੱਖਾਂ ਰੁਪਏ ਦਾ ਸਾਮਾਨ ਅਤੇ ਨਕਦੀ ਨਸ਼ਟ ਹੋ ਗਈ। ਅੱਗ ਲੱਗਣ ਦੇ ਕਾਰਨਾਂ ਦਾ ਫਿਲਹਾਲ ਪਤਾ ਨਹੀਂ ਲੱਗ ਸਕਿਆ ਹੈ। ਦੁਪਹਿਰ 1 ਵਜੇ ਦੇ ਕਰੀਬ ਲੱਗੀ ਅੱਗ ਨੇ ਲੱਕੜ ਅਤੇ ਘਾਹਫੂਸ ਨਾਲ ਬਣੀਆਂ 10 ਤੋਂ ਵਧੇਰੇ ਝੁੱਗੀਆਂ ਨੂੰ ਲਪੇਟ ਵਿਚ ਲੈ ਲਿਆ। ਵੇਖਦੇ ਹੀ ਵੇਖਦੇ ਅੱਗ ਨੇ ਵਿਕਰਾਲ ਰੂਪ ਧਾਰਨ ਕਰ ਲਿਆ। ਅਗਜਨੀ ਦਾ ਸ਼ਿਕਾਰ ਹੋਏ ਪਰਿਵਾਰਾਂ ਨੇ ਆਲੇ-ਦੁਆਲੇ ਦੇ ਲੋਕਾਂ ਦੀ ਮਦਦ ਨਾਲ ਅੱਗ 'ਤੇ ਅੱਗ 'ਤੇ ਕਾਬੂ ਪਾਇਆ। ਸੂਚਨਾ ਮਿਲਣ 'ਤੇ ਜਦੋਂ ਦੇਰ ਨਾਲ ਫਾਇਰ ਬ੍ਰਿਗੇਡ ਦੀ ਟੀਮ ਪਹੁੰਚੀ, ਉਸ ਸਮੇ ਤੱਕ ਅੱਗ ਤਬਾਹੀ ਮਚਾ ਚੁੱਕੀ ਸੀ। ਅੱਗ ਕਾਰਨ ਹੋਏ



ਨੁਕਸਾਨ ਬਾਰੇ ਜਾਣਕਾਰੀ ਦਿੰਦਿਆਂ ਮੁਹੰਮਦ ਸਾਦਕ ਪੁੱਤਰ ਅਬਦੁਲ ਰਫ਼ੀਕ ਨੇ ਦੱਸਿਆ ਕਿ ਉਸ ਦਾ ਸਾਰਾ ਸਾਮਾਨ, ਟਰਾਲੀ ਦੇ ਟਾਇਰ ,ਦੋ ਮੋਟਰਸਾਈਕਲ ਅਤੇ ਲਗਭਗ 2 ਲੱਖ ਰੁਪਏ ਦੀ ਨਕਦੀ ਨਸ਼ਟ ਹੋਈ ਹੈ। ਉਸ ਦੇ ਭਰਾ ਲਿਆਕਤ ਅਲੀ ਨੇ ਦੱਸਿਆ ਕਿ ਉਸ ਦਾ ਸਾਰਾ ਸਮਾਨ ਅਤੇ ਲਗਭਗ 3 ਲੱਖ ਰੁਪਏ ਨਸ਼ਟ ਹੋਏ ਹਨ। ਇਸੇ ਤਰਾਂ ਮੁਹੰਮਦ ਅਲੀ ਪੁੱਤਰ ਮੁਹੰਮਦ ਸਾਦਕ ਨੇ ਦੱਸਿਆ ਕਿ ਉਸ ਦਾ ਲਗਭਗ 4 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਗੁਲਾਮ ਨਬੀ ਪੁੱਤਰ ਅਬਦੁਲ ਲਤੀਫ ਮੁਤਾਬਕ ਉਸ ਦਾ ਦੋ ਲੱਖ ਰੁਪਏ ਅਤੇ ਸਾਰਾ ਸਮਾਨ ਨਸ਼ਟ ਹੋਇਆ। ਗੁਲਾਮ ਸਾਬਰ ਮੁਤਾਬਕ ਉਸ ਦਾ ਲਗਭਗ 3 ਲੱਖ ਰੁਪਏ ਅਤੇ ਨੂਰ ਮੁਹੰਮਦ ਦਾ ਸਾਰਾ ਸਮਾਨ ਅਤੇ ਲਗਭਗ 1 ਲੱਖ ਰੁਪਏ ਨਸ਼ਟ ਹੋਏ ਹਨ। ਅੱਗ ਕਾਰਨ ਪੀੜਿਤ ਪਰਿਵਾਰਾਂ ਨੇ ਸਰਕਾਰ ਤੋਂ ਮੁਆਵਜੇ ਦੀ ਮੰਗ ਕੀਤੀ ਹੈ।

## ਪੰਜਾਬ 'ਚ ਫਿਰ ਵੱਡੀ ਵਾਰਦਾਤ : ਪੁਜਾਰੀ ਨੇ ਕਤਲ ਕਰ 'ਤਾ ਜਵਾਨ ਮੁੰਡਾ, ਹਵਨ ਕੁੰਡ ਹੇਠਾਂ ਦੱਬੀ ਲਾਸ਼

ਧੂਰੀ 8 ਮਈ। ਧੂਰੀ ਤੋਂ ਵੱਡੀ ਖਬਰ ਸਾਹਮਣੇ ਆ ਰਹੀ ਹੈ। ਇੱਥੇ ਇਕ ਪੁਜਾਰੀ ਵਲੋਂ ਨੌਜਵਾਨ ਨੂੰ ਕਤਲ ਕਰਕੇ ਹਵਨ ਕੁੰਡ ਹੇਠਾਂ ਦੱਬਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ ਧੂਰੀ ਦੇ ਰੇਲਵੇ ਫਾਟਕ ਨੇੜੇ ਬਣੇ ਇਕ ਮੰਦਰ ਦੇ ਪੁਜਾਰੀ ਨੇ ਮੰਦਰ 'ਚ ਬੱਚਿਆਂ ਨੂੰ ਸਿੱਖਿਆ ਦੇ ਰਹੇ ਨੌਜਵਾਨ ਅਨੰਤ ਦਾ ਕਤਲ ਕਰ ਦਿੱਤਾ ਅਤੇ ਉਸ ਨੂੰ ਹਵਨ ਕੁੰਡ ਹੇਠਾਂ ਦੱਬ ਦਿੱਤਾ



ਗਿਆ। ਮ੍ਰਿਤਕ ਨੌਜਵਾਨ ਧੂਰੀ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ। ਜਦੋਂ ਨੌਜਵਾਨ ਘਰ ਨਹੀਂ ਪੁੱਜਾ ਤਾਂ ਪਰਿਵਾਰ ਵਾਲਿਆਂ ਨੇ ਮਾਮਲੇ ਦੀ ਸੂਚਨਾ ਪੁਲਸ ਨੂੰ ਦਿੱਤੀ। ਪੁਲਸ ਨੇ ਜਦੋਂ ਜਾਂਚ ਸ਼ੁਰੂ ਕੀਤੀ ਤਾਂ ਸ਼ੱਕ ਦੇ ਆਧਾਰ 'ਤੇ ਮੰਦਰ ਦੇ ਪੁਜਾਰੀ ਕੋਲੋਂ ਸਖਤੀ ਨਾਲ ਪੁੱਛਗਿੱਛ ਕੀਤੀ ਗਈ। ਇਸ ਦੌਰਾਨ ਪੁਜਾਰੀ ਨੇ ਆਪਣਾ ਗੁਨਾਹ ਕਬੂਲ ਲਿਆ ਕਿ ਉਸ ਨੇ ਨੌਜਵਾਨ ਨੂੰ ਕਤਲ ਕਰਕੇ ਹਵਨ ਕੁੰਡ ਦੇ ਹੇਠਾਂ ਦੱਬਿਆ ਹੈ। ਫਿਲਹਾਲ ਪੁਲਸ ਨੇ ਇਸ ਕਤਲ ਮਾਮਲੇ ਸਬੰਧੀ ਕੁੱਝ ਸ਼ੱਕੀ ਲੋਕਾਂ ਨੂੰ ਰਾਊਂਡ ਅਪ ਕੀਤਾ ਹੈ।

# ਭਵਾਨੀਗੜ੍ਹ 'ਚ ਅੱਗ ਨੇ ਮਚਾਇਆ ਤਾਂਡਵ, 400 ਏਕੜ ਨਾੜ ਸਮੇਤ 50 ਭੇਡਾਂ-ਬੱਕਰੀਆਂ ਜਿਊਂਦੇ ਸੜੀਆਂ

ਭਵਾਨੀਗੜ੍ਹ 8 ਮਈ। ਭਵਾਨੀਗੜ੍ਹ ਦੇ ਨੇੜਲੇ ਪਿੰਡ ਰਾਮਗੜ੍ਹ ਦੇ ਖੇਤਾਂ ਵਿੱਚ ਸ਼ਨੀਵਾਰ ਨੂੰ ਅੱਗ ਨੇ ਤਾਂਡਵ ਮਚਾ ਦਿੱਤਾ। ਦੁਪਹਿਰ ਸਮੇਂ ਲੱਗੀ ਅੱਗ ਕਾਰਨ ਦੋ ਦਰਜਨ ਕਿਸਾਨਾਂ ਦਾ ਕਰੀਬ 300-400 ਏਕੜ ਨਾੜ ਅਤੇ ਇਕ ਕਿਸਾਨ ਦੀ ਕਰੀਬ 400-500 ਟਰਾਲੀ ਤੂੜੀ ਸੜ ਕੇ ਸੁਆਹ ਹੋ ਗਈ। ਉੱਥੇ ਹੀ ਖੇਤਾਂ ਨੇੜੇ ਬਾੜੇ 'ਚ ਖੜ੍ਹੀਆਂ 50 ਦੇ ਕਰੀਬ ਭੇਡਾਂ-ਬੱਕਰੀ ਵੀ ਇਸ ਭਿਆਨਕ ਅੱਗ ਦੀ ਲਪੇਟ ਆ ਜਾਣ ਕਾਰਨ ਜ਼ਿੰਦਾ ਸੜ ਗਈਆਂ। ਪਿੰਡ ਵਾਸੀਆਂ ਨੇ ਬਿਜਲੀ ਦੀਆਂ ਤਾਰਾਂ ਦੀ ਸਪਾਰਕਿੰਗ ਕਾਰਨ ਅੱਗ ਲੱਗਣ ਦਾ ਖਦਸ਼ਾ ਜਾਹਰ ਕੀਤਾ ਹੈ। ਘਟਨਾ ਸਬੰਧੀ ਪਿੰਡ ਦੇ ਲੋਕਾਂ ਨੇ ਦੱਸਿਆ ਕਿ ਦੁਪਹਿਰ ਡੇਢ ਵਜੇ ਦੇ ਕਰੀਬ ਕਪਿਆਲ ਨਹਿਰ ਵਾਲੇ ਪੁਲ ਨੇੜਲੇ ਖੇਤਾਂ ਤੋਂ ਸ਼ੁਰੂ ਹੋਈ ਅੱਗ ਉਨ੍ਹਾਂ ਦੇ ਪਿੰਡ ਵੱਲ ਨੂੰ ਵੱਧਦੀ ਚਲੀ ਗਈ ਅਤੇ ਅੱਗ ਨੇ ਕੁਝ ਹੀ ਮਿੰਟਾਂ 'ਚ 20-25



ਕਿਸਾਨਾਂ ਦੇ ਖੇਤਾਂ ਦੇ 300-400 ਏਕੜ ਨਾੜ ਨੂੰ ਸਾੜ ਕੇ ਰਾਖ ਕਰ ਦਿੱਤਾ। ਇਸ ਦੌਰਾਨ ਭਿਆਨਕ ਅੱਗ ਕਾਰਨ 3-4 ਪਾਥੀਆਂ ਵਾਲੇ ਗੁਹਾਰੇ ਅਤੇ ਪਿੰਡ ਦੀ ਫਿਰਨੀ ਨਾਲ ਗਰੀਬ ਮਜਦੂਰ ਪਰਿਵਾਰ ਨਾਲ ਸਬੰਧਤ ਮਹਿੰਦਰ ਸਿੰਘ ਪੁੱਤਰ ਸਾਧੂ ਸਿੰਘ ਵੱਲੋਂ ਬਣਾਏ ਪਸ਼ੂਆਂ ਦੇ ਵਾੜੇ 'ਚ ਖੜ੍ਹੀਆਂ ਉਸ ਦੀਆਂ 40-45 ਦੇ ਕਰੀਬ ਭੇਡਾਂ-ਬੱਕਰੀਆਂ ਵੀ ਜ਼ਿੰਦਾ ਸੜ ਗਈਆਂ। ਇਸੇ ਦੌਰਾਨ ਫੈਲਦੀ-ਫੈਲਦੀ ਅੱਗ ਕਿਸਾਨ ਇੰਦਰਜੀਤ ਸਿੰਘ ਦੇ ਪਿੰਡ ਵਿੱਚਕਾਰ ਬਣੇ ਤੂੜੀ ਵਾਲੇ ਸ਼ੈੱਡ ਨੂੰ ਚੜ੍ਹ ਗਈ, ਜਿਸ ਕਾਰਨ ਕਿਸਾਨ ਦੀ 400-500 ਟਰਾਲੀ ਦੇ ਕਰੀਬ ਤੂੜੀ ਮੱਚ ਗਈ, ਜਿਸ ਨਾਲ ਲੱਖਾਂ ਰੁਪਏ ਦੇ ਨੁਕਸਾਨ ਦਾ ਖਦਸ਼ਾ ਹੈ। ਪਿੰਡ ਵਾਸੀ ਹਰਪਾਲ ਸਿੰਘ ਨੇ ਦੱਸਿਆ ਕਿ ਜਿਵੇਂ ਹੀ ਅੱਗ ਲੱਗਣ ਬਾਰੇ ਪਤਾ ਲੱਗਾ ਤਾਂ ਪਿੰਡ ਵਾਸੀਆਂ ਨੇ ਆਪਣੇ ਪੱਧਰ 'ਤੇ ਟਰੈਕਟਰਾਂ ਜਾਂ ਮੌਕੇ 'ਤੇ ਹੋਰ ਸਾਧਨਾਂ ਰਾਹੀਂ ਅੱਗ 'ਤੇ ਕਾਬੂ ਪਾਉਣ ਦੇ ਯਤਨ ਸ਼ੁਰੂ ਕਰ ਦਿੱਤੇ ਹਾਲਾਂਕਿ ਅੱਗ ਦੀ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੀ ਫਾਇਰ ਬ੍ਰਿਗੇਡ ਦੀ ਗੱਡੀ ਨੇ ਇਸ ਭਿਆਨਕ ਅੱਗ 'ਤੇ ਕਾਬੂ ਪਾਇਆ ਪਰ ਉਦੋਂ ਤੱਕ ਕਾਫੀ ਜ਼ਿਆਦਾ ਨੁਕਸਾਨ ਹੋ ਚੁੱਕਾ ਸੀ। ਪਿੰਡ ਵਾਸੀਆਂ ਨੇ ਦੱਸਿਆ ਕਿ ਅੱਗ 'ਚ ਪਸ਼ੂ ਸੜ ਜਾਣ ਕਾਰਨ ਗਰੀਬ ਪਸ਼ੂ ਪਾਲਕ ਮਹਿੰਦਰ ਸਿੰਘ ਦਾ 10-12 ਲੱਖ ਰੁਪਏ ਦਾ ਨੁਕਸਾਨ ਹੋ ਗਿਆ। ਕਿਸਾਨਾਂ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਗਰੀਬ ਪਸ਼ੂ ਪਾਲਕ ਅਤੇ ਕਿਸਾਨਾਂ ਦੇ ਹੋਏ ਵੱਡੇ ਨੁਕਸਾਨ ਲਈ ਮੁਆਵਜੇ ਦੀ ਮੰਗ ਕੀਤੀ ਹੈ।

## ਪੈਸਿਆਂ ਦੇ ਲੈਣ-ਦੇਣ ਦੌਰਾਨ ਦੰਦ ਤੋੜਨ ਵਾਲੇ ਮੁਲਜ਼ਮ ਦੀ ਭਾਲ 'ਚ ਛਾਪੇਮਾਰੀ ਕਰ ਰਹੀ ਪੁਲਸ

ਲੁਧਿਆਣਾ 8 ਮਈ। ਪੈਸਿਆਂ ਦੇ ਲੈਣ-ਦੇਣ ਦੌਰਾਨ ਨੌਜਵਾਨ ਨੂੰ ਰਸਤੇ 'ਚ ਰੋਕ ਕੇ ਕੁੱਟਮਾਰ ਕਰਨ ਅਤੇ ਦੰਦ ਤੋੜਨ ਦੇ ਮਾਮਲੇ 'ਚ ਥਾਣਾ ਮੋਤੀ ਨਗਰ ਦੀ ਪੁਲਸ ਨੇ ਮੁਕੱਦਮਾ ਦਰਜ ਕਰ ਲਿਆ ਸੀ। ਹਾਲ ਦੀ ਘੜੀ ਮੁਲਜ਼ਮ ਤਰਣੀ ਪੁੱਤਰ ਕਰਮ ਚੰਦ ਨਿਵਾਸੀ ਮੋਤੀ ਨਗਰ ਦੀ ਭਾਲ 'ਚ ਪੁਲਸ ਲਗਾਤਾਰ ਛਾਪੇਮਾਰੀ ਕਰ ਰਹੀ ਹੈ ਪਰ ਮੁਲਜ਼ਮ ਆਪਣੇ ਟਿਕਾਣੇ ਬਦਲ ਰਿਹਾ ਹੈ। ਇਸ ਮਾਮਲੇ 'ਚ ਥਾਣਾ ਮੋਤੀ ਨਗਰ ਦੇ ਐੱਸ. ਐੱਚ. ਓ. ਬਲਜੀਤ ਸਿੰਘ ਨੇ ਦੱਸਿਆ ਕਿ ਮੁਲਜ਼ਮ ਤਰਣੀ ਨੇ ਅਤੁਲ ਦੁੱਗਲ ਪੁੱਤਰ ਜਵਾਹਰ ਲਾਲ ਦੁੱਗਲ ਨਿਵਾਸੀ ਮੋਤੀ ਨਗਰ ਨਾਲ ਕੁੱਟਮਾਰ ਕਰਕੇ ਦੰਦ ਤੋੜ ਦਿੱਤਾ ਸੀ। ਮੁਲਜ਼ਮ ਨੂੰ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ। ਉਸ ਦੇ ਨੰਬਰ ਵੀ ਟ੍ਰੇਸ 'ਤੇ ਲੱਗੇ ਹੋਏ ਹਨ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਕੇਜਰੀਵਾਲ ਨੂੰ ਨਹੀਂ ਮਿਲੀ ਰਾਹਤ, 20 ਮਈ ਤੱਕ ਵਧੀ ਨਿਆਇਕ ਹਿਰਾਸਤ



**ਨਵੀਂ ਦਿੱਲੀ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਦੀ ਇਕ ਅਦਾਲਤ ਨੇ ਸ਼ਰਾਬ ਨੀਤੀ ਘਪਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਨਿਆਇਕ ਹਿਰਾਸਤ ਮੰਗਲਵਾਰ ਨੂੰ 20 ਮਈ ਤੱਕ ਵਧਾ ਦਿੱਤੀ। ਰਾਊਜ ਐਵੇਨਿਊ ਕੋਰਟ ਦੇ ਵਿਸ਼ੇਸ਼ ਜੱਜ ਕਾਵੇਰੀ ਬਾਵੇਜਾ ਨੇ ਈ.ਡੀ. ਮਾਮਲੇ 'ਚ ਉਨ੍ਹਾਂ ਦੀ ਨਿਆਇਕ ਹਿਰਾਸਤ ਦੀ ਸਮਾਪਤੀ 'ਤੇ ਆਦੇਸ਼ ਪਾਸ ਕੀਤਾ। ਇਸ ਵਿਚ ਕੇਜਰੀਵਾਲ ਨੂੰ ਅੰਤਰਿਮ ਜ਼ਮਾਨਤ ਦੇਣ ਦੇ ਮੁੱਦੇ 'ਤੇ ਫਿਲਹਾਲ ਸੁਪਰੀਮ ਕੋਰਟ 'ਚ ਸੁਣਵਾਈ ਚੱਲ ਰਹੀ ਹੈ।

ਕੇਜਰੀਵਾਲ ਨੂੰ ਇਸ ਮਾਮਲੇ 'ਚ 21 ਮਾਰਚ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਹ ਨਿਆਂਇਕ ਹਿਰਾਸਤ 'ਚ ਤਿਹਾੜ ਜੇਲ੍ਹ 'ਚ ਬੰਦ ਹਨ। ਸੁਪਰੀਮ ਕੋਰਟ ਨੇ 15 ਅਪ੍ਰੈਲ ਨੂੰ ਈਡੀ ਨੂੰ ਨੋਟਿਸ ਜਾਰੀ ਕਰ ਕੇ ਕੇਜਰੀਵਾਲ ਦੀ ਗ੍ਰਿਫ਼ਤਾਰੀ ਖ਼ਿਲਾਫ਼ ਪਟੀਸ਼ਨ 'ਤੇ ਜਵਾਬ ਮੰਗਿਆ ਸੀ। ਦਿੱਲੀ ਹਾਈ ਕੋਰਟ ਨੇ 9 ਅਪ੍ਰੈਲ ਨੂੰ ਕੇਜਰੀਵਾਲ ਦੀ ਗ੍ਰਿਫਤਾਰੀ ਨੂੰ ਬਰਕਰਾਰ ਰੱਖਦੇ ਹੋਏ ਕਿਹਾ ਸੀ ਕਿ ਇਸ ਵਿਚ ਕੁਝ ਵੀ ਗੈਰ-ਕਾਨੂੰਨੀ ਨਹੀਂ ਹੈ ਅਤੇ ਕੇਜਰੀਵਾਲ ਦੇ ਵਾਰ-ਵਾਰ ਸੰਮਨਾਂ ਨੂੰ ਨਜ਼ਰਅੰਦਾਜ਼ ਕਰਨ ਤੋਂ ਬਾਅਦ ਈਡੀ ਕੋਲ ਬਹੁਤ ਘੱਟ ਵਿਕਲਪ ਬਚਿਆ ਸੀ।

# ਕਵਿਤਾ ਨੂੰ ਰਾਹਤ ਨਹੀਂ, ਕੋਰਟ ਨੇ ਨਿਆਂਇਕ ਹਿਰਾਸਤ ਵਧਾਈ



**ਨਵੀਂ ਦਿੱਲੀ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਦੀ ਅਦਾਲਤ ਨੇ ਸ਼ਰਾਬ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿਚ ਭਾਰਤ ਰਾਸ਼ਟਰ ਸਮਿਤੀ (ਬੀ. ਆਰ. ਐੱਸ.) ਦੀ ਵਿਧਾਨਕਾਰ ਕੌਂਸਲਰ (MLC) ਕੇ. ਕਵਿਤਾ ਦੀ ਨਿਆਂਇਕ ਹਿਰਾਸਤ ਮੰਗਲਵਾਰ ਨੂੰ 14 ਮਈ ਤੱਕ ਵਧਾ ਦਿੱਤੀ ਹੈ। ਤੇਲੰਗਾਨਾ ਦੀ MLC ਕਵਿਤਾ ਨੂੰ ਉਨ੍ਹਾਂ ਦਾ ਨਿਆਂਇਕ ਹਿਰਾਸਤ ਦਾ ਸਮਾਂ ਪੂਰਾ ਹੋਣ ਮਗਰੋਂ ਸੀ. ਬੀ. ਆਈ. ਅਤੇ ਈ. ਡੀ. ਮਾਮਲਿਆਂ ਦੀ ਵਿਸ਼ੇਸ਼ ਜੱਜ ਕਾਵੇਰੀ ਬਾਵੇਜਾ ਦੀ ਅਦਾਲਤ ਵਿਚ ਪੇਸ਼ ਕੀਤਾ ਗਿਆ ਸੀ। ਸੁਣਵਾਈ ਦੌਰਾਨ ਈਡੀ ਨੇ ਅਦਾਲਤ ਨੂੰ ਦੱਸਿਆ ਕਿ ਜਾਂਚ ਮਹੱਤਵਪੂਰਨ ਪੜਾਅ ਵਿਚ ਹੈ ਅਤੇ ਉਹ ਇਕ ਹਫ਼ਤੇ ਵਿਚ ਕਵਿਤਾ ਖਿਲਾਫ਼ ਦੋਸ਼ ਪੱਤਰ ਦਾਇਰ ਕਰ ਸਕਦੀ ਹੈ। ਦੱਸ ਦੇਈਏ ਕਿ ਕੇਜਰੀਵਾਲ ਦੀ ਗ੍ਰਿਫ਼ਤਾਰੀ ਤੋਂ ਲੱਗਭਗ ਇਕ ਹਫ਼ਤੇ ਪਹਿਲਾਂ 15 ਮਾਰਚ ਨੂੰ ਹੈਦਰਾਬਾਦ ਤੋਂ ਈਡੀ ਨੇ ਕਵਿਤਾ ਨੂੰ ਗ੍ਰਿਫ਼ਤਾਰ ਕੀਤਾ। ਕੇਜਰੀਵਾਲ ਦੀ ਅੰਤਰਿਮ ਪਟੀਸ਼ਨ 'ਤੇ ਵੀ ਸੁਪਰੀਮ ਕੋਰਟ ਨੇ ਕੋਈ ਆਦੇਸ਼ ਪਾਸ ਨਹੀਂ ਕੀਤਾ ਹੈ, ਸਗੋਂ ਸੁਣਵਾਈ ਪੂਰੀ ਕਰਨ ਮਗਰੋਂ ਫ਼ੈਸਲਾ ਸੁਰੱਖਿਅਤ ਰੱਖ ਲਿਆ ਹੈ। ਕੇਜਰੀਵਾਲ ਨੂੰ 21 ਮਾਰਚ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਹ ਇਸ ਸਮੇਂ ਤਿਹਾੜ ਜੇਲ੍ਹ ਵਿਚ ਬੰਦ ਹਨ।

# ਮੋਦੀ ਨੇ 10 ਸਾਲਾਂ 'ਚ 22 ਲੋਕਾਂ ਨੂੰ ਅਰਬਪਤੀ ਬਣਾਇਆ, ਅਸੀਂ ਕਰੋੜਾਂ ਲੋਕਾਂ ਨੂੰ ਬਣਾਵਾਂਗੇ ਲੱਖਪਤੀ : ਰਾਹੁਲ ਗਾਂਧੀ



**ਚਾਈਬਾਸਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਦੇ ਨੇਤਾ ਰਾਹੁਲ ਗਾਂਧੀ ਨੇ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਦੋਸ਼ ਲਗਾਇਆ ਕਿ ਉਹ ਆਦਿਵਾਸੀਆਂ ਦੇ ਜਲ, ਜੰਗਲ ਅਤੇ ਜ਼ਮੀਨ ਨੂੰ ਉਦਯੋਗਪਤੀਆਂ ਦੇ ਹਵਾਲੇ ਕਰਨਾ ਚਾਹੁੰਦੇ ਹਨ। ਝਾਰਖੰਡ ਦੇ ਚਾਈਬਾਸਾ 'ਚ ਚੋਣ ਰੈਲੀ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਗਾਂਧੀ ਨੇ ਸੱਤਾ 'ਚ ਆਉਣ 'ਤੇ ਕਰੋੜਾਂ ਲੋਕਾਂ ਨੂੰ ਲੱਖਪਤੀ ਬਣਾਉਣ ਦਾ ਵਾਅਦਾ ਕੀਤਾ। ਉਨ੍ਹਾਂ ਕਿਹਾ ਕਿ ਇਹ ਲੋਕ ਸਭਾ ਚੋਣਾਂ ਸੰਵਿਧਾਨ ਅਤੇ ਆਦਿਵਾਸੀਆਂ, ਗਰੀਬਾਂ ਅਤੇ ਪਿਛੜਿਆਂ ਦੇ ਅਧਿਕਾਰਾਂ ਨੂੰ ਬਚਾਉਣ ਲਈ ਹੈ। ਰਾਹੁਲ ਨੇ ਕਿਹਾ ਕਿ 'ਇੰਡੀਆ' ਗਠਜੋੜ ਦੇ ਨੇਤਾ ਸੰਵਿਧਾਨ ਨੂੰ ਬਚਾਉਣ ਲਈ ਆਪਣੇ ਜੀਵਨ ਦਾ ਬਲੀਦਾਨ ਦੇਣ ਲਈ ਤਿਆਰ ਹਨ। ਕਾਂਗਰਸ ਦੇ ਸਾਬਕਾ ਪ੍ਰਧਾਨ ਨੇ ਕਿਹਾ,"ਪ੍ਰਧਾਨ ਮੰਤਰੀ ਆਦਿਵਾਸੀਆਂ ਦੇ 'ਜਲ, ਜੰਗਲ, ਜ਼ਮੀਨ' ਨੂੰ 14-15 ਉਦਯੋਗਪਤੀਆਂ ਦੇ ਹਵਾਲੇ ਕਰਨਾ ਚਾਹੁੰਦੇ ਹਨ। ਉਨ੍ਹਾਂ ਨੇ ਆਪਣੇ 10 ਸਾਲਾਂ ਦੇ ਕਾਰਜਕਾਲ 'ਚ 22 ਲੋਕਾਂ ਨੂੰ ਅਰਬਪਤੀ ਬਣਾਇਆ। ਸੱਤਾ 'ਚ ਆਉਣ 'ਤੇ ਅਸੀਂ ਕਰੋੜਾਂ ਲੱਖਪਤੀ ਬਣਾਵਾਂਗੇ ਅਤੇ ਗਰੀਬ ਔਰਤਾਂ ਨੂੰ ਸਾਲਾਨਾ ਇਕ ਲੱਖ ਰੁਪਏ ਦੇਵਾਂਗੇ।" ਰਾਹੁਲ ਨੇ ਬੇਰੁਜ਼ਗਾਰ ਡਿਪਲੋਮਾ ਧਾਰਕਾਂ, ਗਰੈਜੂਏਟ ਨੂੰ ਇਕ ਸਾਲ ਦੀ ਅਪ੍ਰੈਂਟਿਸਸ਼ਿਪ ਪ੍ਰਦਾਨ ਕਰਨ ਦਾ ਵਾਅਦਾ ਵੀ ਕੀਤਾ।

# ਸੁਰੱਖਿਆ ਫ਼ੋਰਸਾਂ ਨੇ ਮੁਕਾਬਲੇ ਦੌਰਾਨ 2 ਅੱਤਵਾਦੀ ਕੀਤੇ ਢੇਰ



**ਸ੍ਰੀਨਗਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਮੂ ਕਸ਼ਮੀਰ ਦੇ ਕੁਲਗਾਮ ਜ਼ਿਲ੍ਹੇ 'ਚ ਸੁਰੱਖਿਆ ਫ਼ੋਰਸਾਂ ਨਾਲ ਮੁਕਾਬਲੇ 'ਚ 2 ਅੱਤਵਾਦੀ ਮਾਰੇ ਗਏ। ਅਧਿਕਾਰੀਆਂ ਨੇ ਮੰਗਲਵਾਰ ਨੂੰ ਇੱਥੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਕੁਲਗਾਮ ਦੇ ਰੇਡਵਾਨੀ ਇਲਾਕੇ 'ਚ ਅੱਤਵਾਦੀਆਂ ਦੀ ਮੌਜੂਦਗੀ ਦੀ ਸੂਚਨਾ ਮਿਲਣ ਤੋਂ ਬਾਅਦ ਸੁਰੱਖਿਆ ਫ਼ੋਰਸਾਂ ਨੇ ਸੋਮਵਾਰ ਦੇਰ ਰਾਤ ਇਲਾਕੇ 'ਚ ਘੇਰਾਬੰਦੀ ਕਰ ਕੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਸੀ। ਉਨ੍ਹਾਂ ਕਿਹਾ ਕਿ ਬਾਅਦ 'ਚ ਮੁਕਾਬਲਾ ਸ਼ੁਰੂ ਹੋ ਗਿਆ, ਜੋ ਅੰਤਿਮ ਖ਼ਬਰ ਆਉਣ ਤੱਕ ਜਾਰੀ ਸੀ।

ਉਨ੍ਹਾਂ ਦੱਸਿਆ ਕਿ ਮੰਗਲਵਾਰ ਸਵੇਰੇ ਅੱਤਵਾਦੀਆਂ ਅਤੇ ਸੁਰੱਖਿਆ ਫ਼ੋਰਸਾਂ ਵਿਚਾਲੇ ਜਾਰੀ ਗੋਲੀਬਾਰੀ ਦੌਰਾਨ ਉਸ ਘਰ 'ਚ ਅੱਗ ਲੱਗ ਗਈ, ਜਿਸ 'ਚ ਅੱਤਵਾਦੀ ਲੁਕੇ ਸਨ। ਇਕ ਸੀਨੀਅਰ ਪੁਲਸ ਅਧਿਕਾਰੀ ਨੇ ਕਿਹਾ ਕਿ ਮੁਕਾਬਲੇ ਵਾਲੀ ਜਗ੍ਹਾ 'ਤੇ ਘੱਟੋ-ਘੱਟ 2 ਲਾਸ਼ਾਂ ਦੇਖੀਆਂ ਗਈਆਂ ਹਨ ਅਤੇ ਉਨ੍ਹਾਂ ਨੂੰ ਕੱਢਣ ਦੀ ਕੋਸ਼ਿਸ਼ ਜਾਰੀ ਹੈ। ਉਨ੍ਹਾਂ ਕਿਹਾ ਕਿ ਲਾਸ਼ਾਂ ਬਰਾਮਦ ਹੋਣ ਤੋਂ ਬਾਅਦ ਮਾਰੇ ਗਏ ਅੱਤਵਾਦੀਆਂ ਦੀ ਪਛਾਣ ਹੋ ਸਕੇਗੀ ਅਤੇ ਉਹ ਕਿਹੜੇ ਅੱਤਵਾਦੀ ਸਮੂਹ ਨਾਲ ਜੁੜੇ ਹੋਏ ਸਨ, ਇਸ ਦਾ ਪਤਾ ਲੱਗ ਸਕੇਗਾ।

# ਕਾਂਗਰਸ ਨੇ ਫਿਰੋਜ਼ਪੁਰ ਤੋਂ ਸ਼ੇਰ ਸਿੰਘ ਘੁਬਾਇਆ ਨੂੰ ਐਲਾਨਿਆ ਉਮੀਦਵਾਰ

**ਫਿਰੋਜ਼ਪੁਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਕਾਂਗਰਸ ਨੇ ਪੰਜਾਬ ਦੇ ਫ਼ਿਰੋਜ਼ਪੁਰ ਲੋਕ ਸਭਾ ਹਲਕੇ ਤੋਂ ਸ਼ੇਰ ਸਿੰਘ ਘੁਬਾਇਆ ਨੂੰ ਉਮੀਦਵਾਰ ਐਲਾਨ ਦਿੱਤਾ ਹੈ। ਇਸ ਦੇ ਨਾਲ ਹੀ ਪਾਰਟੀ ਵਲੋਂ ਹੁਣ ਸੂਬੇ ਦੀਆਂ ਸਾਰੀਆਂ 13 ਸੀਟਾਂ ਲਈ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਸ਼ੇਰ ਸਿੰਘ ਘੁਬਾਇਆ ਅਕਾਲੀ ਦਲ ਵੱਲੋਂ ਦੋ ਵਾਰ ਸੰਸਦ ਮੈਂਬਰ ਰਹਿ ਚੁੱਕੇ ਹਨ।

# ਸ਼ਿਵ ਸੈਨਾ ਹਿੰਦੁਸਤਾਨ ਦੇ ਉਮੀਦਵਾਰ ਕ੍ਰਿਸ਼ਨ ਕੁਮਾਰ ਗਾਬਾ ਦੀ ਚੋਣ ਮੁਹਿੰਮ ਸ਼ਹਿਰ ਦੇ ਨਾਲ-ਨਾਲ ਪਿੰਡਾਂ ਵਿੱਚ ਵੀ ਤੇਜ਼ ਹੋਈ

**ਪਟਿਆਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਪਟਿਆਲਾ ਲੋਕ ਸਭਾ ਦੇ ਸਾਂਝੇ ਉਮੀਦਵਾਰ ਕ੍ਰਿਸ਼ਨ ਕੁਮਾਰ ਗਾਬਾ ਦੀ ਚੋਣ ਮੁਹਿੰਮ ਸ਼ਹਿਰ ਦੇ ਨਾਲ-ਨਾਲ ਪਿੰਡਾਂ ਵਿੱਚ ਵੀ ਤੇਜ਼ ਹੋ ਗਈ ਹੈ। ਪਟਿਆਲਾ ਲੋਕ ਸਭਾ ਚੋਣ ਪ੍ਰਚਾਰ ਦੇ ਹਿੱਸੇ ਵਜੋਂ ਅੱਜ ਨਾਭਾ ਦੇ ਪਿੰਡ ਦੁਲੱਦੀ ਵਿਖੇ ਕ੍ਰਿਸ਼ਨ ਗਾਬਾ ਉਮੀਦਵਾਰ ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਦੇ ਹੱਕ ਵਿੱਚ ਚੋਣ ਪ੍ਰਚਾਰ ਮੀਟਿੰਗ ਕੀਤੀ ਗਈ। ਜਿਸ ਵਿੱਚ ਪਵਨ ਗੁਪਤਾ ਜੀ ਰਾਸ਼ਟਰੀ ਪ੍ਰਧਾਨ ਸ਼ਿਵ ਸੈਨਾ ਹਿੰਦੁਸਤਾਨ ਨੇ ਵਿਸ਼ੇਸ਼ ਤੌਰ 'ਤੇ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਆਮ ਜਨਤਾ ਨੂੰ ਜਾਗਰੂਕ ਹੋ ਕੇ ਅਜਿਹੇ ਉਮੀਦਵਾਰ ਨੂੰ ਵੋਟ ਪਾਉਣੀ ਚਾਹੀਦੀ ਹੈ ਜੋ ਤੁਹਾਡੇ ਦੁੱਖ ਦਰਦ ਨੂੰ ਜਾਣਦਾ ਹੋਵੇ। ਧਰਮ ਦੀ ਆੜ ਵਿੱਚ ਤੁਹਾਨੂੰ ਗੁੰਮਰਾਹ ਕਰਨ ਵਾਲੇ ਬਹੁਤ ਸਾਰੇ ਲੋਕ ਹੋਣਗੇ ਪਰ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਵਾਲੇ ਲੋਕ ਨਹੀਂ ਹਨ, ਇਸੇ ਕਰਕੇ ਸੱਤਾ ਪ੍ਰਾਪਤੀ ਦੀ ਲਾਲਸਾ ਵਿੱਚ ਉਹ ਆਪਣੇ ਸਿਧਾਂਤਾਂ ਨੂੰ ਛੱਡ ਦਿੰਦੇ ਹਨ ਅਤੇ ਕਿਸੇ ਵੀ ਕੀਮਤ 'ਤੇ ਸੱਤਾ ਹਾਸਲ ਕਰਨਾ ਲਈ ਪਾਰਟੀਆਂ ਨੂੰ ਬਦਲ ਰਹੇ ਹਨ ।

ਇਸੇ ਤਰ੍ਹਾਂ ਪਾਰਟੀ ਦੇ ਲੋਕ ਸਭਾ ਉਮੀਦਵਾਰ ਸ਼੍ਰੀ ਕ੍ਰਿਸ਼ਨ ਕੁਮਾਰ ਗਾਬਾ ਦੀ ਚੋਣ ਮੁਹਿੰਮ ਨੂੰ ਹੋਰ ਤੇਜ਼ ਕਰਦੇ ਹੋਏ ਉਨ੍ਹਾਂ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਸ਼੍ਰੀ ਸ਼ਮਾ ਕਾਂਤ ਪਾਂਡੇ ਦੇ ਨਿਵਾਸ ਸੰਨੀ ਇੰਨ ਕਲਵੇ ਵਿਖੇ ਇੱਕ ਛੋਟੀ ਜਿਹੀ ਜਨ ਸਭਾ ਨੂੰ ਸੰਬੋਧਨ ਕੀਤਾ, ਜਿਸ ਵਿੱਚ ਉਨ੍ਹਾਂ ਨੇ ਆਮ ਲੋਕਾਂ ਨੂੰ ਕਿਹਾ ਕਿ ਇਨ੍ਹਾਂ ਸਾਲਾਂ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਹਿੰਦੁਸਤਾਨ ਹਿੰਦੁਸਤਾਨ ਸ਼ਕਤੀ ਸੈਨਾ ਨੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਜਿਸ ਤਰ੍ਹਾਂ ਅੰਦੋਲਨ ਕੀਤਾ ਹੈ। ਜੋ ਅਵਾਜ਼ ਬੁਲੰਦ ਹੋਈ ਹੈ, ਉਸ ਨੂੰ ਧਿਆਨ ਵਿੱਚ ਰੱਖਦਿਆਂ ਸਾਰੀਆਂ ਵੱਡੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਨਕਾਰ ਕੇ ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਵੱਲੋਂ ਗਾਬਾ ਨੂੰ ਪਟਿਆਲਾ ਲੋਕ ਸਭਾ ਦੇ ਉਮੀਦਵਾਰ ਸ਼੍ਰੀ ਕ੍ਰਿਸ਼ਨ ਕੁਮਾਰ ਜੀ ਨੂੰ ਆਪਣਾ ਕੀਮਤੀ ਅਸ਼ੀਰਵਾਦ ਦੇ ਕੇ ਜੇਤੂ ਬਣਾ ਕੇ ਲੋਕ ਸਭਾ ਵਿਚ ਭੇਜੋ। ਜਦੋਂ ਪਟਿਆਲੇ ਵਿੱਚ ਹੜ੍ਹ ਆਇਆ ਤਾਂ ਸ਼ਿਵ ਸੈਨਾ ਹਿੰਦੁਸਤਾਨ ਨੇ ਜਾਤ-ਪਾਤ ਅਤੇ ਧਰਮ ਤੋਂ ਉਪਰ ਉਠ ਕੇ ਲੋਕਾਂ ਦੇ ਹਿੱਤ ਵਿੱਚ ਉਨ੍ਹਾਂ ਦੀ ਦੁਰਦਸ਼ਾ ਨੂੰ ਸਮਝਦਿਆਂ ਉਸ ਔਖੇ ਸਮੇਂ ਵਿੱਚ ਛੋਟੇ ਬੱਚਿਆਂ ਲਈ ਦੁੱਧ ਦਾ ਲੰਗਰ ਲਗਾਇਆ ਅਤੇ ਬਿਨਾਂ ਸੱਤਾ ਅਤੇ ਬਿਨ੍ਹਾਂ ਸਰਕਾਰ ਦੇ ਆਮ ਲੋਕਾਂ ਦੀ ਦੁਰਦਸ਼ਾ ਵਿੱਚ ਮਦਦ ਕੀਤੀ। ਬਿਨਾ ਸਰਕਾਰੀ ਸਾਧਨਾ ਦੇ ਸੇਵਾ ਕੀਤੀ।

ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਤੇ ਸਮਾਜ ਸੇਵੀ ਡਾ: ਭਾਈ ਪਰਮਜੀਤ ਸਿੰਘ, ਸ਼ਿਵ ਸੈਨਾ ਹਿੰਦੁਸਤਾਨ ਦੇ ਹੋਰ ਸੀਨੀਅਰ ਆਗੂ ਸ਼੍ਰੀ ਸ਼ਮਾਕਾਂਤ ਪਾਂਡੇ, ਸ਼੍ਰੀ ਸਵਰਾਜ ਘੁੰਮਣ ਭਾਟੀਆ, ਸ਼੍ਰੀਮਤੀ ਕਾਂਤਾ ਬਾਂਸਲ, ਸ਼੍ਰੀ ਰਵਿੰਦਰ ਸਿੰਗਲਾ, ਸ਼੍ਰੀ ਅਮਰਜੀਤ ਬੰਟੀ। , ਸ਼੍ਰੀ ਰਾਜਕੁਮਾਰ, ਸ਼੍ਰੀ ਹਿਤੇਸ਼ ਰਿੰਕੂ, ਸ਼੍ਰੀ ਤਰੁਣ ਪਾਲ ਸਿੰਘ ਕੋਹਲੀ, ਸ਼੍ਰੀਮਤੀ ਹਰਸ਼ ਬਜਾਜ ਤੋਂ ਇਲਾਵਾ ਹੋਰ ਆਗੂ ਵੀ ਹਾਜ਼ਰ ਸਨ ਅਤੇ ਇਸ ਚੋਣ ਪ੍ਰਚਾਰ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਪਾਰਟੀ ਦੇ ਹੋਰ ਉਮੀਦਵਾਰਾਂ ਨੂੰ ਹਰਾਉਣ ਦੀ ਅਪੀਲ ਕੀਤੀ ਅਤੇ ਉਨ੍ਹਾਂ ਤੋਂ ਉਨਾਂ ਦੇਵਿਸ਼ਵਾਸ਼ ਅਤੇ ਆਸ਼ੀਰਵਾਦ ਦੀ ਅਪੀਲ ਕਰਦਿਆ ਸ਼੍ਰੀ ਕ੍ਰਿਸ਼ਨ ਕੁਮਾਰ ਗਾਬਾ ਨੂੰ ਜਿਤਾਉਣ ਦੀ ਅਪੀਲ ਕੀਤੀ ।

# ਝਾਰਖੰਡ ਦੇ ਮੰਤਰੀ ਦਾ ਨਿੱਜੀ ਸਕੱਤਰ ਤੇ ਉਸ ਦਾ ਨੌਕਰ 36.23 ਕਰੋੜ ਰੁਪਏ ਬਰਾਮਦਗੀ ਮਾਮਲੇ 'ਚ ਗ੍ਰਿਫ਼ਤਾਰ

**ਰਾਂਚੀ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਅੱਜ ਝਾਰਖੰਡ ਸਰਕਾਰ ਦੇ ਮੰਤਰੀ ਆਲਮਗੀਰ ਆਲਮ ਦੇ ਨਿੱਜੀ ਸਕੱਤਰ ਸੰਜੀਵ ਲਾਲ ਅਤੇ ਉਸ ਦੇ ਘਰੇਲੂ ਨੌਕਰ ਨੂੰ 36.23 ਕਰੋੜ ਰੁਪਏ ਤੋਂ ਵੱਧ ਦੀ ਨਕਦੀ ਦੀ ਬਰਾਮਦਗੀ ਦੇ ਮਾਮਲੇ ਵਿਚ ਗ੍ਰਿਫਤਾਰ ਕੀਤਾ ਹੈ।

ਸੂਤਰਾਂ ਨੇ ਦੱਸਿਆ ਕਿ ਰਾਤ ਨੂੰ ਕੀਤੀ ਪੁੱਛ ਪੜਤਾਲ ਬਾਅਦ ਦੋਵਾਂ ਨੂੰ ਮਨੀ ਲਾਂਡਰਿੰਗ ਰੋਕੂ ਕਾਨੂੰਨ (ਪੀਐੱਮਐੱਲਏ) ਦੀਆਂ ਧਾਰਾਵਾਂ ਤਹਿਤ ਹਿਰਾਸਤ ਵਿੱਚ ਲਿਆ ਗਿਆ। ਦੋਵਾਂ ਨੇ ਜਾਂਚ ਵਿੱਚ ਸਹਿਯੋਗ ਨਹੀਂ ਦਿੱਤਾ ਅਤੇ ਈਡੀ ਅਧਿਕਾਰੀਆਂ ਵੱਲੋਂ ਪੁੱਛੇ ਸਵਾਲਾਂ ਨੂੰ ਟਾਲਦੇ ਰਹੇ।

# ਗੁਰਪ੍ਰੀਤ ਸਿੰਘ ਜੀਪੀ ਦੇ ਹੱਕ ਵਿੱਚ ਵਿਧਾਇਕ ਮੁੰਡੀਆਂ ਦਾ ਹਲਕਾ ਸਾਹਨੇਵਾਲ ਦੇ ਪਿੰਡਾਂ ਵਿੱਚ ਤੂਫਾਨੀ ਦੌਰਾ



**ਸਾਹਨੇਵਾਲ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਦੀਆਂ ਵੋਟਾਂ ਦੇ ਦਿਨ ਨੇੜੇ ਆ ਰਹੇ ਹਨ ਉਸੇ ਤਰ੍ਹਾਂ ਪਿੰਡਾਂ ਦੇ ਵਿੱਚ ਜਾ ਕੇ ਹਰ ਕੋਈ ਪਾਰਟੀ ਵਰਕਰ ਸਖਤ ਮਿਹਨਤ ਕਰ ਰਿਹਾ ਹੈ ਅਤੇ ਆਪਣੀ ਪਾਰਟੀ ਦੇ ਵਿੱਚ ਨਾਲ ਵੱਧ ਤੋਂ ਵੱਧ ਲੋਕਾਂ ਨੂੰ ਜੋੜ ਰਹੇ ਹਨ ਅਤੇ ਆਪਣੇ ਉਮੀਦਵਾਰ ਨੂੰ ਜਿਤਾਉਣ ਲਈ ਦਿਲੋਂ ਸਖਤ ਮਿਹਨਤ ਕਰ ਰਿਹਾ ਹੈ।

ਇਸੇ ਤਰ੍ਹਾਂ ਹਲਕਾ ਸਾਹਨੇਵਾਲ ਦੇ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਨੇ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਜੀਪੀ ਨੂੰ ਜਿਤਾਉਣ ਲਈ ਸਖਤ ਮਿਹਨਤ ਕਰ ਰਹੇ ਹਨ ਅਤੇ ਹਰ ਪਿੰਡ ਘਰ- ਘਰ ਜਾ ਕੇ ਇਕੱਲੇ-ਇਕੱਲੇ ਨੂੰ 'ਆਪ' ਪਾਰਟੀ ਦੇ ਦੋ ਸਾਲ ਦੇ ਕੀਤੇ ਹੋਏ ਕੰਮਾਂ ਦੇ ਆਧਾਰ ਤੇ ਵੋਟਾਂ ਲਈ ਕਹਿ ਰਹੇ ਹਨ। ਇਸੇ ਤਰ੍ਹਾਂ ਅੱਜ ਹਲਕਾ ਸਾਹਨੇਵਾਲ ਦੇ ਅਧੀਨ ਆਉਂਦੇ ਕਈ ਪਿੰਡਾਂ ਦੇ ਬਲਾਕ ਸੰਮਤੀ ਮੈਂਬਰਾਂ , ਸਰਪੰਚਾਂ-ਪੰਚਾਂ ਅਤੇ ਹੋਰ ਸੈਂਕੜੇ ਗਿਣਤੀ ਵਿੱਚ ਕਈ ਲੋਕਾਂ ਨੇ ਦੂਜੀਆਂ ਪਾਰਟੀਆਂ ਨੂੰ ਛੱਡ ਕੇ ਹਲਕਾ ਸਾਹਨੇਵਾਲ ਦੇ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ। ਇਸ ਮੌਕੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਮੈਂਬਰਾਂ ਦਾ ਹਰਦੀਪ ਸਿੰਘ ਮੁੰਡਿਆਂ ਨੇ ਤਹਿ ਦਿਲ ਤੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਆਮ ਆਦਮੀ ਪਾਰਟੀ ਨਾਲ ਜਿਹੜਾ ਵੀ ਵਰਕਰ ਤਨ ਅਤੇ ਮਨ ਲਾ ਕੇ ਸੇਵਾ ਕਰੇਗਾ ਉਸ ਨੂੰ ਪਾਰਟੀ ਵੱਲੋਂ ਬਣਦਾ ਮਾਣ ਸਤਿਕਾਰ ਜਰੂਰ ਦਿੱਤਾ ਜਾਵੇਗਾ।

# ਨਾਮਜ਼ਦਗੀਆਂ ਦੇ ਪਹਿਲੇ ਦਿਨ ਪਟਿਆਲਾ ਲੋਕ ਸਭਾ ਹਲਕੇ ਤੋਂ ਤਿੰਨ ਉਮੀਦਵਾਰਾਂ ਨੇ ਦਾਖਲ ਕੀਤੇ ਨਾਮਜ਼ਦਗੀ ਪੱਤਰ



ਦੇਵਿੰਦਰ ਰਾਜਪੂਤ



ਜਗਦੀਸ਼ ਕੁਮਾਰ



ਡਿੰਪਲ

**ਪਟਿਆਲਾ, 8 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

"ਲੋਕ ਸਭਾ ਦੀਆਂ 1 ਜੂਨ 2024 ਨੂੰ ਹੋਣ ਵਾਲੀਆਂ ਆਮ ਚੋਣਾਂ ਲਈ ਲੋਕ ਸਭਾ ਹਲਕਾ ਪਟਿਆਲਾ-13 ਲਈ ਨਾਮਜ਼ਦਗੀਆਂ ਦੇ ਪਹਿਲੇ ਦਿਨ ਅੱਜ ਤਿੰਨ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਰਿਟਰਨਿੰਗ ਅਫ਼ਸਰ ਕੋਲ ਦਾਖਲ ਕੀਤੇ ਹਨ ।" ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਪਟਿਆਲਾ ਸ਼ੌਕਤ ਅਹਿਮਤ ਪਰੇ ਨੇ ਦਿੱਤੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਭਾਰਤੀ ਜਵਾਨ ਕਿਸਾਨ ਪਾਰਟੀ ਦੇ ਉਮੀਦਵਾਰ ਦੇਵਿੰਦਰ ਰਾਜਪੂਤ ਸਮੇਤ ਆਜ਼ਾਦ ਉਮੀਦਵਾਰਾਂ ਡਿੰਪਲ ਅਤੇ ਜਗਦੀਸ਼ ਕੁਮਾਰ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਦਾਖਲ ਕਰਨ ਵਾਲੇ ਸਾਰੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਭਾਰਤੀ ਚੋਣ ਕਮਿਸ਼ਨ ਦੀ ਐਂਡਰਾਇਡ ਤੇ ਆਈ.ਓ.ਐਸ. ਅਧਾਰਤ ਮੋਬਾਇਲ ਫੋਨ ਐਪ 'ਨੋਅ ਯੂਅਰ ਕੈਂਡੀਡੇਟ' (ਕੇ.ਵਾਈ.ਸੀ.) ਆਪਣੇ ਮੋਬਾਇਲ ਫੋਨਾਂ ਵਿੱਚ ਡਾਊਨਲੋਡ ਕਰਕੇ ਵੀ ਦੇਖੇ ਜਾ ਸਕਦੇ ਹਨ। ਇਸ ਤੋਂ ਬਿਨ੍ਹਾਂ ਉਮੀਦਵਾਰਾਂ ਵੱਲੋਂ ਜਮ੍ਹਾਂ ਕਰਵਾਏ ਗਏ ਆਪਣੇ ਐਫੀਡੇਵਿਟ ਮੁੱਖ ਚੋਣ ਅਫ਼ਸਰ, ਪੰਜਾਬ ਦੀ ਵੈਬਸਾਇਟ 'ਸੀਈਓ ਪੰਜਾਬ ਡਾਟ ਜੀਓਵੀ ਡਾਟ ਇਨ' ਅਤੇ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਦੀ ਵੈਬਸਾਇਟ 'ਪਟਿਆਲਾ ਡਾਟ ਐਨ.ਆਈ.ਸੀ. ਡਾਟ ਇਨ' ਉਪਰ ਵੀ ਅਪਲੋਡ ਕੀਤੇ ਗਏ ਹਨ, ਇਨ੍ਹਾਂ ਦੋਵਾਂ ਵੈਬਸਾਇਟਾਂ ਉਪਰ ਆਮ ਲੋਕ ਤੇ ਵੋਟਰ ਆਪਣੇ ਉਮੀਦਵਾਰਾਂ ਦੇ ਐਫੀਡੇਵਿਟ ਦੇਖ ਸਕਦੇ ਹਨ। ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਨਾਮਜ਼ਦਗੀ ਪੱਤਰ 14 ਮਈ ਤੱਕ ਡਿਪਟੀ ਕਮਿਸ਼ਨਰ ਦੇ ਕੋਰਟ ਰੂਮ (ਕਮਰਾ ਨੰਬਰ 108) ਵਿਖੇ ਸਵੇਰੇ 11 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਦੀ ਪੜਤਾਲ 15 ਮਈ ਬੁੱਧਵਾਰ ਨੂੰ ਹੋਵੇਗੀ ਅਤੇ ਉਮੀਦਵਾਰ 18 ਮਈ ਤੱਕ ਆਪਣੇ ਨਾਮਜ਼ਦਗੀ ਵਾਪਸ ਲੈ ਸਕਣਗੇ।

# ਪੰਨੂ ਕਤਲ ਸਾਜ਼ਿਸ਼ ਮਾਮਲੇ ਨੂੰ ਅਸੀਂ ਗੰਭੀਰਤਾ ਨਾਲ ਲੈ ਰਹੇ ਹਾ ਤੇ ਭਾਰਤ ਵੀ ਇੰਝ ਹੀ ਲਵੇ: ਅਮਰੀਕਾ



**ਵਾਸ਼ਿੰਗਟਨ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਵਿਚ ਸਿੱਖ ਵੱਖਵਾਦੀ ਆਗੂ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਸਾਜ਼ਿਸ਼ ਦੇ ਦੋਸ਼ਾਂ 'ਤੇ ਭਾਰਤ ਵੱਲੋਂ ਕੀਤੀ ਜਾ ਰਹੀ ਜਾਂਚ ਦੇ ਨਤੀਜਿਆਂ ਦੀ ਅਮਰੀਕਾ ਉਡੀਕ ਕਰ ਰਿਹਾ ਹੈ। ਵਿਦੇਸ਼ ਵਿਭਾਗ ਦੇ ਬੁਲਾਰੇ ਮੈਥਿਊ ਮਿਲਰ ਨੇ ਅੱਜ ਆਪਣੀ ਪ੍ਰੈੱਸ ਕਾਨਫਰੰਸ 'ਚ ਕਿਹਾ, 'ਉਨ੍ਹਾਂ (ਭਾਰਤ ਸਰਕਾਰ) ਨੇ ਮਾਮਲੇ ਦੀ ਜਾਂਚ ਲਈ ਕਮੇਟੀ ਬਣਾਈ ਹੈ ਅਤੇ ਜਾਂਚ ਜਾਰੀ ਹੈ, ਅਸੀਂ ਜਾਂਚ ਦੇ ਨਤੀਜੇ ਦੀ ਉਡੀਕ ਕਰਾਂਗੇ ਪਰ ਅਸੀਂ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਇਹ ਕੁੱਝ ਅਜਿਹਾ ਹੈ, ਜਿਸ ਨੂੰ ਅਸੀਂ ਗੰਭੀਰਤਾ ਨਾਲ ਲੈ ਰਹੇ ਹਾਂ ਅਤੇ ਸਾਨੂੰ ਲਗਦਾ ਹੈ ਕਿ ਉਨ੍ਹਾਂ ਨੂੰ ਵੀ ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ।'

# ਦਰਸ਼ਨ ਸਿੰਘ ਬਰਾੜ ਦਾ ਕਾਵਿ ਸੰਗ੍ਰਹਿ 'ਜਗਤ ਕਾਫ਼ਲਾ' ਲੋਕ ਅਰਪਣ ਕੀਤਾ



**ਜੈਤੋਂ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਦੀਪਕ ਜੈਤੋਈ ਮੰਚ (ਰਜਿ:) ਜੈਤੋ ਵੱਲੋਂ ਇਕ ਸਾਹਿਤਕ ਸਮਾਗਮ ਇੱਥੋਂ ਦੇ ਪੈਨਸ਼ਨਰਜ਼ ਭਵਨ ਵਿਖੇ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਸਰਵਸ੍ਰੀ ਸੁਰਿੰਦਰਪ੍ਰੀਤ ਘਣੀਆਂ, ਤਰਸੇਮ ਨਰੂਲਾ, ਸਾਧੂ ਰਾਮ ਸ਼ਰਮਾ, ਮੇਜਰ ਸਿੰਘ ਬਰਾੜ, ਤੇਜ ਸਿੰਘ ਬਰਾੜ ਤੇ ਦਰਸ਼ਨ ਸਿੰਘ ਬਰਾੜ ਸੁਸ਼ੋਭਿਤ ਸਨ। ਇਸ ਮੌਕੇ ਮੰਚ ਦੇ ਪ੍ਰਧਾਨ ਦਰਸ਼ਨ ਸਿੰਘ ਬਰਾੜ ਦੀ ਕਾਵਿ ਪੁਸਤਕ @ਜਗਤ ਕਾਫ਼ਲਾ@ ਲੋਕ ਅਰਪਣ ਕੀਤੀ ਗਈ।

ਉੱਘੇ ਸ਼ਾਇਰ ਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਆਗੂ ਸੁਰਿੰਦਰਪ੍ਰੀਤ ਘਣੀਆਂ ਨੇ ਪੁਸਤਕ ਬਾਰੇ ਚਰਚਾ ਕਰਦਿਆ ਕਿਹਾ ਕਿ ਦਰਸ਼ਨ ਸਿੰਘ ਬਰਾੜ ਦੀਆਂ ਕਵਿਤਾਵਾਂ ਵਿਚ ਵਿਸ਼ਿਆਂ ਪੱਖੋਂ ਵੰਨਗੀ ਤੇ ਨਵੀਨਤਾ ਹੈ। ਲੇਖਕ ਕੋਲ ਜ਼ਿੰਦਗੀ ਦਾ ਵਸੀਹ ਅਨੁਭਵ ਹੈ ਜਿਸ ਨੂੰ ਉਸ ਨੇ ਆਪਣੀਆਂ ਕਵਿਤਾਵਾਂ ਦਾ ਆਧਾਰ ਬਣਾਇਆ ਹੈ ਪਰ ਰੂਪਕ ਪੱਖ ਤੋਂ ਸੁਚੇਤ ਹੋਣ ਦੀ ਲੋੜ ਹੈ। ਸੁੰਦਰ ਪਾਲ ਪ੍ਰੇਮੀ, ਤਰਸੇਮ ਨਰੂਲਾ ਤੇ ਮੇਜਰ ਸਿੰਘ ਬਰਾੜ ਨੇ ਵੀ ਪੁਸਤਕ ਬਾਰੇ ਆਪਣੀ ਰਾਇ ਸਾਂਝੀ ਕਰਦਿਆਂ ਇਸ ਨੂੰ ਲੇਖਕ ਦੀ ਚੰਗੀ ਤੇ ਨਿੱਗਰ ਸ਼ੁਰੂਆਤ ਦੱਸਿਆ। ਪੁਸਤਕ ਦੇ ਲੇਖਕ ਦਰਸ਼ਨ ਸਿੰਘ ਬਰਾੜ ਨੇ ਕਿਤਾਬ ਬਾਰੇ ਪੇਸ਼ ਕੀਤੇ ਗਏ ਵਿਚਾਰਾਂ ਤੇ ਸੰਤੁਸ਼ਟੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਬੁਲਾਰਿਆਂ ਵੱਲੋਂ ਪੇਸ਼ ਨਿੱਗਰ ਸੁਝਾਅ ਅਗਲੀ ਸਿਰਜਣਾਂ ਲਈ ਰਾਹ ਦਸੇਰਾ ਬਣਨਗੇ।

ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਮਲਕੀਤ ਕਿੱਟੀ, ਮੇਲਾ ਰਾਮ, ਸਿਕੰਦਰ ਚੰਦਭਾਨ, ਸੁਖਜਿੰਦਰ ਮੁਹਾਰ, ਹਰਭਗਵਾਨ ਕਰੀਰਵਾਲੀ, ਮੀਤ ਬਠਿੰਡਾ, ਸੁੰਦਰਪਾਲ ਪ੍ਰੇਮੀ, ਸੁੰਦਰ ਸਿੰਘ ਬਾਜਾਖਾਨਾ, ਸੁਰਿੰਦਰਪਾਲ ਸਿੰਘ ਝੱਖੜਵਾਲਾ, ਭੁਪਿੰਦਰ ਸਰਵੇਅਰ, ਹਰਮੇਲ ਪਰੀਤ, ਸੁਰਿੰਦਰਪ੍ਰੀਤ ਘਣੀਆਂ, ਤਰਸੇਮ ਨਰੂਲਾ ਆਦਿ ਨੇ ਵੱਖ ਵੱਖ ਕਾਵਿ ਵੰਨਗੀਆਂ ਪੇਸ਼ ਕੀਤੀਆਂ।

# ਕਾਂਗਰਸ ਛੱਡਣ ਵਾਲੀ ਰਾਧਿਕਾ ਖੇੜਾ ਤੇ ਅਭਿਨੇਤਾ ਸ਼ੇਖਰ ਸੁਮਨ ਭਾਜਪਾ 'ਚ ਹੋਏ ਸ਼ਾਮਲ



**ਨਵੀਂ ਦਿੱਲੀ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ ਵਿਚਾਲੇ ਕਾਂਗਰਸ ਤੋਂ ਅਸਤੀਫਾ ਦੇ ਚੁੱਕੀ ਰਾਧਿਕਾ ਖੇੜਾ ਅਤੇ ਅਭਿਨੇਤਾ ਸ਼ੇਖਰ ਸੁਮਨ, ਦੋਵੇਂ ਮੰਗਲਵਾਰ ਨੂੰ ਭਾਰਤੀ ਜਨਤਾ ਪਾਰਟੀ 'ਚ ਸ਼ਾਮਲ ਹੋ ਗਏ ਹਨ। ਰਾਧਿਕਾ ਖੇੜਾ ਅਤੇ ਸ਼ੇਖਰ ਸੁਮਨ ਨੇ ਦਿੱਲੀ ਸਥਿਤ ਭਾਜਪਾ ਦੇ ਹੈੱਡਕੁਆਟਰ 'ਚ ਪਾਰਟੀ ਦੀ ਮੈਂਬਰਸ਼ਿਪ ਲਈ। ਕਾਂਗਰਸ ਦੀ ਰਾਸ਼ਟੀਰ ਮੀਡੀਆ ਕੋਆਰਡੀਨੇਟਰ ਰਾਧਿਕਾ ਖੇੜਾ ਨੇ ਛੱਤੀਸਗੜ੍ਹ ਦੇ ਸੰਚਾਰ ਵਿਭਾਗ ਦੇ ਚੇਅਰਮੈਨ ਸੁਸ਼ੀਲ ਆਨੰਦ ਸ਼ੁਕਲਾ 'ਤੇ ਗੰਭੀਰ ਦੋਸ਼ ਲਗਾਉਂਦੇ ਹੋਏ ਪਾਰਟੀ ਤੋਂ ਅਸਤੀਫਾ ਦੇ ਦਿੱਤਾ ਸੀ। ਰਾਧਿਕਾ ਨੇ ਕਿਹਾ ਸੀ ਕਿ ਸੁਸ਼ੀਲ ਨੇ ਮੈਨੂੰ ਸ਼ਰਾਬ ਆਫਰ ਕੀਤੀ ਸੀ। ਉਨ੍ਹਾਂ ਨੇ ਰਾਤ ਨੂੰ ਮੇਰੇ ਕਮਰੇ ਦਾ ਦਰਵਾਜ਼ਾ ਖੜਕਾਇਆ ਸੀ। ਕਾਂਗਰਸ ਪਾਰਟੀ ਤੋਂ ਅਸਤੀਫਾ ਦੇਣ 'ਤੇ ਰਾਧਿਕਾ ਖੇੜਾ ਨੇ ਕਿਹਾ ਸੀ ਕਿ ਮੈਂ ਹਮੇਸ਼ਾ ਸੁਣਿਆ ਹੈ ਕਿ ਕਾਂਗਰਸ ਰਾਮ ਵਿਰੋਧੀ, ਸਨਾਤਨ ਵਿਰੋਧੀ ਅਤੇ ਹਿੰਦੂ ਵਿਰੋਧੀ ਹੈ ਪਰ ਮੈਂ ਇਸ 'ਤੇ ਕਦੇ ਵਿਸ਼ਵਾਸ ਨਹੀਂ ਕੀਤਾ। ਮਹਾਤਮਾ ਗਾਂਧੀ ਹਰ ਮੁਲਾਕਾਤ ਦੀ ਸ਼ੁਰੂਆਤ 'ਰਘੁਪਤੀ ਰਾਘਵ ਰਾਜਾ ਰਾਮ' ਨਾਲ ਕਰਦੇ ਸਨ। ਮੈਨੂੰ ਸੱਚਾਈ ਦਾ ਪਤਾ ਉਦੋਂ ਲੱਗਾ ਜਦੋਂ ਮੈਂ ਆਪਣੀ ਦਾਦੀ ਨਾਲ ਰਾਮ ਮੰਦਰ ਗਈ ਅਤੇ ਉਥੋਂ ਵਾਪਸ ਆ ਕੇ ਮੈਂ ਆਪਣੇ ਘਰ ਦੇ ਦਰਵਾਜ਼ੇ 'ਤੇ 'ਜੈ ਸ਼੍ਰੀ ਰਾਮ' ਦਾ ਝੰਡਾ ਲਗਾ ਦਿੱਤਾ ਅਤੇ ਉਸ ਤੋਂ ਬਾਅਦ ਕਾਂਗਰਸ ਪਾਰਟੀ ਮੈਨੂੰ ਨਫ਼ਰਤ ਕਰਨ ਲੱਗੀ। ਜਦੋਂ ਵੀ ਮੈਂ ਤਸਵੀਰਾਂ ਜਾਂ ਵੀਡੀਓ ਪੋਸਟ ਕੀਤੀਆਂ, ਮੈਨੂੰ ਝਿੜਕਿਆ ਗਿਆ ਅਤੇ ਪੁੱਛਿਆ ਗਿਆ ਕਿ ਜਦੋਂ ਚੋਣਾਂ ਚੱਲ ਰਹੀਆਂ ਸਨ ਤਾਂ ਮੈਂ ਅਯੁੱਧਿਆ ਕਿਉਂ ਗਈ।

ਇਸ ਦੇ ਨਾਲ ਹੀ ਰਾਜਨੀਤੀ 'ਚ ਸ਼ੇਖਰ ਸੁਮਨ ਦੀ ਇਹ ਦੂਜੀ ਪਾਰੀ ਹੋਵੇਗੀ। ਉਨ੍ਹਾਂ ਨੇ 2009 ਦੀਆਂ ਲੋਕ ਸਭਾ ਚੋਣਾਂ ਵੀ ਕਾਂਗਰਸ ਦੀ ਟਿਕਟ 'ਤੇ ਪਟਨਾ ਸਾਹਿਬ ਸੀਟ ਤੋਂ ਲੜੀਆਂ ਸਨ ਪਰ ਉਨ੍ਹਾਂ ਨੂੰ ਭਾਜਪਾ ਨੇਤਾ ਸ਼ਤਰੂਘਨ ਸਿਨਹਾ ਤੋਂ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਉਦੋਂ ਉਨ੍ਹਾਂ ਨੂੰ ਸਿਰਫ਼ 11 ਫ਼ੀਸਦੀ ਵੋਟਾਂ ਮਿਲੀਆਂ ਸਨ। ਜਦਕਿ ਸਿਨਹਾ ਨੇ ਕਰੀਬ 1.67 ਲੱਖ ਵੋਟਾਂ ਦੇ ਵੱਡੇ ਫਰਕ ਨਾਲ ਇਸ ਸੀਟ 'ਤੇ ਕਬਜ਼ਾ ਕੀਤਾ ਸੀ। ਉਨ੍ਹਾਂ ਨੂੰ 57.30 ਫੀਸਦੀ ਵੋਟਾਂ ਮਿਲੀਆਂ। ਬਾਅਦ ਵਿੱਚ 2012 ਵਿੱਚ ਉਨ੍ਹਾਂ ਨੇ ਕਾਂਗਰਸ ਤੋਂ ਅਸਤੀਫਾ ਦੇ ਦਿੱਤਾ। ਉਨ੍ਹਾਂ ਕਿਹਾ ਕਿ ਨਿੱਜੀ ਅਤੇ ਪੇਸ਼ੇਵਰ ਰੁਝੇਵਿਆਂ ਕਾਰਨ ਪਾਰਟੀ ਲਈ ਸਮਾਂ ਕੱਢਣਾ ਔਖਾ ਹੋ ਗਿਆ ਹੈ। ਇਸ ਕਾਰਨ ਉਹ ਪਾਰਟੀ ਛੱਡ ਰਹੇ ਹਨ।

# ਪੰਜਾਬ ਕਾਂਗਰਸ ਦੇ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀਆਂ ਤਾਰੀਖ਼ਾਂ ਜਾਰੀ

**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ 'ਚ ਲੋਕ ਸਭਾ ਚੋਣਾਂ 2024 ਲਈ ਨਾਮਜ਼ਦਗੀਆਂ ਦੀ ਸ਼ੁਰੂਆਤ ਅੱਜ ਯਾਨੀ 8 ਮਈ ਤੋਂ ਹੋ ਗਈ ਹੈ ਤੇ ਇਸ ਦੀ ਆਖਰੀ 14 ਮਈ (ਮੰਗਲਵਾਰ) ਹੈ। ਇਸ ਦੇ ਨਾਲ ਹੀ ਕਾਂਗਰਸ ਵੱਲੋਂ ਪੰਜਾਬ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦਾ ਵੇਰਵਾ ਵੀ ਜਾਰੀ ਕਰ ਦਿੱਤਾ ਗਿਆ ਹੈ।

ਕਾਂਗਸ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਸੰਗਰੂਰ ਤੋਂ, ਡਾ. ਧਰਮਵੀਰ ਗਾਂਧੀ ਪਟਿਆਲਾ ਤੋਂ 8 ਮਈ ਨੂੰ, ਕੁਲਬੀਰ ਸਿੰਘ ਜ਼ੀਰਾ ਖਡੂਰ ਸਾਹਿਬ ਤੋਂ 9 ਮਈ ਨੂੰ, ਸੁਖਜਿੰਦਰ ਸਿੰਘ ਰੰਧਾਵਾ ਗੁਰਦਾਸਪੁਰ ਤੋਂ, ਚਰਨਜੀਤ ਸਿੰਘ ਚੰਨੀ ਜਲੰਧਰ ਤੋਂ, ਯਾਮਿਨੀ ਗੋਮਰ ਹੁਸ਼ਿਆਰਪੁਰ ਤੋਂ, ਡਾ. ਅਮਰ ਸਿੰਘ ਫ਼ਤਿਹਗੜ੍ਹ ਸਾਹਿਬ, ਅਮਰਜੀਤ ਕੌਰ ਸਾਹੋਕੇ ਫਰੀਦਕੋਟ ਤੋਂ, ਜੀਤ ਮਹਿੰਦਰਜੀਤ ਸਿੰਘ ਸਿੱਧੂ ਬਠਿੰਡਾ ਤੋਂ 10 ਮਈ ਨੂੰ, ਗੁਰਜੀਤ ਸਿੰਘ ਔਜਲਾ ਅੰਮ੍ਰਿਤਸਰ ਤੋਂ 11 ਮਈ ਨੂੰ ਅਤੇ ਵਿਜੇ ਇੰਦਰ ਸਿੰਗਲਾ ਤੋਂ ਸ੍ਰੀ ਅਨੰਦਪੁਰ ਸਾਹਿਬ ਤੋਂ 13 ਮਈ ਨੂੰ ਨਾਮਜ਼ਦਗੀ ਕਾਗਜ਼ ਦਾਖ਼ਲ ਕਰਨਗੇ।

ਲੋਕ ਸਭਾ ਚੋਣਾਂ ਲਈ ਪੰਜਾਬ 'ਚ ਨਾਮਜ਼ਦਗੀਆਂ ਭਰਨ ਦੀ ਆਖਰੀ ਮਿਤੀ 14 ਮਈ (ਮੰਗਲਵਾਰ) ਹੈ ਅਤੇ ਨਾਮਜ਼ਦਗੀਆਂ ਦੀ ਪੜਤਾਲ 15 ਮਈ (ਬੁੱਧਵਾਰ) ਨੂੰ ਹੋਵੇਗੀ। ਉਮੀਦਵਾਰ 18 ਮਈ, 2024 (ਸ਼ੁੱਕਰਵਾਰ) ਤੱਕ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਸਕਦੇ ਹਨ। ਸੂਬੇ ਵਿਚ 1 ਜੂਨ, 2024 (ਸ਼ਨੀਵਾਰ) ਨੂੰ ਵੋਟਾਂ ਪੈਣਗੀਆਂ। ਵੋਟਾਂ ਪੈਣ ਦਾ ਸਮਾਂ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਹੋਵੇਗਾ। ਪੰਜਾਬ ਸਮੇਤ ਦੇਸ਼ ਵਿਚ ਪਈਆਂ ਵੋਟਾਂ ਦੀ ਗਿਣਤੀ 4 ਜੂਨ, 2024 (ਮੰਗਲਵਾਰ) ਨੂੰ ਕੀਤੀ ਜਾਵੇਗੀ। ਚੋਣਾਂ ਦੇ ਮੁਕੰਮਲ ਹੋਣ ਦੀ ਅੰਤਿਮ ਮਿਤੀ 6 ਜੂਨ, 2024 (ਵੀਰਵਾਰ) ਹੈ।

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ 8 ਮਈ ਤੋਂ 14 ਮਈ ਤਕ ਜਨਤਕ ਛੁੱਟੀ ਤੋਂ ਇਲਾਵਾ ਬਾਕੀ ਸਾਰੇ ਨਿਰਧਾਰਤ ਦਿਨਾਂ ਦੌਰਾਨ ਹਲਕਿਆਂ ਦੇ ਡਿਪਟੀ ਕਮਿਸ਼ਨਰਾਂ-ਕਮ-ਰਿਟਰਨਿੰਗ ਅਫ਼ਸਰਾਂ ਕੋਲ ਸਵੇਰੇ 11 ਵਜੇ ਤੋਂ ਸ਼ਾਮ 3 ਵਜੇ ਤੱਕ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਜਾ ਸਕਦੇ ਹਨ।

ਦੱਸਣਯੋਗ ਹੈ ਕਿ ਨਾਮਜ਼ਦਗੀ ਪੱਤਰ ਫਾਰਮ 21 ਵਿਚ ਭਰੇ ਜਾਣੇ ਹਨ।ਖਾਲੀ ਫਾਰਮ ਸਬੰਧਤ ਰਿਟਰਨਿੰਗ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੋਲ ਉਪਲਬਧ ਹਨ। ਟਾਈਪ ਕੀਤੇ ਨਾਮਜ਼ਦਗੀ ਪੱਤਰ ਵੀ ਸਵੀਕਾਰ ਕੀਤੇ ਜਾਣਗੇ ਬਸ਼ਰਤੇ ਉਹ ਮੁੱਖ ਚੋਣ ਦਫਤਰ ਦੀ ਵੈੱਬਸਾਈਟ (https://www.ceopunjab.gov.in) 'ਤੇ ਦਰਸਾਏ ਗਏ ਨਿਰਧਾਰਤ ਫਾਰਮੈਟ ਵਿੱਚ ਹੋਣ।

ਉਨ੍ਹਾਂ ਕਿਹਾ ਕਿ ਭਗਵਾਨ ਪਰਸ਼ੂਰਾਮ ਜੈਅੰਤੀ (10 ਮਈ, 2024) ਵਾਲੇ ਦਿਨ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਤਹਿਤ ਛੁੱਟੀ ਨਹੀਂ ਹੈ। ਇਸ ਲਈ 10 ਮਈ, 2024 ਨੂੰ ਨਾਮਜ਼ਦਗੀ ਪੱਤਰ ਰਿਟਰਨਿੰਗ ਅਫਸਰ ਕੋਲ ਭਰੇ ਜਾ ਸਕਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ 11 ਮਈ, 2024 ਨੂੰ ਦੂਜਾ ਸ਼ਨੀਵਾਰ ਅਤੇ 12 ਮਈ, 2024 ਨੂੰ ਐਤਵਾਰ ਹੋਣ ਕਰਕੇ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਤਹਿਤ ਛੁੱਟੀ ਹੋਵੇਗੀ। ਇਸ ਲਈ ਇਨ੍ਹਾਂ ਦੋਵੇਂ ਦਿਨਾਂ ਦੌਰਾਨ ਨਾਮਜ਼ਦਗੀ ਪੱਤਰ ਨਹੀਂ ਭਰੇ ਜਾ ਸਕਣਗੇ।

# ਅਪਮਾਨ ਉੱਤੇ ਸ਼ਿਸ਼ਟਾਚਾਰ ਨੂੰ ਲੈ ਕੇ ਸਕਾਰਾਤਮਕ ਆਲੋਚਨਾ ਦੀ ਵਕਾਲਤ : ਰਾਜਾ ਵੜਿੰਗ

**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਲੋਕ ਸਭਾ ਸੀਟ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਲੋਕਾਂ ਦੇ ਦਿਲਾਂ ਦੀ ਆਵਾਜ਼ ਨੂੰ ਦਰਸਾਉਂਦੇ ਹੋਏ ਸ਼ਾਨਦਾਰ ਜਿੱਤ ਦਾ ਭਰੋਸਾ ਪ੍ਰਗਟਾਇਆ ਹੈ। ਦਾਖਾ ਵਿੱਚ ਚੋਣ ਪ੍ਰਚਾਰ ਦੌਰਾਨ ਉਨ੍ਹਾਂ ਨੇ ਆਪਣੇ ਦਿਲ ਤੇ ਹੱਥ ਰੱਖ ਕੇ ਕਿਹਾ, 'ਆਪਣੇ ਦਿਲ ਦੀ ਆਵਾਜ਼ ਸੁਣਨ ਤੋਂ ਬਾਅਦ ਉਨ੍ਹਾਂ ਨੂੰ ਆਪਣੀ ਜਿੱਤ 'ਤੇ ਪੂਰਾ ਭਰੋਸਾ ਹੈ'। ਉਨ੍ਹਾਂ ਕਿਹਾ ਕਿ ਕੰਧ 'ਤੇ ਸਾਫ਼ ਲਿਖਿਆ ਹੋਇਆ ਹੈ ਕਿ ਲੋਕਾਂ ਦੇ ਦਿਲਾਂ ਵਿੱਚ ਉਨ੍ਹਾਂ ਲਈ ਪਿਆਰ ਅਤੇ ਸਮਰਥਨ ਹੈ। ਉਨ੍ਹਾਂ ਦੇ ਦਿਲ, ਦਿਮਾਗ ਅਤੇ ਆਤਮਾ ਨੂੰ ਜਿੱਤ ਦਾ ਪੂਰਾ ਭਰੋਸਾ ਹੈ।

ਇਸ ਦੌਰਾਨ ਲੋਕ ਸਭਾ ਹਲਕੇ ਦੇ ਸਿਆਸੀ ਦ੍ਰਿਸ਼ ਦਾ ਹਵਾਲਾ ਦਿੰਦੇ ਹੋਏ, ਵੜਿੰਗ ਨੇ ਆਮ ਆਦਮੀ ਪਾਰਟੀ (ਆਪ) ਨੂੰ ਖਾਸ ਤੌਰ 'ਤੇ ਨਿਸ਼ਾਨਾ ਬਣਾਇਆ ਅਤੇ ਉਨ੍ਹਾਂ ਦੇ ਉਮੀਦਵਾਰ ਦੀ ਚੋਣ 'ਤੇ ਸ਼ੰਕਾ ਪ੍ਰਗਟਾਈ। ਉਨ੍ਹਾਂ ਨੇ ਪੱਪੀ ਪਰਾਸ਼ਰ ਨੂੰ ਮੈਦਾਨ ਵਿੱਚ ਉਤਾਰਨ ਲਈ 'ਆਪ' ਦੀ ਆਲੋਚਨਾ ਕੀਤੀ ਅਤੇ ਪਿਛਲੀਆਂ ਭੂਮਿਕਾਵਾਂ ਵਿੱਚ ਉਨ੍ਹਾਂ ਦੀ ਕਾਰਗੁਜ਼ਾਰੀ ਦੀ ਘਾਟ ਅਤੇ ਸੰਸਦੀ ਜ਼ਿੰਮੇਵਾਰੀ ਲਈ ਉਨ੍ਹਾਂ ਦੀ ਯੋਗਤਾ 'ਤੇ ਸਵਾਲ ਉਠਾਏ। ਵੜਿੰਗ ਨੇ ਰਾਜਨੀਤੀ ਵਿਚ ਇਮਾਨਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ, ਅਪਮਾਨਜਨਕ ਟਿੱਪਣੀਆਂ ਜਾਂ ਨਿੱਜੀ ਹਮਲਿਆਂ ਤੋਂ ਰਹਿਤ, ਉਸਾਰੂ ਆਲੋਚਨਾ ਅਤੇ ਸਨਮਾਨਜਨਕ ਭਾਸ਼ਣ ਦੀ ਵਕਾਲਤ ਕੀਤੀ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਭਾਜਪਾ ਅਤੇ 'ਆਪ' ਉਮੀਦਵਾਰਾਂ ਦੀ ਮਿਲੀਭੁਗਤ ਹੈ। ਜਿਸਨੂੰ ਲੈ ਕੇ ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ, ÷ਆਪ ਨੇ ਰਵਨੀਤ ਬਿੱਟੂ ਨੂੰ ਪੱਪੀ ਪਰਾਸ਼ਰ ਦੇ ਰੂਪ 'ਚ ਪੱਪੀ ਦਿੱਤੀ ਹੈ÷।

ਇਸ ਲੜੀ ਹੇਠ, ਲੁਧਿਆਣਾ ਦੀ ਬਿਹਤਰੀ ਲਈ ਵੜਿੰਗ ਦੀ ਵਚਨਬੱਧਤਾ ਉਦੋਂ ਝਲਕਦੀ ਹੈ ਜਦੋਂ ਉਹ ਲੋਕ ਸਭਾ ਹਲਕੇ ਲਈ ਆਪਣੇ ਦ੍ਰਿਸ਼ਟੀਕੋਣ ਨੂੰ ਬਿਆਨ ਕਰਦੇ ਹਨ। ਇਸ ਸਿਲਸਿਲੇ ਵਿੱਚ, ਵਿਕਾਸ ਦੇ ਆਪਣੇ ਟਰੈਕ ਰਿਕਾਰਡ ਵੱਲ ਧਿਆਨ ਖਿੱਚਦਿਆਂ, ਉਨ੍ਹਾਂ ਨੇ ਆਪਣੇ ਸਮਰਪਣ ਦੇ ਸਬੂਤ ਵਜੋਂ ਗਿੱਦੜਬਾਹਾ ਦੀ ਕਾਇਆਕਲਪ ਨੂੰ ਉਜਾਗਰ ਕੀਤਾ। ਲੁਧਿਆਣਾ ਦੇ 'ਮੈਨਚੈਸਟਰ ਆਫ਼ ਪੰਜਾਬ' ਵਜੋਂ ਉਸਦੇ ਰੁਤਬੇ ਨੂੰ ਮੁੜ ਹਾਸਲ ਕਰਨ ਦੀ ਇੱਛਾ ਦਾ ਸੰਕੇਤ ਦਿੰਦੇ ਹੋਏ, ਵੜਿੰਗ ਨੇ ਉਦਯੋਗਾਂ ਦੇ ਪ੍ਰਵਾਸ, ਪ੍ਰਦੂਸ਼ਣ, ਮਜ਼ਦੂਰਾਂ ਦੇ ਜੀਵਨ ਪੱਧਰ ਅਤੇ ਅਵਾਰਾ ਪਸ਼ੂਆਂ ਦੀ ਸਮੱਸਿਆ ਵਰਗੇ ਮੁੱਦਿਆਂ ਨੂੰ ਛੋਹਿਆ।

ਹਾਲਾਂਕਿ, ਬਹੁਤ ਸਾਰੀਆਂ ਚੁਣੌਤੀਆਂ ਦੇ ਬਾਵਜੂਦ, ਵੜਿੰਗ ਬਿਨਾਂ ਪਿੱਛੇ ਹਟੇ ਅੱਗੇ ਵਧ ਰਹੇ ਹਨ ਅਤੇ ਲੋਕਾਂ ਦੇ ਸੰਘਰਸ਼ ਵਿੱਚ ਸ਼ਾਮਲ ਹੋਣ ਅਤੇ ਉਨ੍ਹਾਂ ਦੀ ਆਵਾਜ਼ ਬਣਨ ਦੀ ਸਹੁੰ ਖਾਂਦੇ ਹਨ। ਦਾਖਾ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਚੋਣ ਪ੍ਰਚਾਰ ਦੌਰਾਨ ਉਨ੍ਹਾਂ ਨੂੰ ਵੋਟਰਾਂ ਦਾ ਭਰਵਾਂ ਸਹਿਯੋਗ ਮਿਲਿਆ, ਜਿਸ ਨਾਲ ਉਨ੍ਹਾਂ ਦੇ ਲੋਕ ਹਿੱਤਾਂ ਦੀ ਸੇਵਾ ਕਰਨ ਦਾ ਇਰਾਦਾ ਹੋਰ ਵੀ ਮਜ਼ਬੂਤ ਹੋਇਆ। ਪੰਜਾਬ ਦੇ ਸਿਆਸੀ ਦ੍ਰਿਸ਼ ਨੂੰ ਬਿਆਨ ਕਰਦੇ ਹੋਏ ਉਨ੍ਹਾਂ ਦ੍ਰਿੜਤਾ ਨਾਲ ਕਿਹਾ ਕਿ ਵਿਰੋਧੀਆਂ ਦੀ ਹਾਰ ਹੋ ਰਹੀ ਹੈ ਅਤੇ ਨਾ ਤਾਂ ਰਵਨੀਤ ਸਿੰਘ ਬਿੱਟੂ ਅਤੇ ਨਾ ਹੀ ਹਰਸਿਮਰਤ ਕੌਰ ਬਾਦਲ ਆਪਣੀਆਂ ਲੋਕ ਸਭਾ ਸੀਟਾਂ ਜਿੱਤ ਸਕਣਗੇ। ਇਸੇ ਤਰ੍ਹਾਂ ਉਨ੍ਹਾਂ ਅਰਾਜਕਤਾ, ਨਸ਼ਿਆਂ ਦੀ ਸਮੱਸਿਆ ਅਤੇ ਆਰਥਿਕ ਮੰਦੀ ਰਾਹੀਂ ਪੰਜਾਬ ਨੂੰ ਹਨੇਰੇ ਵਿੱਚ ਧੱਕਣ ਲਈ ਅਕਾਲੀ ਦਲ ਦੀ ਸਖ਼ਤ ਆਲੋਚਨਾ ਕੀਤੀ।

## ਸੰਪਾਦਕੀ

# ਭਾਰਤੀ ਰਾਜਨੀਤੀ ਵਿਚ ਧਰਮ ਦੀ ਸ਼ਮੂਲੀਅਤ-ਜਟਿਲ ਅਤੇ ਬਹੁਪੱਖੀ ਵਰਤਾਰੇ

ਭਾਰਤੀ ਰਾਜਨੀਤੀ ਵਿੱਚ ਧਰਮ ਦੀ ਸ਼ਮੂਲੀਅਤ ਇੱਕ ਗੁੰਝਲਦਾਰ ਅਤੇ ਬਹੁਪੱਖੀ ਵਰਤਾਰਾ ਹੈ ਜਿਸ ਦੀਆਂ ਡੂੰਘੀਆਂ ਇਤਿਹਾਸਕ ਜੜ੍ਹਾਂ ਹਨ ਅਤੇ ਦੇਸ਼ ਦੇ ਰਾਜਨੀਤਿਕ ਦ੍ਰਿਸ਼ ਨੂੰ ਆਕਾਰ ਦਿੰਦੀਆਂ ਰਹਿੰਦੀਆਂ ਹਨ। ਧਰਮ, ਭਾਰਤੀ ਸਮਾਜ ਅਤੇ ਸੱਭਿਆਚਾਰ ’ਤੇ ਆਪਣੇ ਡੂੰਘੇ ਪ੍ਰਭਾਵ ਦੇ ਨਾਲ, ਅਕਸਰ ਰਾਜਨੀਤੀ, ਚੋਣ ਗਤੀਸ਼ੀਲਤਾ, ਨੀਤੀਗਤ ਫੈਸਲਿਆਂ, ਅਤੇ ਸਮਾਜਿਕ ਅੰਦੋਲਨਾਂ ਨੂੰ ਪ੍ਰਭਾਵਿਤ ਕਰਦਾ ਹੈ। ਭਾਰਤੀ ਰਾਜਨੀਤੀ ਵਿੱਚ ਧਰਮ ਦੀ ਗਤੀਸ਼ੀਲਤਾ ਨੂੰ ਸਮਝਣ ਲਈ ਇਸਦੇ ਇਤਿਹਾਸਕ ਵਿਕਾਸ, ਸ਼ਾਸਨ ਅਤੇ ਸਮਾਜ ’ਤੇ ਇਸਦੇ ਪ੍ਰਭਾਵ, ਅਤੇ ਧਰਮ ਨਿਰਪੱਖਤਾ ਅਤੇ ਬਹੁਲਵਾਦ ਨੂੰ ਦਰਪੇਸ਼ ਚੁਣੌਤੀਆਂ ਦੀ ਜਾਂਚ ਕਰਨ ਦੀ ਲੋੜ ਹੈ। ਭਾਰਤ ਦੀ ਅਮੀਰ ਧਾਰਮਿਕ ਵਿਭਿੰਨਤਾ, ਜਿਸ ਵਿੱਚ ਹਿੰਦੂ ਧਰਮ, ਇਸਲਾਮ, ਈਸਾਈਅਤ, ਸਿੱਖ ਧਰਮ, ਬੁੱਧ ਧਰਮ ਅਤੇ ਹੋਰ ਧਰਮ ਸ਼ਾਮਲ ਹਨ, ਇਸਦੇ ਰਾਜਨੀਤਿਕ ਖੇਤਰ ਵਿੱਚ ਤਾਕਤ ਅਤੇ ਵਿਵਾਦ ਦਾ ਸਰੋਤ ਰਹੇ ਹਨ।

ਇਤਿਹਾਸ ਦੇ ਦੌਰਾਨ, ਵੱਖ-ਵੱਖ ਸ਼ਾਸਕਾਂ ਅਤੇ ਸਾਮਰਾਜੀਆਂ ਨੇ ਆਪਣੀ ਧਾਰਮਿਕ ਪਛਾਣ ਦਾ ਦਾਅਵਾ ਕਰਨ ਅਤੇ ਸ਼ਕਤੀ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ, ਜਿਸ ਨਾਲ ਵੱਖ-ਵੱਖ ਧਾਰਮਿਕ ਭਾਈਚਾਰਿਆਂ ਵਿਚਕਾਰ ਟਕਰਾਅ ਅਤੇ ਤਣਾਅ ਪੈਦਾ ਹੋਇਆ। 1947 ਵਿੱਚ ਭਾਰਤ ਦੀ ਵੰਡ, ਜਿਸ ਨਾਲ ਇੱਕ ਵੱਖਰੇ ਮੁਸਲਿਮ-ਬਹੁਗਿਣਤੀ ਰਾਸ਼ਟਰ ਵਜੋਂ ਪਾਕਿਸਤਾਨ ਦੀ ਸਿਰਜਣਾ ਹੋਈ, ਨੇ ਉਪ-ਮਹਾਂਦੀਪ ਵਿੱਚ ਡੂੰਘੀਆਂ ਧਾਰਮਿਕ ਵੰਡੀਆਂ ਨੂੰ ਰੇਖਾਂਕਿਤ ਕੀਤਾ। ਆਜ਼ਾਦੀ ਤੋਂ ਬਾਅਦ ਦੇ ਯੁੱਗ ਵਿੱਚ, ਧਾਰਮਿਕ ਪਛਾਣ ’ਤੇ ਆਧਾਰਿਤ ਸਿਆਸੀ ਪਾਰਟੀਆਂ ਦੇ ਉਭਾਰ ਦੇ ਨਾਲ, ਭਾਰਤੀ ਰਾਜਨੀਤੀ ਵਿੱਚ ਧਰਮ ਇੱਕ ਪ੍ਰਮੁੱਖ ਭੂਮਿਕਾ ਨਿਭਾਉਂਦਾ ਰਿਹਾ। ਭਾਰਤੀ ਜਨਤਾ ਪਾਰਟੀ (ਬੀਜੇਪੀ), ਹਿੰਦੂ ਰਾਸ਼ਟਰਵਾਦੀ ਵਿਚਾਰਧਾਰਾ ਵਿੱਚ ਜੜ੍ਹੀ ਹੋਈ, ਪ੍ਰਮੁੱਖਤਾ ਵੱਲ ਵਧੀ ਹੈ, ਹਿੰਦੂ ਬਹੁਗਿਣਤੀ ਦੇ ਹਿੱਤਾਂ ਦੀ ਵਕਾਲਤ ਕਰਦੀ ਹੈ ਅਤੇ ਹਿੰਦੂਤਵ, ਜਾਂ ਹਿੰਦੂ ਰਾਸ਼ਟਰਵਾਦ ਦੇ ਦ੍ਰਿਸ਼ਟੀਕੋਣ ਦਾ ਸਮਰਥਨ ਕਰਦੀ ਹੈ। ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐੱਸ.ਐੱਸ.), ਭਾਜਪਾ ਦੀ ਵਿਚਾਰਧਾਰਕ ਮਾਤਾ, ਹਿੰਦੂ-ਕੇਂਦਰਿਤ ਨੀਤੀਆਂ ਨੂੰ ਅੱਗੇ ਵਧਾਉਣ ਅਤੇ ਹਿੰਦੂ ਵੋਟਰਾਂ ਵਿੱਚ ਸਮਰਥਨ ਜੁਟਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਹਿੰਦੂ ਰਾਸ਼ਟਰਵਾਦ ਦੇ ਉਭਾਰ ਨੇ ਭਾਰਤੀ ਰਾਜ ਦੇ ਧਰਮ ਨਿਰਪੱਖ ਚਰਿੱਤਰ ਅਤੇ ਧਾਰਮਿਕ ਬਹੁਲਵਾਦ ਪ੍ਰਤੀ ਇਸਦੀ ਵਚਨਬੱਧਤਾ ਨੂੰ ਲੈ ਕੇ ਬਹਿਸ ਛੇੜ ਦਿੱਤੀ ਹੈ। ਆਲੋਚਕਾਂ ਦੀ ਦਲੀਲ ਹੈ ਕਿ ਭਾਜਪਾ ਦਾ ਏਜੰਡਾ ਭਾਰਤੀ ਸੰਵਿਧਾਨ ਵਿੱਚ ਦਰਜ ਧਰਮ ਨਿਰਪੱਖ ਸਿਧਾਂਤਾਂ ਨੂੰ ਕਮਜ਼ੋਰ ਕਰਦਾ ਹੈ, ਜੋ ਕਾਨੂੰਨ ਦੇ ਸਾਹਮਣੇ ਧਰਮ ਦੀ ਆਜ਼ਾਦੀ ਅਤੇ ਬਰਾਬਰੀ ਦੀ ਗਰੰਟੀ ਦਿੰਦਾ ਹੈ। ਭਾਜਪਾ ਦੀਆਂ ਨੀਤੀਆਂ, ਜਿਵੇਂ ਕਿ ਅਯੁੱਧਿਆ ਵਿੱਚ ਰਾਮ ਮੰਦਰ ਦਾ ਨਿਰਮਾਣ ਅਤੇ ਰਾਜ-ਪੱਧਰੀ ਧਰਮ-ਪਰਿਵਰਤਨ ਵਿਰੋਧੀ ਕਾਨੂੰਨਾਂ ਨੂੰ ਲਾਗੂ ਕਰਨਾ, ਵਿਵਾਦਪੂਰਨ ਰਿਹਾ ਹੈ, ਜੋ ਧਾਰਮਿਕ ਘੱਟ ਗਿਣਤੀਆਂ ਦੇ ਹਾਸ਼ੀਏ ’ਤੇ ਜਾਣ ਅਤੇ ਧਰਮ ਨਿਰਪੱਖ ਸੰਸਥਾਵਾਂ ਦੇ ਖਾਤਮੇ ਬਾਰੇ ਚਿੰਤਾਵਾਂ ਨੂੰ ਵਧਾਉਂਦਾ ਹੈ। ਇਸ ਤੋਂ ਇਲਾਵਾ, ਸੰਪਰਦਾਇਕ ਤਣਾਅ ਅਤੇ ਹਿੰਸਾ, ਜੋ ਅਕਸਰ ਧਾਰਮਿਕ ਧਰੁਵੀਕਰਨ ਦੁਆਰਾ ਵਧਾਇਆ ਜਾਂਦਾ ਹੈ, ਭਾਰਤ ਦੇ ਸਮਾਜਿਕ ਤਾਣੇ-ਬਾਣੇ ਅਤੇ ਰਾਜਨੀਤਿਕ ਸਥਿਰਤਾ ਲਈ ਇੱਕ ਮਹੱਤਵਪੂਰਨ ਚੁਣੌਤੀ ਬਣਦੇ ਹਨ। ਧਾਰਮਿਕ ਤੌਰ ’ਤੇ ਪ੍ਰੇਰਿਤ ਹਿੰਸਾ ਦੀਆਂ ਘਟਨਾਵਾਂ, ਜਿਵੇਂ ਕਿ ਦੰਗੇ ਅਤੇ ਧਾਰਮਿਕ ਘੱਟ ਗਿਣਤੀਆਂ ’ਤੇ ਹਮਲੇ, ਅੰਤਰ-ਧਰਮ ਸਦਭਾਵਨਾ ਅਤੇ ਸਹਿਣਸ਼ੀਲਤਾ ਨੂੰ ਉਤਸ਼ਾਹਿਤ ਕਰਨ ਲਈ ਵਧੇਰੇ ਯਤਨਾਂ ਦੀ ਲੋੜ ’ਤੇ ਜ਼ੋਰ ਦਿੰਦੇ ਹਨ। ਧਾਰਮਿਕ ਚਿੰਨ੍ਹਾਂ ਅਤੇ ਬਿਆਨਬਾਜ਼ੀ ਦਾ ਸਿਆਸੀਕਰਨ, ਖਾਸ ਤੌਰ ’ਤੇ ਚੋਣ ਮੁਹਿੰਮਾਂ ਦੌਰਾਨ, ਵੰਡ ਨੂੰ ਵਧਾਉਂਦਾ ਹੈ ਅਤੇ ਪਛਾਣ-ਅਧਾਰਿਤ ਰਾਜਨੀਤੀ ਨੂੰ ਮਜ਼ਬੂਤ ਕਰਦਾ ਹੈ। ਇਹਨਾਂ ਚੁਣੌਤੀਆਂ ਦੇ ਬਾਵਜੂਦ, ਧਰਮ ਭਾਰਤੀ ਰਾਜਨੀਤੀ ਵਿੱਚ ਹਾਸ਼ੀਏ ’ਤੇ ਪਏ ਭਾਈਚਾਰਿਆਂ ਲਈ ਪਛਾਣ, ਏਕਤਾ ਅਤੇ ਲਾਮਬੰਦੀ ਦੇ ਸਰੋਤ ਵਜੋਂ ਵੀ ਕੰਮ ਕਰਦਾ ਹੈ। ਦਲਿਤ ਅੰਦੋਲਨਾਂ ਨੇ, ਉਦਾਹਰਣ ਵਜੋਂ, ਬੀ.ਆਰ. ਵਰਗੇ ਸਮਾਜ ਸੁਧਾਰਕਾਂ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲਈ ਹੈ। ਅੰਬੇਡਕਰ, ਜਾਤ-ਆਧਾਰਿਤ ਵਿਤਕਰੇ ਨੂੰ ਚੁਣੌਤੀ ਦੇਣ ਅਤੇ ਉਨ੍ਹਾਂ ਦੇ ਰਾਜਨੀਤਿਕ ਅਧਿਕਾਰਾਂ ਦਾ ਦਾਅਵਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਇਸੇ ਤਰ੍ਹਾਂ, ਮੁਸਲਿਮ ਰਾਜਨੀਤਿਕ ਪਾਰਟੀਆਂ ਅਤੇ ਸੰਗਠਨ ਮੁਸਲਿਮ ਭਾਈਚਾਰੇ ਦੇ ਹਿੱਤਾਂ ਦੀ ਵਕਾਲਤ ਕਰਦੇ ਹਨ, ਘੱਟ ਗਿਣਤੀ ਦੇ ਅਧਿਕਾਰਾਂ, ਪ੍ਰਤੀਨਿਧਤਾ ਅਤੇ ਸਮਾਜਿਕ-ਆਰਥਿਕ ਵਿਕਾਸ ਵਰਗੇ ਮੁੱਦਿਆਂ ਨੂੰ ਉਜਾਗਰ ਕਰਦੇ ਹਨ। ਹਾਲ ਹੀ ਦੇ ਸਾਲਾਂ ਵਿੱਚ, ਭਾਰਤੀ ਰਾਜਨੀਤੀ ਵਿੱਚ ਧਰਮ ਨਿਰਪੱਖਤਾ ਅਤੇ ਬਹੁਲਵਾਦ ਨੂੰ ਬਰਕਰਾਰ ਰੱਖਣ, ਸਾਰੇ ਨਾਗਰਿਕਾਂ ਦੇ ਅਧਿਕਾਰਾਂ ਅਤੇ ਆਜ਼ਾਦੀਆਂ ਦੀ ਰਾਖੀ ਕਰਦੇ ਹੋਏ ਉਹਨਾਂ ਦੀ ਧਾਰਮਿਕ ਮਾਨਤਾ ਦੀ ਪਰਵਾਹ ਕੀਤੇ ਬਿਨਾਂ ਇੱਕ ਵਧਦੀ ਮਾਨਤਾ ਪ੍ਰਾਪਤ ਹੋਈ ਹੈ। ਸਿਵਲ ਸੋਸਾਇਟੀ ਸੰਸਥਾਵਾਂ, ਮਨੁੱਖੀ ਅਧਿਕਾਰ ਕਾਰਕੁਨਾਂ, ਅਤੇ ਪ੍ਰਗਤੀਸ਼ੀਲ ਰਾਜਨੀਤਿਕ ਨੇਤਾਵਾਂ ਨੇ ਧਰਮ ਨਿਰਪੱਖ ਸ਼ਾਸਨ ਅਤੇ ਕਾਨੂੰਨ ਦੇ ਸ਼ਾਸਨ ਦੀ ਮਹੱਤਤਾ ’ਤੇ ਜ਼ੋਰ ਦਿੰਦੇ ਹੋਏ, ਧਾਰਮਿਕ ਲੀਹਾਂ ’ਤੇ ਵਧੇਰੇ ਸ਼ਮੂਲੀਅਤ ਅਤੇ ਸੰਵਾਦ ਦੀ ਮੰਗ ਕੀਤੀ ਹੈ।

ਅੱਗੇ ਵਧਦੇ ਹੋਏ, ਭਾਰਤੀ ਰਾਜਨੀਤੀ ਵਿੱਚ ਧਰਮ ਦੀ ਸ਼ਮੂਲੀਅਤ ਨਾਲ ਪੈਦਾ ਹੋਈਆਂ ਚੁਣੌਤੀਆਂ ਨੂੰ ਸੰਬੋਧਿਤ ਕਰਨ ਲਈ ਲੋਕਤੰਤਰੀ ਸਿਧਾਂਤਾਂ, ਸਮਾਜਿਕ ਨਿਆਂ ਅਤੇ ਵਿਭਿੰਨਤਾ ਦੇ ਸਨਮਾਨ ਪ੍ਰਤੀ ਵਚਨਬੱਧਤਾ ਦੀ ਲੋੜ ਹੈ।

ਰਾਜਨੀਤਿਕ ਨੇਤਾਵਾਂ ਨੂੰ ਲਾਜ਼ਮੀ ਤੌਰ ’ਤੇ ਸਮਾਵੇਸ਼ੀ ਨੀਤੀਆਂ ਨੂੰ ਪਹਿਲ ਦੇਣੀ ਚਾਹੀਦੀ ਹੈ ਜੋ ਧਾਰਮਿਕ ਵੰਡ ਤੋਂ ਪਰੇ ਹਨ ਅਤੇ ਸਾਂਝੇ ਭਲੇ ਨੂੰ ਉਤਸ਼ਾਹਿਤ ਕਰਦੀਆਂ ਹਨ। ਧਰਮ ਨਿਰਪੱਖ ਸੰਸਥਾਵਾਂ ਨੂੰ ਮਜ਼ਬੂਤ ਕਰਨਾ, ਅੰਤਰ-ਧਰਮ ਸੰਵਾਦ ਨੂੰ ਉਤਸ਼ਾਹਿਤ ਕਰਨਾ, ਅਤੇ ਸਹਿਣਸ਼ੀਲਤਾ ਅਤੇ ਆਪਸੀ ਸਤਿਕਾਰ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਇੱਕ ਵਧੇਰੇ ਸਮਾਵੇਸ਼ੀ ਅਤੇ ਸਦਭਾਵਨਾ ਵਾਲੇ ਸਮਾਜ ਦੀ ਉਸਾਰੀ ਲਈ ਜ਼ਰੂਰੀ ਕਦਮ ਹਨ।

# ਘੱਗਰ ਦਾ ਮੁੱਦਾ ਉਛਾਲ ਕੇ ਵੋਟਾਂ ਬਟੋਰਨ ਵਾਲਿਆਂ ਤੋਂ ਲੋਕ ਖ਼ਫ਼ਾ; ਮਸਲਾ ਜਿਉਂ ਦਾ ਤਿਉਂ ਬਰਕਰਾਰ; ਲੋਕ ਹੜ੍ਹਾਂ ਦਾ ਕਹਿਰ ਹੰਢਾਉਣ ਲਈ ਮਜਬੂਰ

**ਪਾਤੜਾਂ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜਨੀਤਿਕ ਆਗੂ ਚੋਣਾਂ ਦੌਰਾਨ ਘੱਗਰ ਦੇ ਮੁੱਦੇ ਨੂੰ ਉਛਾਲ ਕੇ ਵੋਟਾਂ ਤਾਂ ਬਟੋਰ ਲੈਂਦੇ ਹਨ ਪਰ ਜਿੱਤਣ ਮਗਰੋਂ ਸਾਰ ਨਹੀਂ ਲੈਂਦੇ। ਘੱਗਰ ਦੇ ਨੇੜਲੇ ਪਿੰਡਾਂ ਵਿੱਚ ਵੱਸਦੇ ਲੋਕਾਂ ਨੂੰ ਹੜ੍ਹਾਂ ਦਾ ਕਹਿਰ ਆਪਣੇ ਪਿੰਡੇ ’ਤੇ ਹੰਢਾਉਣਾ ਪੈਂਦਾ ਹੈ। ਇਸ ਵਾਰ ਵੀ ਭਾਜਪਾ ਦੀ ਉਮੀਦਵਾਰ ਪ੍ਰਨੀਤ ਕੌਰ, ‘ਆਪ’ ਦੇ ਉਮੀਦਵਾਰ ਡਾ. ਬਲਵੀਰ ਸਿੰਘ, ਅਕਾਲੀ ਦਲ ਦੇ ਉਮੀਦਵਾਰ ਐੱਨ.ਕੇ. ਸ਼ਰਮਾ ਅਤੇ ਡਾ. ਧਰਮਵੀਰ ਗਾਂਧੀ ਵੱਲੋਂ ਘੱਗਰ ਨੂੰ ਚੋਣ ਮੁੱਦਾ ਬਣਾ ਕੇ ਪ੍ਰਚਾਰ ਕੀਤਾ ਜਾ ਰਿਹਾ ਹੈ। ਪਿਛਲੇ ਸਾਲ ਜੂਨ ਵਿੱਚ ਆਏ ਹੜ੍ਹਾਂ ਦੌਰਾਨ ਲੋਕਾਂ ਨੂੰ ਘਰੋਂ ਬੇਘਰ ਹੋਣ ਦੇ ਨਾਲ-ਨਾਲ ਫ਼ਸਲੀ ਬਰਬਾਦੀ ਤੇ ਜਾਨੀ ਮਾਲੀ ਨੁਕਸਾਨ ਝੱਲਣਾ ਪਿਆ ਹੈ ਜਦੋਂਕਿ ਘੱਗਰ ਦਾ ਸਥਾਈ ਹੱਲ ਕਰਵਾਉਣ ਦੇ ਵਾਅਦੇ ਕਰਕੇ ਕਈ ਰਾਜਨੀਤਿਕ ਆਗੂ ਸੰਸਦ ਅਤੇ ਵਿਧਾਨ ਸਭਾ ਦੀਆਂ ਪੌੜੀਆਂ ਚੜ੍ਹ ਚੁੱਕੇ ਹਨ ਪਰ ਵੋਟਰ ਘੱਗਰ ਦੀ ਮਾਰ ਤੋਂ ਨਿਜਾਤ ਨਹੀਂ ਪਾ ਸਕੇ।

ਹਲਕਾ ਸ਼ੁਤਰਾਣਾ ਦਾ ਪਿੰਡ ਮਰੋੜੀ, ਮਰਦਦੈਹੜੀ, ਹਰਚੰਦਪੁਰਾ, ਬਾਦਸ਼ਾਹਪੁਰ, ਰਾਮਪੁਰ ਪੜਤਾ, ਦੁਆਰਕਾ ਪਰ ਊਜਾਂ, ਸਿਉਨਾ, ਕਾਠ, ਸੁਧਾਰਨਪੁਰ, ਅਰਨੇਟੂ ਡੇਰਾ ਝੀਲ, ਡੇਰਾ ਬੀਕਾਨੇਰੀਆਂ, ਕਰਤਾਰਪੁਰ, ਸ਼ੁਤਰਾਣਾ, ਗੁਲਾੜ੍ਹ ਤੇ ਜੋਗੇਵਾਲ ਆਦਿ ਦਰਜਨਾਂ ਪਿੰਡਾਂ ਦੇ ਲੋਕਾਂ ਦਾ ਕਹਿਣਾ ਹੈ ਕਿ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਆਖਿਆ ਸੀ ‘ਤੁਸੀਂ ਕਾਂਗਰਸ ਚੱਕ ਦਿਓ, ਉਹ ਘੱਗਰ ਚੁੱਕ ਦੇਵੇਗਾ’, ਜਿੱਤਣ ਤੋਂ ਬਾਅਦ ਉਨ੍ਹਾਂ ਇਹ ਮੁੱਦਾ ਵਿਸਾਰ ਦਿੱਤਾ। ਇੰਜ ਹੀ ਪ੍ਰਨੀਤ ਕੌਰ ਚਾਰ ਵਾਰ ਸੰਸਦ ਮੈਂਬਰ ਤੇ ਇਕ ਵਾਰ ਕੇਂਦਰ ਸਰਕਾਰ ਵਿੱਚ ਵਿਦੇਸ਼ ਰਾਜ ਮੰਤਰੀ ਰਹਿ ਚੁੱਕੇ ਹਨ ਉਨ੍ਹਾਂ ਵੱਲੋਂ ਸਿਰਫ ਇੱਕ ਵਾਰ ਘੱਗਰ ਨੂੰ ਖਨੌਰੀ ਕੋਲੋਂ ਚੌੜਾ ਕਰਨ ਲਈ 140 ਕਰੋੜ ਰੁਪਏ ਦੀ ਗਰਾਂਟ ਲਿਆਂਦੀ ਗਈ ਸੀ। ਉਨ੍ਹਾਂ ਕਿਹਾ ਕਿ 2014 ਦੀਆਂ ਲੋਕ ਸਭਾ ਚੋਣਾਂ ਵਿੱਚ ਡਾ. ਧਰਮਵੀਰ ਗਾਂਧੀ ਦਾ ਦਾਅਵਾ ਸੀ ਕਿ ਜਿੱਤਣ ਮਗਰੋਂ ਉਨ੍ਹਾਂ ਦਾ ਮੁੱਖ ਮਕਸਦ ਘੱਗਰ ਦਾ ਹੱਲ ਕਰਾਉਣਾ ਹੋਵੇਗਾ ਪਰ ਉਹ ਹੁਣ ਪੂਰਾ ਨਹੀਂ ਹੋਇਆ। ਲੋਕਾਂ ਦਾ ਦੋਸ਼ ਹੈ ਕਿ ਘੱਗਰ ਦੇ ਬੰਨ੍ਹੇ ਮਜ਼ਬੂਤ ਕਰਨ ਦੇ ਨਾਂ ’ਤੇ ਕਰੋੜਾਂ ਰੁਪਏ ਇੱਧਰ ਉੱਧਰ ਹੋ ਜਾਂਦੇ ਹਨ। ਇਸ ਵਾਰ ਵੀ ਘੱਗਰ ਦੇ ਬੰਨ੍ਹਿਆਂ ਦੀ ਮਜ਼ਬੂਤੀ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਜਦੋਂ ਕਿ ਬਰਸਾਤਾਂ ਦਾ ਮੌਸਮ ਸ਼ੁਰੂ ਹੋਣ ਵਾਲਾ ਹੈ।

ਪਿੰਡ ਅਰਨੇਟੂ ਦੇ ਲੋਕਾਂ ਦਾ ਕਹਿਣਾ ਹੈ ਕਿਹਾ ਕਿ ਘੱਗਰ ਦਰਿਆ ਦਾ ਇੱਕ ਕਿਨਾਰਾ ਹੜ੍ਹ ਵਿੱਚ ਵਹਿ ਜਾਣ ਕਾਰਨ ਪਿੰਡ ਨੂੰ ਹੜ੍ਹ ਦੀ ਬੁਰੀ ਮਾਰ ਝੱਲਣੀ ਪਈ ਹੈ। ਗਰੀਬਾਂ ਦੇ ਮਕਾਨ ਤੇ ਪਸ਼ੂ ਰੁੜ੍ਹ ਗਏ ਸਨ ਜਿਨ੍ਹਾਂ ਦਾ ਉਨ੍ਹਾਂ ਨੂੰ ਅਜੇ ਤੱਕ ਮੁਆਵਜ਼ਾ ਨਹੀਂ ਮਿਲਿਆ ਜਦੋਂ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਮੁਰਗੀ ਤੇ ਬੱਕਰੀ ਦਾ ਮੁਆਵਜ਼ਾ ਦੇਣ ਦਾ ਦਾਅਵਾ ਕੀਤਾ ਸੀ। ਪਿੰਡਾਂ ਨੂੰ ਅਤੇ ਸਬ ਡਿਵੀਜ਼ਨ ਪਾਤੜਾਂ ਨਾਲ ਜੋੜਨ ਵਾਲੀਆਂ ਸੜਕਾਂ ਦੇ ਹੜ੍ਹਾਂ ਵਿੱਚ ਰੁੜ੍ਹ ਜਾਣ ਬੁਰਾ ਹਾਲ ਹੈ। ਮਕਾਨਾਂ ਵਿੱਚ ਪਈਆਂ ਤਰੇੜਾਂ ਅਤੇ ਖਰਾਬ ਹੋਏ ਟਿਊਬਵੈੱਲਾਂ ਦੇ ਬੋਰ ਹੜ੍ਹ ਦੀ ਦਾਸਤਾਨ ਨੂੰ ਬਿਆਨ ਕਰਦੇ ਹਨ। ਘੱਗਰ ਬੈਲਟ ਵਿੱਚ ਵੱਸਦੇ ਕਿਸਾਨਾਂ ਦਾ ਕਹਿਣਾ ਹੈ ਕਿ ਹੜ੍ਹ ਨਾਲ ਬਰਬਾਦ ਹੋਈਆਂ ਜ਼ਮੀਨਾਂ ਉਨ੍ਹਾਂ ਨੂੰ ਪੱਲਿਉਂ ਪੈਸੇ ਖਰਚ ਕਰ ਕੇ ਪੱਧਰੀਆਂ ਕਰਨੀਆਂ ਪਈਆਂ ਹਨ।

# ਇੰਟਰਨੈਸ਼ਨਲ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆ ਕਤਲ ਕੇਸ ਵਿੱਚ ਲੋੜੀਂਦੇ ਦੋਸ਼ੀ ਕੀਤੇ ਕਾਬੂ




**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾਕਟਰ ਅੰਕੁਰ ਗੁਪਤਾ, ਆਈ.ਪੀ.ਐੱਸ ਸੀਨੀਅਰ ਪੁਲਿਸ ਕਪਤਾਨ ਜਲੰਧਰ ਦਿਹਾਤੀ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸਮਾਜ ਦੇ ਭੈੜੇ ਅਨਸਰਾਂ/ ਨਸ਼ਾ ਤਸਕਰਾਂ/ ਲੁੱਟਾ ਖੋਹਾ ਕਰਨ ਵਾਲਿਆ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਸ੍ਰੀਮਤੀ ਜਸਰੂਪ ਕੌਰ ਬਾਠ, ਆਈ.ਪੀ.ਐੱਸ, ਪੁਲਿਸ ਕਪਤਾਨ ਇੰਨਵੈਸਟੀਗੇਸ਼ਨ ਜਲੰਧਰ ਦਿਹਾਤੀ, ਸ੍ਰੀ ਕੁਲਵਿੰਦਰ ਸਿੰਘ ਵਿਰਕ, ਉਪ-ਪੁਲਿਸ ਕਪਤਾਨ ਸਬ-ਡਵੀਜਨ ਨਕੋਦਰ ਜੀ ਦੀ ਅਗਵਾਈ ਹੇਠ ਇੰਸਪੈਕਟਰ ਜੈਪਾਲ, ਮੁੱਖ ਅਫਸਰ ਥਾਣਾ ਸਦਰ ਨਕੋਦਰ ਦੀ ਪੁਲਿਸ ਵਲੋਂ ਇੰਟਰਨੈਸ਼ਨਲ ਕਬੱਡੀ ਖਿਡਾਰੀ ਸੰਦੀਪ ਸਿੰਘ ਨੰਗਲ ਅੰਬੀਆ ਕਤਲ ਕੇਸ ਵਿੱਚ ਲੋੜੀਂਦੇ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਗਈ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸ੍ਰੀ ਕੁਲਵਿੰਦਰ ਸਿੰਘ ਵਿਰਕ, ਉਪ-ਪੁਲਿਸ ਕਪਤਾਨ ਸਬ- ਡਵੀਜਨ ਨਕੋਦਰ ਜੀ ਨੇ ਦੱਸਿਆ ਕਿ ਮਿਤੀ 14-03-2022 ਨੂੰ ਪਿੰਡ ਮੱਲੀਆ ਕਲਾਂ ਕਬੱਡੀ ਟੂਰਨਾਮੈਂਟ ਵਿੱਚ ਇੰਟਰਨੈਸ਼ਨਲ ਕਬੱਡੀ ਖਿਡਾਰੀ ਸੰਦੀਪ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਨੰਗਲ ਅੰਬੀਆ ਥਾਣਾ ਸ਼ਾਹਕੋਟ ਦਾ ਨਾ- ਮਾਲੂਮ ਵਿਅਕਤੀਆ ਵਲੋਂ ਗੋਲੀਆ ਮਾਰ ਕੇ ਕਤਲ ਕਰ ਦਿੱਤਾ ਸੀ। ਜਿਸ ਸਬੰਧੀ ਮੁਕੱਦਮਾ ਨੰਬਰ 40 ਮਿਤੀ 14/03/2022 ??/ ? 302,307,148,149, 120-2,212,216 IPC, 25/27/-54-59 Anns Act ?ਦਰਜ ਰਜਿਸਟਰ ਕੀਤਾ ਗਿਆ ਸੀ। ਜੋ ਇਸ ਮੁਕੱਦਮਾ ਵਿੱਚ ਲੋੜੀਂਦੇ ਦੋਸ਼ੀ ਸਵਰਨ ਸਿੰਘ ਪੁੱਤਰ ਸੁਖਰਾਜ ਸਿੰਘ ਵਾਸੀ R/46-1 ਪ੍ਰੀਤਮ ਇਨਕਲੇਵ ਨੇੜੇ ਗੋਲਡਨ ਗੇਟ ਅੰਮ੍ਰਿਤਸਰ ਥਾਣਾ ਮਕਬੂਲਪੁਰ ਜਿਲ੍ਹਾ ਅੰਮ੍ਰਿਤਸਰ ਹਾਲ ਵਾਸੀ ਪਿੰਡ ਕਿਲਾ ਮਹਿਕਾ ਥਾਣਾ ਜੰਡਿਆਲਾ ਗੁਰੂ ਜਿਲ੍ਹਾ ਅੰਮ੍ਰਿਤਸਰ ਨੂੰ ਮਿਤੀ 03-05-2024 ਨੂੰ ਗ੍ਰਿਫਤਾਰ ਕੀਤਾ ਗਿਆ। ਦੋਸ਼ੀ ਸਵਰਨ ਸਿੰਘ ਨੇ ਆਪਣੇ ਸਾਥੀ ਦੋਸ਼ੀ ਜੁਝਾਰ ਸਿੰਘ ਉਰਫ ਸਿਮਰਨਜੀਤ ਸਿੰਘ ਪੁੱਤਰ ਜਗਦੀਸ਼ ਸਿੰਘ ਵਾਸੀ ਜੱਗਾ ਫਾਟਕ ਚਾਲੀ ਖੂਹ ਕੁਲਾਰ ਥਾਣਾ ਮੋਹਕਮਪੁਰ ਹਾਲ ਵਾਸੀ ਪਿੰਡ ਮਾਧੋਪੁਰ ਥਾਣਾ ਗੁਗਚਾਈ ਜਿਲਾ ਪੀਲੀਭੀਤ ਯੂ.ਪੀ ਦੇ ਕਹਿਣ ਪਰ ਸੰਦੀਪ ਨੰਗਲ ਅੰਬੀਆ ਨੂੰ ਗੋਲੀਆ ਮਾਰਨ ਵਾਲੇ ਸੂਟਰਾ ਦਾ ਆਪਣੇ ਪਾਸ ਅੰਮ੍ਰਿਤਸਰ ਵਿਖੇ ਠਹਿਰਣ ਅਤੇ ਖਾਣ-ਪੀਣ ਦਾ ਪ੍ਰਬੰਧ ਕੀਤਾ ਸੀ ਅਤੇ ਉਹਨਾਂ ਨੂੰ ਗੱਡੀਆ ਦੀਆਂ ਜਾਅਲੀ ਨੰਬਰ ਪਲੇਟਾ ਮੁਹੱਈਆ ਕਰਵਾਈਆ ਸਨ।

ਦੋਸ਼ੀ ਪਾਸੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕਰਨ ਸਬੰਧੀ 02 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ। ਜਿਸ ਪਾਸੋਂ ਕਈ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਅੱਗ ਬੁਝਾਉਣ ਤੋਂ ਪਹਿਲਾਂ ਹੀ ਫਾਇਰ ਬ੍ਰਿਗੇਡ ਦਾ ਪਾਣੀ ਮੁੱਕਿਆ

## ਨਾੜ ਨੂੰ ਲੱਗੀ ਅੱਗ ਨੇ ਗੱਤਾ ਫੈਕਟਰੀ ਨੂੰ ਵੀ ਆਪਣੀ ਲਪੇਟ ਵਿੱਚ ਲਿਆ



ਬਲਬੇੜਾ ਵਿੱਚ ਗੱਤਾ ਫੈਕਟਰੀ ’ਚ ਲੱਗੀ ਅੱਗ ਦਾ ਦ੍ਰਿਸ਼।

**ਦੇਵੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਸਬਾ ਬਲਬੇੜਾ ਨੇੜੇ ਸਵੇਰੇ ਜੈ ਜਵਾਲਾ ਕਾਰਡ ਬੋਰਡ, ਗੱਤਾ ਫੈਕਟਰੀ ’ਚ ਅੱਗ ਲੱਗਣ ਕਾਰਨ ਲੱਖਾਂ ਦਾ ਸਾਮਾਨ ਸੜ ਕੇ ਸੁਆਹ ਹੋ ਗਿਆ। ਫੈਕਟਰੀ ਦੇ ਐੱਮਡੀ ਰਾਜਿੰਦਰ ਕੁਮਾਰ ਤੇ ਸੁਮਨ ਲੱਤਾ ਨੇ ਦੱਸਿਆ ਕਿ ਖੇਤਾਂ ’ਚ ਨਾੜ ਨੂੰ ਲੱਗੀ ਅੱਗ, ਤੇਜ਼ ਹਵਾਵਾਂ ਚੱਲਣ ਕਾਰਨ ਫੈਕਟਰੀ ’ਚ ਜਾ ਵੜੀ। ਇਸ ਦਾ ਉਨ੍ਹਾਂ ਨੂੰ ਕਰੀਬ 11 ਵਜੇ ਸਵੇਰੇ ਫੋਨ ’ਤੇ ਪਤਾ ਲੱਗਾ। ਇਸ ’ਤੇ ਉਹ ਤੁਰੰਤ ਫੈਕਟਰੀ ਪਹੁੰਚੇ ਅਤੇ ਪੁਲੀਸ ਚੌਕੀ ਬਲਬੇੜਾ ਨੂੰ ਇਤਲਾਹ ਦਿੱਤੀ ਅਤੇ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ। ਕਈ ਘੰਟੇ ਬਾਅਦ ਫਾਇਰ ਬ੍ਰਿਗੇਡ ਦੀ ਗੱਡੀ ਪਹੁੰਚੀ, ਜਦੋਂ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ ਤਾਂ ਗੱਡੀ ਦਾ ਪਾਣੀ ਖਤਮ ਹੋ ਗਿਆ ਜਦੋਂ ਤੱਕ ਦੁਬਾਰਾ ਫਾਇਰ ਬ੍ਰਿਗੇਡ ਦੀ ਗੱਡੀ ਪਾਣੀ ਲੈ ਕੇ ਆਈ ਉਦੋਂ ਤੱਕ ਸਾਰਾ ਕੁਝ ਸੜ ਕੇ ਸੁਆਹ ਹੋ ਚੁੱਕਿਆ ਸੀ। ਉਨ੍ਹਾਂ ਦੱਸਿਆ ਕਿ ਜੇਕਰ ਫਾਇਰ ਬ੍ਰਿਗੇਡ ਸਹੀ ਸਮੇਂ ’ਤੇ ਕੰਮ ਕਰਦੀ ਤਾਂ ਲੱਖਾਂ ਰੁਪਏ ਦਾ ਨੁਕਸਾਨ ਹੋਣੋਂ ਬਚ ਸਕਦਾ ਸੀ। ਉਨ੍ਹਾਂ ਕਿਹਾ ਕਿ ਅੱਗ ਕਾਰਨ ਫੈਕਟਰੀ ’ਚ ਪਿਆ ਗੱਤਾ, ਬਾਰਦਾਨਾ, ਰੁਈਂ, ਮਸ਼ੀਨਰੀ ਆਦਿ ਸਭ ਕੁਝ ਸੜ ਗਿਆ ਅਤੇ ਲੱਖਾਂ ਦਾ ਨੁਕਸਾਨ ਹੋ ਗਿਆ।

# ਸੁਖਵਿੰਦਰ ਪੱਪੀ ਦੇ ਨਾਵਲ ‘ਧਰਤ ਵਿਹੂਣੇ’ ਉੱਤੇ ਗੋਸ਼ਟੀ ਅਤੇ ਕਵੀ ਦਰਬਾਰ ਕਰਵਾਇਆ



**ਨਵਾਂ ਸ਼ਹਿਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਦੋਆਬਾ ਸਾਹਿਤ ਸਭਾ ਨਵਾਂਸ਼ਹਿਰ ਅਤੇ ਦੋਆਬਾ ਆਰੀਆ ਸੀਨੀਅਰ ਸੈਕੰਡਰੀ ਸਕੂਲ ਵਲੋਂ ਦੋਆਬਾ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਵਿਖੇ ਸੁਖਵਿੰਦਰ ਪੱਪੀ ਦੇ ਨਾਵਲ ‘ਧਰਤ ਵਿਹੂਣੇ’ ਉੱਤੇ ਗੋਸ਼ਟੀ ਅਤੇ ਕਵੀ ਦਰਬਾਰ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਪ੍ਰੋ.ਸੰਧੂ ਵਰਿਆਣਵੀ, ਦਰਸ਼ਨ ਸਿੰਘ ਖੱਟਕੜ,ਪ੍ਰੋ.ਬਲਵਿੰਦਰ ਸਿੰਘ ਚਹਿਲ, ਨਵਤੇਜ ਗੜ੍ਹਦੀਵਾਲਾ ਅਤੇ ਬਲਵਿੰਦਰ ਸਿੰਘ ਗਰੇਵਾਲ ਨੇ ਕੀਤੀ।ਮੁਕੇਸ਼ ਮਲੌਦ ਵਿਸ਼ੇਸ਼ ਮਹਿਮਾਨ ਵਜੋਂ ਹਾਜਰ ਸਨ।ਸਕੂਲ ਦੇ ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ ਨੇ ਜੀ ਆਇਆਂ ਆਖਿਆ।ਨਾਵਲ ਉੱਤੇ ਆਲੋਚਨਾਤਮਕ ਪਰਚਾ ਪੜ੍ਹਦੇ ਹੋਏ ਪ੍ਰੋ.ਬਲਵਿੰਦਰ ਸਿੰਘ ਚਹਿਲ ਨੇ ਕਿਹਾ ਕਿ ਸੁਖਵਿੰਦਰ ਪੱਪੀ ਦਾ ਇਹ ਨਾਵਲ ਕਈ ਪੱਖਾਂ ਤੋਂ ਨਿਵੇਕਲਾ ਹੈ ਜਿਸਦੀ ਮੁੱਖ ਪਾਤਰਾਂ ਵੀਰਾਂ ਪਿੱਤਰ ਸੱਤਾ ਦੇ ਵਿਰੁੱਧ, ਦਲਿਤ ਔਰਤ ਦੇ ਸਵੈਮਾਨ ਅਤੇ ਜਮੀਨ ਦੇ ਹੱਕ ਦੀ ਲੜਾਈ ਲੜਦੀ ਹੈ।ਵੀਰਾਂ ਆਪਣਾ ਨਾਇਕਵਾਦ ਖੁਦ ਸਿਰਜਦੀ ਹੈ।ਇਸ ਨਾਵਲ ਦੇ ਦੂਜੇ ਪਾਤਰ ਸੰਦੀਪ ਸੰਧੂ ਅਤੇ ਬੀਰੂ ਸੰਜੀਵ ਪਾਤਰ ਹਨ।ਦਰਸ਼ਨ ਸਿੰਘ ਖੱਟਕੜ, ਪ੍ਰੋ.ਬਲਵਿੰਦਰ ਸਿੰਘ ਗਰੇਵਾਲ, ਨਵਤੇਜ ਗੜ੍ਹਦੀਵਾਲਾ,ਪ੍ਰੋ.ਭਜਨ ਸਿੰਘ ਗਿੱਲ,ਪ੍ਰੋ.ਸੰਧੂ ਵਰਿਆਣਵੀ ਅਤੇ ਡਾਕਟਰ ਕੇਵਲ ਰਾਮ ਨਵਾਂਸ਼ਹਿਰ ਨੇ ਕਿਹਾ ਕਿ ਨਾਵਲ ਜਮੀਨੀ ਸੰਘਰਸ਼ ਦੀ ਨਿਸ਼ਾਨਦੇਹੀ ਕਰਦਾ ਹੈ ਅਤੇ ਇਹ ਬੇਜਮੀਨੇ ਦਲਿਤਾਂ ਦੀ ਹੋਂਦ ਦਰਸਾਉਣ ਦੀ ਬਾਤ ਵੀ ਪਾਉਂਦਾ ਹੈ।ਨਾਵਲ ਵਿਚ ਬੀਰੂ ਪਾਤਰ ਰਾਹੀਂ ਪੰਜਾਬ ਦੇ ਕਿਰਤੀ ਦੀ ਰੂਹ ਬੋਲਦੀ ਹੈ ਅਤੇ ਇਹ ਅਜੀਮ ਪਾਤਰ ਹੈ।ਬੂਟਾ ਸਿੰਘ ਮਹਿਮੂਦ ਪੁਰ,ਦਲਜੀਤ ਸਿੰਘ ਐਡਵੋਕੇਟ ਅਤੇ ਮੁਕੇਸ਼ ਮਲੌਦ,ਸੰਦੀਪ ਨਈਅਰ ਨੇ ਕਿਹਾ ਕਿ ਵੀਰਾਂ ਨਵੇਂ ਕਿਸਮ ਦੇ ਮਨੁੱਖ ਦੀ ਸਿਰਜਣਾ ਹੈ।ਨਾਵਲ ਦੀ ਪਾਤਰ ਉਸਾਰੀ ਯਥਾਰਥਕ ਹੈ।ਨਾਵਲਕਾਰ ਕਵੀ ਵੀ ਹੈ ਇਸ ਲਈ ਉਸਦੇ ਇਸ ਨਾਵਲ ਵਿਚੋਂ ਕਵਿਤਾਮਈ ਸ਼ੈਲੀ ਦਾ ਝਲਕਾਰਾ ਵੀ ਪੈਂਦਾ ਹੈ।ਨਾਵਲਕਾਰ ਨੇ ਜਮੀਨ ਦੇ ਸਵਾਲ ਅਤੇ ਸੰਘਰਸ਼ ਨੂੰ ਉਭਾਰਿਆ ਹੈ।ਨਾਵਲਕਾਰ ਸੁਖਵਿੰਦਰ ਪੱਪੀ ਨੇ ਇਹ ਨਾਵਲ ਸਦੀਆਂ ਤੋਂ ਔਰਤ ਮੁਕਤੀ, ਜਮੀਨ ਦੀ ਲੜਾਈ ,ਜਾਤੀ ਦਾਬੇ ਵਿਰੁੱਧ ਚੱਲਦੇ ਆਏ ਸੰਘਰਸ਼ਾਂ ਅਤੇ ਔਰਤ ਦੇ ਸਵੈਮਾਣ ਦੇ ਘੋਲਾਂ ਦੇ ਵਰਨਣ ਅਤੇ ਦਿਸ਼ਾ ਦੀ ਲਗਾਤਾਰਤਾ ਹੈ।ਉਹਨਾਂ ਕਿਹਾ ਕਿ ਆਪਣੀਆਂ ਜੜ੍ਹਾਂ ਤੋਂ ਦੂਰ ਜਾਕੇ ਅੱਗੇ ਨਹੀਂ ਵਧਿਆ ਜਾ ਸਕਦਾ।ਸਾਨੂੰ ਆਪਣੇ ਨਾਇਕਾਂ ਨੂੰ ਸਾਂਭਣ ਦੀ ਲੋੜ ਹੈ ਨਹੀਂ ਤਾਂ ਸਾਡੇ ਵਿਰੋਧੀ ਸਾਡੇ ਨਾਇਕਾਂ ਨੂੰ ਸਾਂਭ ਲੈਣਗੇ।

ਮੰਚ ਸੰਚਾਲਨਾ ਕਹਾਣੀਕਾਰ ਅਜਮੇਰ ਸਿੱਧੂ ਨੇ ਕੀਤੀ।ਕਵੀ ਦਰਬਾਰ ਵਿਚ ਨਵਤੇਜ ਗੜ੍ਹਦੀਵਾਲਾ,ਭੁਪਿੰਦਰ ਸਿੰਘ ਵੜੈਚ ,ਕੁਲਵਿੰਦਰ ਕੁੱਲਾ,ਬਲਵੀਰ ਕੁਮਾਰ,ਹਰੀ ਰਾਮ ਰਸੂਲਪੁਰੀ,ਰਮਨਜੋਤ,ਹਰਵਿੰਦਰ ਸਿੰਘ, ਕਿਰਨਦੀਪ ਕੌਰ, ਜੀਤ ਕੌਰ ਖੁਰਦ ਨੇ ਕਵਿਤਾਵਾਂ ਪੜ੍ਹੀਆਂ।ਇਸ ਮੌਕੇ ਨਾਵਲਕਾਰ ਸੁਖਵਿੰਦਰ ਪੱਪੀ ਅਤੇ ਮੁਕੇਸ਼ ਮਲੌਦ ਨੂੰ ਸਨਮਾਨਿਤ ਵੀ ਕੀਤਾ ਗਿਆ।ਅਮਰਜੀਤ ਕੌਰ ਨੇ ਧੰਨਵਾਦ ਕੀਤਾ।

# ਬੈਸਟ ਸ਼ੂਟਰ ਸ਼ੂਟਿੰਗ ਅਕੈਡਮੀ ਖਿਡਾਰੀਆਂ ਦੀ ਹੱਬ : ਜਗਦੀਪ ਸਿੰਘ ਕਾਹਲੋਂ



**ਪਟਿਆਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲਾ ਹਮੇਸ਼ਾ ਹੀ ਖੇਡਾਂ ਵਿੱਚ ਅੱਵਲ ਰਿਹਾ ਹੈ ਅਤੇ ਖੇਡਾਂ ਪੱਖੋਂ ਪਟਿਆਲੇ ਜ਼ਿਲ੍ਹੇ ਦੇ ਖਿਡਾਰੀਆਂ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਅਨੇਕਾਂ ਤਗਮੇ ਜਿੱਤੇ ਹਨ। ਪਟਿਆਲਾ ਵਿੱਚ ਅਨੇਕਾਂ ਵੱਖ-ਵੱਖ ਖੇਡਾਂ ਦੀਆ ਅਕੈਡਮੀਆਂ ਚੱਲ ਰਹੀਆਂ ਹਨ,ਉਹਨਾਂ ਵਿੱਚੋਂ ਇੱਕ ਅਕੈਡਮੀ ਹੈ ਬੈਸਟ ਸ਼ੂਟਰ ਸ਼ੂਟਿੰਗ ਅਕੈਡਮੀ ਪਟਿਆਲਾ। ਇਹਨਾਂ ਗੱਲਾਂ ਦਾ ਪ੍ਰਗਟਾਵਾ ਜਿਲਾ ਓਲੰਪਿਕ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਮਹਾਰਾਜਾ ਰਣਜੀਤ ਸਿੰਘ ਅਵਾਰਡੀ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਪਿਛਲੇ ਦਿਨੀਂ ਉਨਾਂ ਦੀ ਟੀਮ ਵਲੋਂ ਬੈਸਟ ਸ਼ੂਟਰਜ ਸ਼ੂਟਿੰਗ ਅਕੈਡਮੀ ਪਟਿਆਲਾ ਦਾ ਦੌਰਾ ਕੀਤਾ ਗਿਆ ਤੇ ਖਿਡਾਰੀਆਂ ਨਾਲ ਗੱਲਬਾਤ ਕੀਤੀ।ਉਹਨਾਂ ਦੱਸਿਆ ਕਿ ਬੈਸਟ ਸ਼ੂਟਰਜ ਸ਼ੂਟਿੰਗ ਅਕੈਡਮੀ ਪਟਿਆਲਾ ਭਾਰਤ ਦੀ ਪਹਿਲੀ ਅਜਿਹੀ ਅਕੈਡਮੀ ਹੈ ਜੋ ਆਪਣੇ ਪੱਧਰ ਤੇ ਖਿਡਾਰੀਆਂ ਨੂੰ ਕੋਚਿੰਗ ਦੇਣ ਦਾ ਉਪਰਾਲਾ ਕਰ ਰਹੀ ਹੈ। ਇਸ ਅਕੈਡਮੀ ਵਿੱਚ ਗਰੀਬ ਘਰਾਂ ਦੇ ਬੱਚੇ ਵੀ ਸ਼ੂਟਿੰਗ ਵਰਗੀ ਮਹਿੰਗੀ ਖੇਡ ਦੀ ਸਿਖਲਾਈ ਲੈ ਰਹੇ ਹਨ। ਉਹਨਾਂ ਦੱਸਿਆ ਕਿ ਇਸ ਅਕੈਡਮੀ ਵਿੱਚ ਲਗਭਗ 150 ਲੜਕੇ-ਲੜਕੀਆਂ ਖਿਡਾਰੀ ਸਿਖਲਾਈ ਲੈ ਰਹੇ ਹਨ। ਉਹਨਾਂ ਦੱਸਿਆ ਕਿ ਇਸ ਅਕੈਡਮੀ ਦੇ ਖਿਡਾਰੀਆਂ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਅਨੇਕਾਂ ਤਗਮੇ ਜਿੱਤੇ ਹਨ। ਉਹਨਾਂ ਇਸ ਮੌਕੇ ਖਿਡਾਰੀਆਂ ਦੇ ਮਾਤਾ ਪਿਤਾ ਨਾਲ ਵੀ ਗੱਲਬਾਤ ਕੀਤੀ। ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਜ਼ਿਲਾ ਓਲੰਪਿਕ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਵੱਲੋਂ ਖਿਡਾਰੀਆਂ ਨੂੰ ਹਰ ਸੰਭਵ ਸਹਾਇਤਾ ਦਿੱਤੀ ਜਾ ਰਹੀ ਹੈ, ਉਹ ਹਮੇਸ਼ਾ ਖਿਡਾਰੀਆਂ ਲਈ ਨਵੀਆਂ ਖੇਡ ਗਤੀਵਿਧੀਆਂ ਬਾਰੇ ਦਿਸ਼ਾ ਨਿਰਦੇਸ਼ ਦਿੰਦੇ ਹਨ ਤਾਂ ਕੇ ਖਿਡਾਰੀਆਂ ਨੂੰ ਲਾਭ ਮਿਲ ਸਕੇ।ਉਹਨਾਂ ਕਿਹਾ ਕਿ ਜੇਕਰ ਕਿਸੇ ਖਿਡਾਰੀ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਸਿੱਧਾ ਜ਼ਿਲ੍ਹਾ ਓਲੰਪਿਕ ਐਸੋਸੀਏਸ਼ਨ ਦੇ ਪ੍ਰਧਾਨ ਜਾਂ ਜਨਰਲ ਸਕੱਤਰ ਨਾਲ ਸੰਪਰਕ ਕਰ ਸਕਦੇ ਹਨ।ਉਹਨਾਂ ਇਸ ਗੱਲ ਉੱਪਰ ਵੀ ਜ਼ੋਰ ਦਿੱਤਾ ਕਿ ਸਾਰੀਆਂ ਖੇਡ ਐਸੋਸੀਏਸ਼ਨਾਂ ਨੂੰ ਇਕੱਠੇ ਹੋ ਕੇ ਜਿਲੇ ਪਟਿਆਲੇ ਦੀਆਂ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਕੰਮ ਕਰਨਾ ਚਾਹੀਦਾ ਹੈ ਤਾਂ ਕਿ ਪਟਿਆਲੇ ਜਿਲੇ ਦੇ ਖਿਡਾਰੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਤਗਮੇ ਜਿੱਤ ਸਕਣ। ਉਨਾਂ ਇਸ ਮੌਕੇ ਬੈਸਟ ਸ਼ੂਟਰਜ ਸ਼ੂਟਿੰਗ ਅਕੈਡਮੀ ਪਟਿਆਲਾ ਦੀ ਐਮ.ਡੀ. ਸ਼੍ਰੀਮਤੀ ਸਵਿਤਾ ਜੋਸ਼ੀ,ਚੀਫ ਕੋਚ ਪ੍ਰਵੇਸ਼ ਜੋਸ਼ੀ ਅਤੇ ਉਹਨਾਂ ਦੀ ਪੂਰੀ ਟੀਮ ਨੂੰ ਵਧਾਈ ਦਿੱਤੀ।ਇਸ ਮੌਕੇ ਅੰਤਰਰਾਸ਼ਟਰੀ ਸ਼ੂਟਿੰਗ ਖਿਡਾਰਨ ਅਰਪਨਦੀਪ ਕੌਰ, ਸੋਸਾਇਟੀ ਫੌਰ ਸਪੋਰਟਸ ਪਰਸਨਸ ਵੈਲਫੇਅਰ ਦੇ ਖਜਾਨਚੀ ਬਖਸ਼ੀਸ਼ ਸਿੰਘ,ਖਿਡਾਰੀ ਅਤੇ ਖਿਡਾਰੀਆਂ ਦੇ ਮਾਤਾ ਪਿਤਾ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਮੁੱਖ ਮੰਤਰੀ ਭਗਵੰਤ ਮਾਨ ਨੇ ਖਰੜ ਵਿਖੇ ਮਲਵਿੰਦਰ ਕੰਗ ਲਈ ਕੀਤਾ ਚੋਣ ਪ੍ਰਚਾਰ, ਵੱਡਾ ਰੋਡ ਸ਼ੋਅ ਕਰਕੇ ਲੋਕਾਂ ਨੂੰ ਕੀਤਾ ਸੰਬੋਧਨ

**➢ ਭਗਵੰਤ ਮਾਨ ਨੇ ਕੀਤਾ ਦਾਅਵਾ, 4 ਜੂਨ ਦੀ ਦੁਪਹਿਰ 2 ਵਜੇ ਤੋਂ ਪਹਿਲਾਂ ਹੀ ਆਮ ਆਦਮੀ ਪਾਰਟੀ ਨੂੰ ਸ੍ਰੀ ਅਨੰਦਪੁਰ ਸਾਹਿਬ ਤੋਂ ਕਰ ਦਿੱਤਾ ਜਾਵੇਗਾ ਜੇਤੂ ਕਰਾਰ ➢ ਭਗਵੰਤ ਮਾਨ ਨੇ ਕਿਹਾ, ਮੈਂ ਸਖ਼ਤ ਮਿਹਨਤ ਤੋਂ ਕਦੇ ਵੀ ਪਿੱਛੇ ਨਹੀਂ ਹਟਦਾ, ਮੇਰੀ ਜ਼ਿੰਮੇਵਾਰੀਆਂ ਹੁਣ ਦੁੱਗਣੀ ਹੋ ਗਈਆਂ ਹਨ, ਪਰੰਤੂ ਤੁਹਾਡਾ ਸਮਰਥਨ ਮੈਨੂੰ ਬਿਲਕੁਲ ਵੀ ਥੱਕਣ ਨਹੀਂ ਦਿੰਦਾ**

**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਨੇ ਹਲਕਾ ਖਰੜ ਵਿੱਚ ਸ੍ਰੀ ਅਨੰਦਪੁਰ ਸਾਹਿਬ ਤੋਂ ਲੋਕ ਸਭਾ ਉਮੀਦਵਾਰ ਮਲਵਿੰਦਰ ਸਿੰਘ ਕੰਗ ਲਈ ਚੋਣ ਪ੍ਰਚਾਰ ਕੀਤਾ ਅਤੇ ਰੋਡ ਸ਼ੋਅ ਕੱਢਿਆ। ਜਿੱਥੇ ਉਨ੍ਹਾਂ ਦੇ ਨਾਲ ਮਲਵਿੰਦਰ ਕੰਗ ਅਤੇ ਹਲਕਾ ਖਰੜ ਤੋਂ ਵਿਧਾਇਕ ਅਤੇ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਅਤੇ ਚਮਕੌਰ ਸਾਹਿਬ ਤੋਂ ਵਿਧਾਇਕ ਚਰਨਜੀਤ ਸਿੰਘ ਵੀ ਮੌਜੂਦ ਸਨ। ਭਗਵੰਤ ਮਾਨ ਨੇ ਲੋਕਾਂ ਦੀ ਭਾਰੀ ਭੀੜ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਦੇ ਲੋਕਾਂ ਦੇ ਉਤਸ਼ਾਹ ਨੂੰ ਦੇਖ ਕੇ ਬਹੁਤ ਖ਼ੁਸ਼ ਹਨ ਅਤੇ ਇੰਝ ਜਾਪਦਾ ਹੈ ਕਿ ਲੋਕਾਂ ਦਾ ਫ਼ਤਵਾ ਪਹਿਲਾਂ ਹੀ ਸਪੱਸ਼ਟ ਹੋ ਗਿਆ ਹੈ ਅਤੇ ਬਸ ਐਲਾਨ ਹੋਣਾ ਬਾਕੀ ਹੈ।

ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਹਰ ਪਾਸੇ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਬੀਤੇ ਦਿਨ ਉਹ ਗੁਜਰਾਤ ਵਿੱਚ ਸਨ ਅਤੇ ਉੱਥੇ ਉਨ੍ਹਾਂ ਦਾ ਰੋਡ ਸ਼ੋਅ ‘ਇਨਕਲਾਬ ਜ਼ਿੰਦਾਬਾਦ’ ਦੇ ਨਾਅਰਿਆਂ ਨਾਲ ਗੂੰਜ ਰਿਹਾ ਸੀ। ਉਨ੍ਹਾਂ ਕਿਹਾ ਕਿ ਮੈਂ ਕਦੇ ਵੀ ਮਿਹਨਤ ਕਰਨ ਤੋਂ ਪਿੱਛੇ ਨਹੀਂ ਹਟਦਾ, ਜਦੋਂ ਉਨ੍ਹਾਂ (ਭਾਜਪਾ) ਨੇ ਅਰਵਿੰਦ ਕੇਜਰੀਵਾਲ ਨੂੰ ਜੇਲ੍ਹ ਵਿੱਚ ਪਾ ਦਿੱਤਾ ਤਾਂ ਮੇਰਾ ਕੰਮ ਅਤੇ ਜ਼ਿੰਮੇਵਾਰੀਆਂ ਦੁੱਗਣੀਆਂ ਹੋ ਗਈਆਂ ਹਨ, ਪਰੰਤੂ ਮੇਰੇ ਕੋਲ ਤੁਸੀਂ ਲੋਕ ਹੋ ਅਤੇ ਜਿਸ ਨੂੰ ਪੰਜਾਬੀਆਂ ਦਾ ਸਮਰਥਨ ਹੈ, ਉਹ ਕਦੇ ਵੀ ਅਸਫਲ ਨਹੀਂ ਹੋ ਸਕਦਾ।

ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੇ 43,000 ਸਰਕਾਰੀ ਨੌਕਰੀਆਂ, ਹਰੇਕ ਨੂੰ ਮੁਫ਼ਤ ਬਿਜਲੀ, ਹਰ ਖੇਤ ਨੂੰ ਟੇਲਾਂ ਤੱਕ ਨਹਿਰੀ ਪਾਣੀ, 850 ਤੋਂ ਵੱਧ ਆਮ ਆਦਮੀ ਕਲੀਨਿਕ, 13 ਸਕੂਲ ਆਫ ਐਮੀਨੈਂਸ ਅਤੇ ਕਿਸਾਨਾਂ ਨੂੰ ਦਿਨ ਦੇ ਸਮੇਂ ਬਿਜਲੀ ਦਿੱਤੀ ਅਤੇ ਉਹ ਵੀ ਸਿਰਫ਼ ਦੋ ਸਾਲਾਂ ਵਿੱਚ। ਉਨ੍ਹਾਂ ਕਿਹਾ ਕਿ ਜਿੱਥੇ ਬਾਕੀ ਸਰਕਾਰਾਂ ਸਰਕਾਰ ਦੀਆਂ ਜਾਇਦਾਦਾਂ ਆਪਣੇ ਦੋਸਤਾਂ-ਮਿੱਤਰਾਂ ਅਤੇ ਰਿਸ਼ਤੇਦਾਰਾਂ ਨੂੰ ਵੇਚਦੀਆਂ ਹਨ, ਉੱਥੇ ਹੀ ਉਨ੍ਹਾਂ ਦੀ ਸਰਕਾਰ ਨੇ ਜੀਵੀਕੇ ਪਾਵਰ ਪਲਾਂਟ ਖ਼ਰੀਦ ਕੇ ਗੁਰੂ ਅਮਰਦਾਸ ਜੀ ਦੇ ਨਾਂ ’ਤੇ ਰੱਖਿਆ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਪੰਜਾਬ ਸਰਕਾਰ ਉਦਯੋਗਾਂ ਨੂੰ ਵੀ ਸਸਤੀ ਬਿਜਲੀ ਦੇਵੇਗੀ ਅਤੇ ਇਸ ਨਾਲ ਪੰਜਾਬ ਵਿੱਚ ਵਪਾਰ ਬੜੀ ਤੇਜ਼ੀ ਨਾਲ ਵਧੇਗਾ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਟਾਟਾ ਸਟੀਲ ਵਰਗੀਆਂ ਕੰਪਨੀਆਂ ਪੰਜਾਬ ਵਿੱਚ ਨਿਵੇਸ਼ ਕਰ ਰਹੀਆਂ ਹਨ।

ਭਗਵੰਤ ਮਾਨ ਨੇ ਕਿਹਾ ਕਿ ਇਸ ਆਉਣ ਵਾਲੇ ਸੀਜ਼ਨ ਵਿੱਚ 70 ਫੀਸਦੀ ਨਹਿਰੀ ਪਾਣੀ ਪੰਜਾਬ ਦੇ ਖੇਤਾਂ



ਨੂੰ ਸਿੰਚਾਈ ਲਈ ਦਿੱਤਾ ਜਾਵੇਗਾ। ਇਸ ਨਾਲ ਬਿਜਲੀ ਬੋਰਡ ਦੇ ਲਗਭਗ 7,000 ਕਰੋੜ ਰੁਪਏ ਦੀ ਬੱਚਤ ਹੋਵੇਗੀ ਅਤੇ ਇਸ ਪੈਸੇ ਨਾਲ ਉਨ੍ਹਾਂ ਦੀ ਸਰਕਾਰ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਦੀ ਗਰੰਟੀ ਪੂਰੀ ਕਰੇਗੀ। ਭਗਵੰਤ ਮਾਨ ਨੇ ਕਿਹਾ ਕਿ ਉਹ ਪੈਸੇ ਕਮਾਉਣ ਲਈ ਰਾਜਨੀਤੀ ਵਿੱਚ ਨਹੀਂ ਆਏ ਹਨ, ਉਹ ਇੱਥੇ ਸਿਸਟਮ ਨੂੰ ਬਦਲਣ, ਇਸ ਨੂੰ ਬਿਹਤਰ ਬਣਾਉਣ, ਪੰਜਾਬ ਅਤੇ ਪੰਜਾਬੀਆਂ ਦੀ ਸੇਵਾ ਕਰਨ ਲਈ ਆਏ ਹਨ।

ਭਗਵੰਤ ਮਾਨ ਨੇ ਕਿਹਾ ਕਿ ਕਿਸੇ ਸੂਬੇ ਦੇ ਵਿਕਾਸ ਲਈ ਸਭ ਦਾ ਵਿਕਾਸ ਜ਼ਰੂਰੀ ਹੈ, ਉਹ ਚਾਹੁੰਦੇ ਹਨ ਕਿ ਕਿਸਾਨ, ਵਪਾਰੀ, ਮਜ਼ਦੂਰ ਹਰ ਵਰਗ ਖ਼ੁਸ਼ ਹੋਵੇ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਕੰਮ ਦਾ ਬਣਦਾ ਮੁੱਲ ਮਿਲੇ। ਉਨ੍ਹਾਂ ਕਿਹਾ ਕਿ ਮੈਂ ਪੰਜਾਬ ’ਚ ਦੋ ਸਾਲਾਂ ’ਚ ਕੀਤੇ ਕੰਮਾਂ ਦੇ ਆਧਾਰ ’ਤੇ ਵੋਟਾਂ ਮੰਗ ਰਿਹਾ ਹਾਂ, ਦਿੱਲੀ ’ਚ ਅਸੀਂ ਆਪਣੇ 8 ਸਾਲਾਂ ਦੇ ਕੰਮ ਦੇ ਨਾਂ ’ਤੇ ਵੋਟਾਂ ਮੰਗ ਰਹੇ ਹਾਂ, ਕਿਉਂਕਿ ਅਸੀਂ ਕੰਮ ਦੀ ਰਾਜਨੀਤੀ ਕਰਦੇ ਹਾਂ। ਇਹ ਬਹੁਤ ਹੀ ਸ਼ਰਮ ਦੀ ਗੱਲ ਹੈ ਕਿ 10 ਸਾਲ ਪ੍ਰਧਾਨ ਮੰਤਰੀ ਰਹੇ ਨਰਿੰਦਰ ਮੋਦੀ ਮੰਗਲ-ਸੂਤਰ ਅਤੇ ਧਰਮ ਦੇ ਨਾਂ ’ਤੇ ਵੋਟਾਂ ਮੰਗ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਭਾਜਪਾ ਨਫ਼ਰਤ ਦੀ ਰਾਜਨੀਤੀ ਕਰਦੀ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭਾਜਪਾ ਦੀਆਂ ਜੜ੍ਹਾਂ ਪੰਜਾਬ ਵਿੱਚ ਨਾ ਲੱਗਣ ਦੇਣ। ਉਨ੍ਹਾਂ ਕਿਹਾ ਕਿ ਪੰਜਾਬ ਆਪਣੀ ਭਾਈਚਾਰਕ ਸਾਂਝ ਲਈ ਜਾਣਿਆ ਜਾਂਦਾ ਹੈ, ਅਸੀਂ ਗੁਰਪੁਰਬ, ਈਦ ਅਤੇ ਰਾਮਨੌਮੀ ਵਰਗੇ ਤਿਉਹਾਰ ਇਕੱਠੇ ਮਨਾਉਂਦੇ ਹਾਂ। ਗੁਰੂ ਨਾਨਕ ਦੇਵ ਜੀ ਵੱਲੋਂ 20 ਰੁਪਏ ਨਾਲ ਸ਼ੁਰੂ ਕੀਤਾ ਗਿਆ ਲੰਗਰ ਸਮੁੱਚੀ ਮਨੁੱਖਤਾ ਲਈ ‘ਸਰਬ ਸਾਂਝ’ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਗੁਰੂਆਂ ਅਤੇ ਮਹਾਨ ਕੁਰਬਾਨੀਆਂ ਦੀ ਧਰਤੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਵਾਸ ਨਾ ਕਰਨ, ਕਿਉਂਕਿ ਹੁਣ ਸਿਸਟਮ ਬਦਲ ਰਿਹਾ ਹੈ, ਭ੍ਰਿਸ਼ਟਾਚਾਰ ਖ਼ਤਮ ਹੋ ਗਿਆ ਹੈ ਅਤੇ ਪੰਜਾਬ ਵਿੱਚ ਲੋਕਾਂ ਨੂੰ ਨੌਕਰੀਆਂ, ਕਰੀਅਰ ਅਤੇ ਨਵੇਂ ਕਾਰੋਬਾਰ ਦੇ ਮੌਕੇ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਵੇਰਕਾ ਅਤੇ ਮਾਰਕਫੈੱਡ ਵਰਗੇ ਵਿਭਾਗਾਂ ਨੂੰ ਲਾਭਦਾਇਕ ਬਣਾਇਆ ਹੈ। ਉਨ੍ਹਾਂ ਕਿਹਾ ਕਿ ਉਹ ਉਚਾਈਆਂ ਜਾਂ ਗਹਿਰਾਈਆਂ ਤੋਂ ਨਹੀਂ ਡਰਦੇ, ਉਨ੍ਹਾਂ ਨੂੰ ਕੇਵਲ ਇੱਕ ਅਕਾਲ ਪੁਰਖ ਦਾ ਡਰ ਹੈ।

ਭਗਵੰਤ ਮਾਨ ਨੇ ਦੂਜੀਆਂ ਪਾਰਟੀਆਂ ’ਤੇ ਚੁਟਕੀ ਲੈਂਦਿਆਂ ਕਿਹਾ ਕਿ ਉਨ੍ਹਾਂ ’ਤੇ ਹਰ ਰੋਜ਼ ਪਿਆਰ ਅਤੇ ਫੁੱਲਾਂ ਦੀ ਵਰਖਾ ਕੀਤੀ ਜਾਂਦੀ ਹੈ ਜਦਕਿ ਅਕਾਲੀ, ਭਾਜਪਾ ਅਤੇ ਕਾਂਗਰਸੀ ਆਗੂਆਂ ਨਾਲ ਹੱਥ ਮਿਲਾਉਣ ਤੋਂ ਬਾਅਦ ਲੋਕ ਇਹ ਯਕੀਨੀ ਬਣਾਉਣ ਲਈ ਆਪਣੀਆਂ ਉਂਗਲਾਂ ਗਿਣਦੇ ਹਨ ਕਿ ਉਨ੍ਹਾਂ ਨੇ ਕੋਈ ਚੋਰੀ ਤਾਂ ਨਹੀਂ ਕੀਤੀ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਉਦੋਂ ਹੀ ਪੰਜਾਬ ਨੂੰ ਬਚਾਉਣ ਲਈ ਨਿਕਲਦੇ ਹਨ, ਜਦੋਂ ਤਾਪਮਾਨ 30 ਡਿਗਰੀ ਸੈਲਸੀਅਸ ਤੋਂ ਹੇਠਾਂ ਹੁੰਦਾ ਹੈ, ਨਹੀਂ ਤਾਂ ਉਨ੍ਹਾਂ ਨੂੰ ਹੀਟ ਸਟ੍ਰੋਕ ਹੋ ਜਾਂਦਾ ਹੈ। ਪਹਿਲਾਂ ਪੰਜਾਬ ਵਿੱਚ ਅਜਿਹੇ ਮੁੱਖ ਮੰਤਰੀ ਸਨ ਜੋ ਵੋਟਾਂ ਲੈਣ ਤੋਂ ਬਾਅਦ ਆਪਣੇ ਮਹਿਲਾਂ ਦੇ ਗੇਟ ਬੰਦ ਕਰ ਲੈਂਦੇ ਸਨ। ਪਰੰਤੂ ਪੰਜਾਬ ਵਿੱਚ ਅਜਿਹਾ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ ਦੇ ਲੋਕਾਂ ਦੀ ਆਪਣੀ ਸਰਕਾਰ ਹੈ, 90 ਫੀਸਦੀ ਨੌਜਵਾਨ ਮੈਨੂੰ ‘ਬਾਈ ਜੀ’ ਕਹਿ ਕੇ ਬੁਲਾਉਂਦੇ ਹਨ ਕਿਉਂਕਿ ਮੈਂ ਉਨ੍ਹਾਂ ਵਿੱਚੋਂ ਇੱਕ ਹਾਂ।

ਖਰੜ ਦੇ ਲੋਕਾਂ ਨੇ ਭਗਵੰਤ ਮਾਨ ਨਾਲ ਵਾਅਦਾ ਕੀਤਾ ਕਿ 4 ਜੂਨ ਨੂੰ ਦੁਪਹਿਰ 2 ਵਜੇ ਤੋਂ ਪਹਿਲਾਂ ਹੀ ਸ੍ਰੀ ਅਨੰਦਪੁਰ ਸਾਹਿਬ ਤੋਂ ਆਮ ਆਦਮੀ ਪਾਰਟੀ ਨੂੰ ਜੇਤੂ ਐਲਾਨ ਦਿੱਤਾ ਜਾਵੇਗਾ। ਸੰਬੋਧਨ ਦੀ ਸਮਾਪਤੀ ਕਰਦਿਆਂ ਸ੍ਰੀ ਅਨੰਦਪੁਰ ਸਾਹਿਬ ਤੋਂ ਉਮੀਦਵਾਰ ਮਾਲਵਿੰਦਰ ਸਿੰਘ ਕੰਗ ਨੇ ਰੋਡ ਸ਼ੋਅ ਵਿੱਚ ਐਨੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਲਈ ਲੋਕਾਂ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਸਾਰਿਆਂ ਦਾ ਲਗਾਤਾਰ ਸਹਿਯੋਗ ਦੇਣ ਲਈ ਧੰਨਵਾਦ ਵੀ ਕੀਤਾ।

# ਨਵੀਨ ਜਿੰਦਲ ਤੇ ਸੁਸ਼ੀਲ ਗੁਪਤਾ ਵੱਲੋਂ ਨਾਮਜ਼ਦਗੀਆਂ ਦਾਖ਼ਲ

**ਸ਼ਾਹਬਾਦ ਮਾਰਕੰਡਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਚੋਣ ਅਧਿਕਾਰੀ ਤੇ ਡਿਪਟੀ ਕਮਿਸ਼ਨਰ ਸ਼ਾਂਤਨੂੰ ਸ਼ਰਮਾ ਨੇ ਦੱਸਿਆ ਕਿ ਹੁਣ ਤੱਕ ਲੋਕ ਸਭਾ ਚੋਣਾਂ ਲਈ 22 ਉਮੀਦਵਾਰਾਂ ਨੇ ਨਾਮਜ਼ਦਗੀ ਪਰਚੇ ਭਰੇ ਹਨ। ਉਨ੍ਹਾਂ ਦੱਸਿਆ ਕਿ ਬੀਤੇ ਕੱਲ੍ਹ ਭਾਜਪਾ ਉਮੀਦਵਾਰ ਨਵੀਨ ਜਿੰਦਲ ਤੇ ਉਨ੍ਹਾਂ ਦੀ ਕਵਰਿੰਗ ਉਮੀਦਵਾਰ ਸ਼ਾਲੂ ਜਿੰਦਲ ਨੇ ਪਰਚੇ ਭਰੇ। ਇਸੇ ਤਰ੍ਹਾਂ 'ਆਪ' ਦੇ ਸੁਸ਼ੀਲ ਗੁਪਤਾ ਤੇ ਉਨ੍ਹਾਂ ਦੀ ਕਵਰਿੰਗ ਉਮੀਦਵਾਰ ਸੁਮਿੱਤਰਾ ਦੇਵੀ ਨੇ ਪਰਚਾ ਭਰਿਆ। ਆਜ਼ਾਦ ਉਮੀਦਵਾਰ ਅਸ਼ਵਨੀ ਸ਼ਰਮਾ ਹਰਿਤਵਾਲ, ਫੂਲ ਸਿੰਘ ਤੇ ਰਾਸ਼ਟਰ ਗਰੀਬ ਦਲ ਦੇ ਉਮੀਦਵਾਰ ਪ੍ਰਦੀਪ ਸੈਣੀ ਨੇ ਵੀ ਆਪਣੀ ਨਾਮਜ਼ਦਗੀ ਦਾਖਲ ਕਰਵਾ ਦਿੱਤੀ ਹੈ। ਇਹ ਪਰਚੇ 8 ਮਈ ਤੱਕ ਭਰੇ ਜਾਣਗੇ ਤੇ ਕੁਰੂਕਸ਼ੇਤਰ ਲੋਕ ਸਭਾ ਸੀਟ ਲਈ ਬੀਤੇ ਦਿਨ ਤੱਕ 22 ਉਮੀਦਵਾਰ ਪਰਚੇ ਭਰ ਚੁੱਕੇ ਹਨ। ਭਾਜਪਾ ਉਮੀਦਵਾਰ ਨਵੀਨ ਜਿੰਦਲ ਵੱਲੋਂ ਦਾਖਲ ਕੀਤੇ ਪਰਚੇ ਮੁਤਾਬਕ ਉਨ੍ਹਾਂ ਨੇ 1990 ਵਿਚ ਦਿੱਲੀ ਵਿਸ਼ਵ ਵਿਦਿਆਲਿਆ ਤੋਂ ਬੀਕਾਮ ਆਨਰਜ਼ ਦੀ ਡਿਗਰੀ ਤੇ 1992 ਵਿਚ ਯੂਐੱਸਏ ਦੀ ਟੇਕਸਾਸ ਯੂਨੀਵਰਸਿਟੀ ਤੋਂ ਐੱਮਬੀਏ ਦੀ ਡਿਗਰੀ ਹਾਸਲ ਕੀਤੀ ਹੈ। ਉਨ੍ਹਾਂ ਕੋਲ 88673.68 ਲੱਖ ਦੀ ਚਲ ਸੰਪਤੀ ਹੈ ਤੇ 1105.81 ਲੱਖ ਦੀ ਅਚਲ ਸੰਪਤੀ ਹੈ। ਉਨ੍ਹਾਂ ਨੇ 692.31 ਲੱਖ ਦਾ ਕਰਜ਼ ਲਿਆ ਹੈ। ਨਵੀਨ ਜਿੰਦਲ ਦੀ ਕਵਰਿੰਗ ਉਮੀਦਵਾਰ ਸ਼ਾਲੂ ਜਿੰਦਲ ਨੇ 1989 ਵਿਚ ਪੰਜਾਬ ਯੂਨੀਵਰਸਿਟੀ ਦੇ ਸਰਕਾਰੀ ਮਹਿਲਾ ਕਾਲਜ ਲੁਧਿਆਣਾ ਤੋਂ ਬੀਏ ਦੀ ਡਿਗਰੀ ਤੇ 1990 ਵਿਚ ਸੈਂਟ ਜੇਵਿਅਰ ਕਾਲਜ ਮੁੰਬਈ ਤੋਂ ਡਿਪਲੋਮਾ ਐਂਡ ਬਿਜ਼ਨਸ ਮੈਨੇਜਮੈਂਟ ਕੀਤਾ ਹੈ। ਸ਼ਾਲੂ ਜਿੰਦਲ ਨੇ ਆਪਣੇ ਪੱਤਰ ਵਿਚ 11,461 ਲੱਖ ਦੀ ਚਲ ਸੰਪਤੀ ਦਿਖਾਈ ਹੈ। 'ਆਪ' ਉਮੀਦਵਾਰ ਸੁਸ਼ੀਲ ਗੁਪਤਾ ਨੇ 1987 ਵਿਚ ਦਿੱਲੀ ਵਿਸ਼ਵ ਵਿਦਿਆਲਿਆ ਤੋਂ ਐੱਲਐੱਲਬੀ ਦੀ ਡਿਗਰੀ ਹਾਸਲ ਕੀਤੀ ਹੈ। ਉਨ੍ਹਾਂ ਨੇ ਆਪਣੇ ਪੱਤਰ ਵਿਚ 49 ਕਰੋੜ 73 ਲੱਖ 19 ਹਜ਼ਾਰ 36 ਰੁਪਏ ਦੀ ਚਲ ਸੰਪਤੀ ਤੇ 22 ਕਰੋੜ 26 ਲੱਖ ਦੀ ਅਚਲ ਸੰਪਤੀ ਦਿਖਾਈ ਹੈ, ਜਦੋਂਕਿ ਉਸ ਨੇ ਵਿੱਤੀ ਸੰਸਥਾਨਾਂ ਤੋਂ 6 ਕਰੋੜ 62 ਲੱਖ 99 ਹਜ਼ਾਰ 80 ਰੁਪਏ ਦਾ ਕਰਜ਼ ਲਿਆ ਹੈ। ਉਨ੍ਹਾਂ ਦੀ ਕਵਰਿੰਗ ਉਮੀਦਵਾਰ ਸੁਮਿੱਤਰਾ ਦੇਵੀ ਦੇ ਕੋਲ 23 ਕਰੋੜ 13 ਲੱਖ 88 ਹਜ਼ਾਰ 152 ਰੁਪਏ ਦੀ ਚਲ ਸੰਪਤੀ ਹੈ ਤੇ 73 ਕਰੋੜ 94 ਲੱਖ 65 ਹਜ਼ਾਰ 840 ਰੁਪਏ ਦੀ ਅਚਲ ਸੰਪਤੀ ਹੈ। ਉਨ੍ਹਾਂ ਨੇ ਵੀ ਵਿੱਤੀ ਸੰਸਥਾਨਾਂ ਤੋਂ 6 ਕਰੋੜ 34 ਲੱਖ 80 ਹਜ਼ਾਰ 912 ਦਾ ਕਰਜ਼ ਲਿਆ ਹੈ।

# ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਵੱਲੋਂ ਪੰਚਕੂਲਾ ਜੋਨ ਦੇ ਖਪਤਕਾਰ ਸ਼ਿਕਾਇਤ ਹੱਲ ਮੰਚ ਦੀ ਕਾਰਵਾਈ

**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਵੱਲੋਂ ਆਉਣ ਵਾਲੀ 6, 13, 20 ਅਤੇ 28 ਮਈ ਨੂੰ ਪੰਚਕੂਲਾ ਸਥਿਤ ਜੋਨਲ ਖਪਤਕਾਰ ਸ਼ਿਕਾਇਤ ਹੱਲ ਮੰਚ ਵਿਚ ਪੰਚਕੂਲਾ ਜਾਣ ਦੇ ਤਹਿਤ ਆਉਦ ਵਾਲੇ ਜਿਲ੍ਹਿਆਂ (ਕੁਰੂਕਸ਼ੇਤਰ, ਅੰਬਾਲਾ, ਪੰਚਕੂਲਾ, ਕੈਥਲ ਅਤੇ ਯੁਮਨਾਨਗਰ) ਦੇ ਖਪਤਕਾਰਾਂ ਦੀ ਸ਼ਿਕਾਇਤਾਂ ਦਾ ਹੱਲ ਖਪਤਕਾਰਾਂ ਦੀ ਸਮਸਿਆਵਾਂ ਦਾ ਹੱਲ ਕੀਤਾ ਜਾਵੇਗਾ।

ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਖਪਤਕਾਰਾਂ ਨੂੰ ਭਰੋਸੇਮੰਦਗੀ, ਚੰਗੀ ਵੋਲਟੇਜ ਅਤੇ ਬਿਨ੍ਹਾਂ ਰੁਕਾਵਟ ਬਿਜਲੀ ਦੀ ਸਪਲਾਈ ਲਈ ਪ੍ਰਤੀਬੱਧ ਹੈ। ਪੂਰੇ ਖਪਤਕਾਰ ਸੰਤੁਸ਼ਟੀ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਬਿਜਲੀ ਨਿਗਮ ਵੱਲੋਂ ਅਨੇਕ ਮਹਤੱਵਪੂਰਨ ਪ੍ਰੋਗ੍ਰਾਮ ਸ਼ੁਰੂ ਕੀਤੇ ਗਏ ਹਨ ਤਾਂ ਜੋ ਖਪਤਕਾਰਾਂ ਦੀ ਸਮਸਿਆਵਾਂ ਨੂੰ ਤੁਰੰਤ ਸੁਲਝਾਇਆ ਜਾ ਸਕੇ।

ਬਿਜਲੀ ਨਿਗਮ ਦੇ ਬੁਲਾਰੇ ਨੇ ਦਸਿਆ ਕਿ ਜੋਨਲ ਖਪਤਕਾਰ ਸ਼ਿਕਾਇਤ ਹੱਲ ਮੰਚ ਰੇਲੂਲੇਸ਼ਨ 2.8.2 ਅਨੁਸਾਰ ਹਰੇਕ ਮਾਮਲੇ ਵਿਚ 1 ਲੱਖ ਰੁਪਏ ਤੋਂ ਵੱਧ ਅਤੇ 3 ਲੱਖ ਰੁਪਏ ਤਕ ਦੀ ਰਕਮ ਦੇ ਵਿੱਤੀ ਵਿਵਾਦਾਂ ਨਾਲ ਸਬੰਧਿਤ ਸ਼ਿਕਾਇਤਾਂ ਦੀ ਸੁਣਵਾਈ ਕਰੇਗਾ।

ਉਨ੍ਹਾਂ ਨੇ ਦਸਿਆ ਕਿ ਪੰਚਕੂਲਾਜੋਨ ਦੇ ਤਹਿਤ ਆਉਣ ਵਾਲੇ ਜਿਲ੍ਹਿਆਂ ਦੇ ਖਪਤਕਾਰਾਂ ਦੇ ਗਲਤ ਬਿੱਲਾਂ, ਬਿਜਲੀ ਦੀ ਦਰਾਂ ਨਾਲ ਸਬੰਧਿਤ ਮਾਮਲਿਆਂ , ਮੀਟਰ ਸਿਕਓਰਿਟੀ ਨਾਲ ਜੁੜੇ ਮਾਮਲਿਆਂ, ਖਰਾਬ ਹੋਏ ਮੀਟਰਾਂ ਨਾਲ ਸਬੰਧਿਤ ਮਾਮਲਿਆਂ, ਵੋਲਟੇਜ ਨਾਲ ਜੁੜੇ ਹੋਏ ਮਾਮਲਿਆਂ ਦਾ ਹੱਲ ਕੀਤਾ ਜਾਵੇਗਾ। ਇਸ ਦੌਰਾਨ ਬਿਜਲੀ ਚੋਰੀ ਬਿਜਲੀ ਦੀ ਗਲਤ ਵਰਤੋ ਅਤੇ ਘਾਤਕ ਗੈਰ-ਘਾਤਕ ਦੁਰਘਟਨਾ ਆਦਿ ਮਾਮਲਿਆਂ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਉੱਤਰ ਹਰਿਆਣਾ ਬਿਜਲੀ ਹੱਲ ਨਿਗਮ ਖਪਤਕਾਰਾਂ ਨੂੰ ਅਪੀਲ ਕਰਦਾ ਹੈ ਕਿ ਉਹ ਆਪਣੀ ਬਿਜਲੀ ਨਾਲ ਸਬੰਧਿਤ ਸਮਸਿਆਵਾਂ ਦੇ ਹੱਲ ਲਈ 6, 13, 20 ਅਦੇ 28 ਮਈ ਨੂੰ ਯੂਐੱਚਬੀਵੀਐਨ ਦੇ ਮੁੱਖ ਦਫਤਰ, ਬਿਜਲੀ ਸਦਨ, ਇੰਡਸਟ੍ਰੀਅਲ ਪਲਾਟ-3 ਅਤੇ 4, ਸੈਕਟਰ-14, ਪੰਚਕੂਲਾ ਵਿਚ ਸਵੇਰੇ 1:30 ਵਜੇ ਤੋਂ ਦੁਪਹਿਰ 1:30 ਵਜੇ ਤਕ ਹੋਣ ਵਾਲੀ ਕਾਰਵਾਈ ਵਿਚ ਸ਼ਾਮਿਲ ਹੋ ਕੇ ਆਪਣੀ ਸਮਸਿਆਵਾਂ ਦਾ ਹੱਲ ਕਰਵਾਉਣ।

ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਸੂਬੇ ਦੇ ਸਾਰੇ ਖਪਤਕਾਰਾਂ ਨੂੰ ਲਗਾਤਾਰ ਅਤੇ ਬਿਨ੍ਹਾਂ ਰੁਕਾਵਟ ਬਿਜਲੀ ਸਪਲਾਈ ਮਹੁਇਆ ਕਰਵਾਉਣ ਲਈ ਵਚਨਬੱਧ ਹੈ।

# ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਧੂਮਧਾਮ ਨਾਲ ਮਨਾਇਆ



**ਜੀਂਦ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਇਤਿਹਾਸਕ ਗੁਰਦੁਆਰਾ ਤੇਗ਼ ਬਹਾਦਰ ਸਾਹਿਬ ਵਿਖੇ ਨੌਵੀਂ ਪਾਤਸ਼ਾਹੀ ਗੁਰੂ ਤੇਗ਼ ਬਹਾਦਰ ਜੀ ਦਾ ਪ੍ਰਕਾਸ਼ ਉਤਸਵ ਬੜੇ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਗੁਰਦੁਆਰਾ ਵਿੱਚ ਕੀਰਤਨ ਦਰਬਾਰ ਕਰਵਾਇਆ, ਜਿਸ ਵਿੱਚ ਰਾਗੀ, ਵਿਦਵਾਨ ਅਤੇ ਕਵੀਸ਼ਰੀ ਜਥਿਆਂ ਨੇ ਗੁਰੂ ਤੇਗ਼ ਬਹਾਦਰ ਸਿੰਘ ਜੀ ਦੀ ਜੀਵਨੀ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਗੁਰੂਘਰ ਦੇ ਬੁਲਾਰੇ ਬਲਵਿੰਦਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਕੀਤੇ ਗਏ ਧਾਰਮਿਕ ਸਮਾਗਮ 'ਚ ਬਾਹਰੋਂ ਆਏ ਰਾਗੀ ਜਥਿਆਂ ਨੇ ਹਰੀ ਜੱਸ ਗਾਇਨ ਕਰਕੇ ਅਤੇ ਕਥਾਵਾਚਕਾਂ ਨੇ ਗੁਰੂ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਧਾਰਮਿਕ ਸਮਾਗਮ ਵਿੱਚ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਤੇ ਕਥਾਵਾਚਕ ਗੁਰਵਿੰਦਰ ਸਿੰਘ ਰਤਕ ਨੇ ਆਪਣੇ ਪ੍ਰਵਚਨਾਂ ਵਿੱਚ ਦੱਸਿਆ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਹਿੰਦੁਸਤਾਨ ਦੇ ਇਤਿਹਾਸ ਵਿੱਚ ਇਸ ਲਈ ਮਹੱਤਵ ਮੰਨਿਆ ਜਾਂਦਾ ਹੈ ਕਿਉਂਕਿ ਉਨ੍ਹਾਂ ਨੇ ਆਪਣੇ ਸੀਸ ਦਾ ਬਲਿਦਾਨ ਆਪਣੇ ਕਿਸੇ ਨਿੱਜੀ ਸਵਾਰਥ ਜਾਂ ਲਾਲਚ ਲਈ ਨਹੀਂ ਸਗੋਂ ਕਸ਼ਮੀਰ ਦੇ ਪੰਡਿਤਾਂ ਦੀ ਰੱਖਿਆ ਖਾਤਰ ਦਿੱਤਾ ਸੀ। ਇਸ ਤੋਂ ਬਾਅਦ ਕੈਥਲ ਦੇ ਕਥਾਵਾਚਕ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਸਾਹਿਬ ਸਿੰਘ ਚੱਕੂ ਨੇ ਨੌਵੇਂ ਪਾਤਸ਼ਾਹੀ ਦੀ ਜੀਵਨੀ 'ਤੇ ਪ੍ਰਕਾਸ਼ ਪਾਇਆ। ਸਮਾਗ਼ਮ ਵਿੱਚ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੈਂਬਰ ਬੀਬੀ ਪਰਮਿੰਦਰ ਕੌਰ, ਵਿਧਾਇਕ ਡਾ. ਕ੍ਰਿਸ਼ਨ ਮਿੱਢਾ ਦੇ ਪ੍ਰਤੀਨਿੱਧੀ ਰਾਜਨ ਚਿਲਾਨਾ ਨੇ ਹਾਜ਼ਰ ਸੰਗਤਾਂ ਨੂੰ ਪ੍ਰਕਾਸ਼ ਉਤਸਵ ਦੀ ਵਧਾਈ ਦਿੱਤੀ। ਇਸ ਮੌਕੇ ਗੁਰਦੁਆਰਾ ਮੈਨੇਜਰ ਗੁਰਵਿੰਦਰ ਸਿੰਘ, ਕਾਰ ਸੇਵਾ ਵਾਲੇ ਬਾਬਾ ਰੱਛਪਾਲ ਸਿੰਘ, ਮਾਲਿਕ ਸਿੰਘ, ਜੋਗਿੰਦਰ ਸਿੰਘ ਪਾਹਵਾ, ਦਲਬੀਰ ਸਿੰਘ ਸੇਠੀ, ਜਸਕਰਨ ਸਿੰਘ, ਇੰਦਰਜੀਤ ਸਿੰਘ ਅਤੇ ਜਗਤਾਰ ਸਿੰਘ ਆਦਿ ਹਾਜ਼ਰ ਸਨ।

# ਦੂਜੀ ਪਾਰਟੀ ਦੇ ਚੋਣ ਨਿਸ਼ਾਨ ਹੇਠ ਨਜ਼ਰ ਆਏ ਉਮੀਦਵਾਰ ਖ਼ਿਲਾਫ਼ ਹੋਵੇਗੀ ਕਾਰਵਾਈ: ਦੁਸ਼ਯੰਤ ਚੌਟਾਲਾ

**ਅੰਬਾਲਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਵਿੱਚ ਭਾਜਪਾ-ਜਜਪਾ ਗੱਠ-ਜੋੜ ਟੁੱਟਣ ਤੋਂ ਬਾਅਦ ਜਜਪਾ ਨੇਤਾ ਅਤੇ ਸਾਬਕਾ ਉਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਖ਼ਿਲਾਫ਼ ਕਥਿਤ ਭ੍ਰਿਸ਼ਟਾਚਾਰ ਦੀ ਜਾਂਚ ਕਰਾਉਣ ਦੀ ਉੱਠ ਰਹੀ ਮੰਗ ਬਾਰੇ ਦੁਸ਼ਯੰਤ ਚੌਟਾਲਾ ਨੇ ਅੱਜ ਕਿਹਾ, "ਮੈਂ ਸਰਕਾਰ ਵਿੱਚ ਰਹਿੰਦਿਆਂ ਵੀ ਮਨ੍ਹਾਂ ਨਹੀਂ ਕੀਤਾ ਅਤੇ ਹੁਣ ਵੀ ਕਹਿੰਦਾ ਹਾਂ ਕਿ ਜਾਂਚ ਹੋਣੀ ਚਾਹੀਦੀ ਹੈ।" ਉਨ੍ਹਾਂ ਕਿਹਾ ਕਿ ਕਈ ਅਫ਼ਵਾਹਾਂ ਹਨ, ਭੈੜਾ ਪ੍ਰਚਾਰ ਵੀ ਹੈ ਜਿਸ ਖ਼ਿਲਾਫ਼ ਕਾਨੂੰਨੀ ਕਾਰਵਾਈ ਬਣਦੀ ਹੈ, ਉਹ ਇਹ ਕਾਰਵਾਈ ਕਰਨਗੇ। ਉਹ ਅੱਜ ਇੱਥੇ ਅੰਬਾਲਾ ਲੋਕ ਸਭਾ ਹਲਕੇ ਤੋਂ ਆਪਣੀ ਪਾਰਟੀ ਦੀ ਉਮੀਦਵਾਰ ਡਾ. ਕਿਰਨ ਪੂਨੀਆ ਦੇ ਨਾਮਜ਼ਦਗੀ ਕਾਗ਼ਜ਼ ਦਾਖ਼ਲ ਕਰਾਉਣ ਮਗਰੋਂ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ। ਜਜਪਾ ਦੇ ਵਿਧਾਇਕ ਜੋਗੀ ਰਾਮ ਸਿਹਾਗ ਵੱਲੋਂ ਜਜਪਾ ਨੂੰ 'ਇਕ ਪਰਿਵਾਰ ਦੀ ਪਾਰਟੀ' ਕਹੇ ਜਾਣ ਅਤੇ ਹਿਸਾਰ ਤੋਂ ਭਾਜਪਾ ਉਮੀਦਵਾਰ ਰਣਜੀਤ ਚੌਟਾਲਾ ਦਾ ਸਮਰਥਨ ਕਰਨ ਦਾ ਸਖ਼ਤ ਨੋਟਿਸ ਲੈਂਦਿਆਂ ਸ੍ਰੀ ਚੌਟਾਲਾ ਨੇ ਕਿਹਾ, "ਜੇ ਸਾਡਾ ਕੋਈ ਉਮੀਦਵਾਰ ਕਿਸੇ ਦੂਜੀ ਪਾਰਟੀ ਦੇ ਚੋਣ ਨਿਸ਼ਾਨ ਥੱਲੇ ਨਜ਼ਰ ਆਇਆ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜੇ ਕਿਸੇ ਨੇ ਕਿਸੇ ਦੂਜੇ ਦੀ ਮਦਦ ਕਰਨੀ ਹੈ ਤਾਂ ਵਿਧਾਇਕ ਦੇ ਅਹੁਦੇ ਤੋਂ ਅਸਤੀਫ਼ਾ ਦੇਵੇ। ਇਹ ਚਲਾਕੀ ਨਹੀਂ ਚੱਲੇਗੀ ਕਿ ਆਪਣੀ ਪਾਰਟੀ ਦੀ ਜ਼ਿੰਮੇਵਾਰੀ ਛੱਡ ਕੇ ਕੋਈ ਦੂਜੀ ਪਾਰਟੀ ਦਾ ਸਮਰਥਨ ਕਰੇ ਕਿਉਂ ਕਿ ਜਨਤਾ ਨੇ ਉਨ੍ਹਾਂ ਨੂੰ ਜਨ ਨਾਇਕ ਜਨਤਾ ਪਾਰਟੀ ਦੇ ਚੋਣ ਨਿਸ਼ਾਨ 'ਤੇ ਜਿਤਾਇਆ ਹੈ।" ਉਨ੍ਹਾਂ ਕਿਹਾ ਕਿ ਡਾ. ਕਿਰਨ ਪੂਨੀਆ ਪੜ੍ਹੀ-ਲਿਖੀ ਉਮੀਦਵਾਰ ਹੈ ਜੋ ਕਿ ਸ਼ਹਿਰ ਦੇ ਡੀਏਵੀ ਕਾਲਜ ਵਿੱਚ ਪ੍ਰੋਫ਼ੈਸਰ ਹੈ ਅਤੇ ਅੰਬਾਲਾ ਹਲਕੇ ਦੇ ਵੋਟਰ ਉਨ੍ਹਾਂ ਨੂੰ ਇਤਿਹਾਸਕ ਵੋਟਾਂ ਦੇ ਅੰਤਰ ਨਾਲ ਜਿਤਾ ਕੇ ਸੰਸਦ ਵਿੱਚ ਭੇਜਣਗੇ। ਦੁਸ਼ਯੰਤ ਚੌਟਾਲਾ ਪਾਰਟੀ ਦੇ ਦਫ਼ਤਰ ਪਹੁੰਚੇ ਅਤੇ ਵਰਕਰਾਂ ਨੂੰ ਸੰਬੋਧਨ ਕੀਤਾ। ਡਾ. ਕਿਰਨ ਪੂਨੀਆ ਦੇ ਨਾਮਜ਼ਦਗੀ ਕਾਗ਼ਜ਼ ਦਾਖਲ ਕਰਨ ਸਮੇਂ ਉਨ੍ਹਾਂ ਦੇ ਨਾਲ ਜਜਪਾ ਪ੍ਰਦੇਸ਼ ਪ੍ਰਧਾਨ ਬ੍ਰਿਜ ਸ਼ਰਮਾ, ਜ਼ਿਲ੍ਹਾ ਪ੍ਰਧਾਨ ਦਲਬੀਰ ਪੂਨੀਆ ਐ ਸਾਬਕਾ ਮੰਤਰੀ ਕਿਰਪਾ ਰਾਮ ਪੂਨੀਆ ਵੀ ਮੌਜੂਦ ਸਨ।

# ਵਿਸ਼ਵ ਪ੍ਰੈਸ ਸੁਤੰਤਰਤਾ ਦਿਵਸ ਮਨਾਇਆ ਗਿਆ

**ਚੰਡੀਗੜ੍ਹ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਜੇ ਸੀ ਬੋਸ ਵਿਗਿਆਨ ਅਤੇ ਤਕਨਾਲੋਜੀ ਯੂਨੀਵਰਸਿਟੀ, ਵਾਈਐਮਸੀਏ, ਫਰੀਦਾਬਾਦ ਦੇ ਸੰਚਾਰ ਅਤੇ ਮੀਡੀਆ ਤਕਨੀਕੀ ਵਿਭਾਗ ਵੱਲੋਂ ਅੱਜ ਵਿਸ਼ਵ ਪ੍ਰੈਸ ਸੁਤੰਤਰਤਾ ਦਿਵਸ ਮਨਾਇਆ ਗਿਆ।

ਵਿਭਾਗ ਦੇ ਚੇਅਰਮੈਨ ਡਾ. ਪਵਨ ਸਿੰਘ ਤੇ ਫੈਕੇਲਟੀ ਮੈਂਬਰਾਂ ਅਤੇ ਕਰਮਚਾਰੀਆਂ ਅਤੇ ਮੀਡੀਆ ਵਿਦਿਆਰਥੀਆਂ ਨੇ ਪੱਤਕਾਰਿਤਾ ਵਿਚ ਸੱਚ, ਨਿਰਪੱਖਤਾ ਅਤੇ ਪਬਲਿਕ ਸੇਵਾ ਦੇ ਸਿਦਾਂਤਾਂ ਨੂੰ ਬਣਾਏ ਰੱਖਣ ਦੀ ਸੁੰਹ ਲਈ ਤਾਂ ਜੋ ਇਹ ਯਕੀਨੀ ਕੀਤਾ ਜਾ ਸਕਦੇ ਕਿ ਪੱਤਰਕਾਰਿਤਾ ਵਿਚ ਜਨਤਾ ਦੇ ਭਰੋਸੇ ਨਾਲ ਕਦੀ ਸਮਝੌਤਾ ਨਾ ਹੋਵੇ। ਇਸ ਮੌਕੇ 'ਤੇ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋਫੈਸਰ ਐਸ ਕੇ ਤੋਮਰ ਨੇ ਵਿਭਾਗ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ 'ਤੇ ਚੇਅਰਮੈਨ ਨੇ ਕਿਹਾ ਕਿ ਪੱਤਰਕਾਰਿਤਾ ਇਕ ਜਿਮੇਵਾਰੀ ਅਤੇ ਚਨੌਤੀਪੂਰਨ ਪੇਸ਼ਾ ਹੈ। ਮੀਡੀਆ ਅਧਿਆਪਕ ਹੋਣ ਦੇ ਨਾਤੇ ਸਾਨੂੰ ਕੁੱਝ ਵਿਸ਼ੇਸ਼ ਅਧਿਕਾਰ ਮਿਲਦੇ ਹਨ ਅਤੇ ਇੰਨ੍ਹਾਂ ਵਿਸ਼ੇਸ਼ ਅਧਿਕਾਰਾਂ ਦੀ ਵਰਤੋ ਸਮਾਜ ਦੀ ਭਲਾਈ ਦੇ ਲਈ ਕਰਨਾ ਸਾਡੀ ਜਿਮੇਵਾਰੀ ਹੈ। ਸਾਡਾ ਗਲਤ ਲੇਖਨ ਅਤੇ ਰਿਪੋਰਟਿੰਗ ਲੋਕਾਂ ਦਾ ਕੈਰਿਅਰ ਬਰਬਾਦ ਕਰ ਸਕਦਾ ਹੈ ਅਤੇ ਸਮਾਜਿਕ ਤਨਾਅ ਵੀ ਪੈਦਾ ਕਰ ਸਕਦਾ ਹੈ।

ਇਸ ਲਈ ਸਾਨੂੰ ਕਿਸੇ ਵੀ ਮੁੱਦੇ 'ਤੇ ਰਿਪੋਰਟ ਕਰਨ ਤੋਂ ਪਹਿਲਾਂ ਹਮੇਸ਼ਾ ਤੱਥਾਂ ਦੀ ਚੰਗੀ ਤਰ੍ਹਾ ਜਾਂਚ ਕਰਨੀ ਚਾਹੀਦੀ ਹੈ। ਪ੍ਰੋਗ੍ਰਾਮ ਦਾ ਸੰਚਾਲਨ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਭਾਰਤ ਧੀਮਾਨ ਨੇ ਕੀਤਾ। ਉਨ੍ਹਾਂ ਨੇ ਦਸਿਆ ਕਿ ਵਿਸ਼ਵ ਪ੍ਰੈਸ ਸੁਤੰਤਰਤਾ ਦਿਵਸ ਹਰ ਸਾਲ 8 ਮਈ ਨੂੰ ਮਨਾਇਆ ਜਾਂਦਾ ਹੈ। ਯੂਨੇਸਕੋ ਦੇ ਸਮੇਲਨ ਦੀ ਸਿਫਾਰਿਸ਼ ਦੇ ਬਾਅਦ ਦਸੰਬਰ, 1993 ਵਿਚ ਸੰਯੂਕਤ ਰਾਸ਼ਟਰ ਮਹਾਸਭਾ ਵੱਲੋਂ ਇਸ ਦਾ ਐਲਾਨ ਕੀਤਾ ਗਿਆ ਹੈ।

# ਬਾਰ੍ਹਵੀਂ 'ਚ ਪਾਸ ਹੋਣ ਦਾ ਜਸ਼ਨ ਮਨਾਉਂਦੇ ਦੋ ਵਿਦਿਆਰਥੀ ਨਹਿਰ 'ਚ ਡੁੱਬੇ

**ਯਮੁਨਾਨਗਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਸਿੱਖਿਆ ਬੋਰਡ ਵੱਲੋਂ ਹਾਲ ਹੀ ਵਿੱਚ ਐਲਾਨੇ ਗਏ 12ਵੀਂ ਜਮਾਤ ਦੀ ਪ੍ਰੀਖਿਆ ਦੇ ਨਤੀਜਿਆਂ ਵਿੱਚ ਪਾਸ ਹੋਣ 'ਤੇ ਯਮੁਨਾ ਨਹਿਰ 'ਤੇ ਜਸ਼ਨ ਮਨਾਉਣ ਗਏ ਦੋ ਵਿਦਿਆਰਥੀਆਂ ਦੀ ਡੁੱਬਣ ਕਾਰਨ ਮੌਤ ਹੋ ਗਈ। ਪੁਲੀਸ ਨੇ ਗੋਤਾਖੋਰਾਂ ਦੀ ਮਦਦ ਨਾਲ ਦੋਵਾਂ ਵਿਦਿਆਰਥੀਆਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਹਨ।

ਜਾਣਕਾਰੀ ਅਨੁਸਾਰ ਪਿੰਡ ਭੰਗੇੜਾ ਦਾ ਰਹਿਣ ਵਾਲਾ ਕ੍ਰਿਸ਼ਨ (17) ਅਤੇ ਪਿੰਡ ਕੜਕੋਲੀ ਦਾ ਮਯੰਕ (17) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪ੍ਰਤਾਪ ਨਗਰ ਦੇ ਵਿਦਿਆਰਥੀ ਸਨ ਜੋ ਹਾਲ ਹੀ ਵਿੱਚ ਬਾਰ੍ਹਵੀਂ ਜਮਾਤ 'ਚੋਂ ਚੰਗੇ ਨੰਬਰ ਲੈ ਕੇ ਪਾਸ ਹੋਏ ਸਨ। ਜਾਣਕਾਰੀ ਅਨੁਸਾਰ ਬਾਰ੍ਹਵੀਂ ਦੀ ਪ੍ਰੀਖਿਆ ਪਾਸ ਕਰਨ ਦੀ ਖ਼ੁਸ਼ੀ ਵਿੱਚ ਉਹ ਅੱਜ ਦੁਪਹਿਰ 2 ਵਜੇ ਦੇ ਕਰੀਬ ਆਪਣੇ ਅੱਧੀ ਦਰਜਨ ਦੋਸਤਾਂ ਨਾਲ ਪਿੰਡ ਕੁੱਟੀ ਨੇੜੇ ਪੱਛਮੀ ਯਮੁਨਾ ਨਹਿਰ ਵਿੱਚ ਨਹਾਉਣ ਗਏ ਸਨ। ਇਸ ਦੌਰਾਨ ਉਨ੍ਹਾਂ 'ਚੋਂ ਕੁਝ ਜਣੇ ਨਹਿਰ ਦੇ ਕੰਢੇ ਬੈਠ ਗਏ ਅਤੇ ਕ੍ਰਿਸ਼ ਤੇ ਮਯੰਕ ਨਹਾਉਣ ਲਈ ਨਹਿਰ ਵਿੱਚ ਚਲੇ ਗਏ। ਇਸੇ ਦੌਰਾਨ ਅਚਾਨਕ ਨਹਿਰ ਵਿੱਚ ਪਾਣੀ ਜ਼ਿਆਦਾ ਆਉਣ ਕਾਰਨ ਦੋਵੇਂ ਜਣੇ ਡੁੱਬ ਗਏ।

ਉਨ੍ਹਾਂ ਦਾ ਰੌਲਾ ਸੁਣ ਕੇ ਨਹਿਰ ਕਿਨਾਰੇ ਬੈਠੇ ਹੋਰ ਸਾਥੀਆਂ ਨੇ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਉਹ ਬਚਾ ਨਹੀਂ ਸਕੇ। ਸੂਚਨਾ ਮਿਲਦੇ ਹੀ ਪਰਿਵਾਰਕ ਮੈਂਬਰ, ਛਛਰੌਲੀ ਦੇ ਡੀਐੱਸਪੀ ਮਹਾਵੀਰ ਸਿੰਘ ਅਤੇ ਪ੍ਰਤਾਪ ਨਗਰ ਥਾਣਾ ਇੰਚਾਰਜ ਐੱਸਐੱਚਓ ਕਮਲਜੀਤ ਸਿੰਘ ਪੁਲੀਸ ਫੋਰਸ ਨਾਲ ਮੌਕੇ 'ਤੇ ਪੁੱਜੇ ਅਤੇ ਗੋਤਾਖੋਰਾਂ ਦੀ ਮਦਦ ਨਾਲ ਦੋਵਾਂ ਵਿਦਿਆਰਥੀਆਂ ਦੀਆਂ ਲਾਸ਼ਾਂ ਨੂੰ ਨਹਿਰ 'ਚੋਂ ਬਾਹਰ ਕੱਢਿਆ ਗਿਆ। ਪੁਲੀਸ ਨੇ ਦੋਵੇਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾ ਦਿੱਤਾ ਹੈ।

# ਭਾਜਪਾ ਰਾਮ ਮੰਦਰ 'ਤੇ ਸਿਆਸੀ ਰੋਟੀਆਂ ਸੇਕਣ ਲੱਗੀ: ਬੀਬੀ ਜਗੀਰ ਕੌਰ

**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਅਕਾਲੀ ਦਲ ਦੇ ਉਮੀਦਵਾਰ ਮਹਿੰਦਰ ਸਿੰਘ ਕੇਪੀ ਦੇ ਹੱਕ ਵਿੱਚ ਕੀਤੀਆਂ ਚੋਣ ਮੀਟਿੰਗਾਂ ਦੌਰਾਨ ਭਾਜਪਾ, ਕਾਂਗਰਸ ਤੇ 'ਆਪ' 'ਤੇ ਤਿਖੇ ਨਿਸ਼ਾਨੇ ਸੇਧੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਕੌਮੀ ਪਾਰਟੀਆਂ ਕਦੇ ਵੀ ਪੰਜਾਬ ਦਾ ਭਲਾ ਨਹੀਂ ਕਰ ਸਕਦੀਆਂ। ਉਨ੍ਹਾਂ ਜਲੰਧਰ ਲੋਕ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਕੀਤੀਆਂ ਮੀਟਿੰਗਾਂ ਦੌਰਾਨ ਸਭ ਤੋਂ ਤਿੱਖਾ ਹਮਲਾ ਭਾਜਪਾ 'ਤੇ ਕੀਤਾ। ਬੀਬੀ ਜਗੀਰ ਕੌਰ ਨੇ ਕਿਹਾ ਕਿ ਅਯੁੱਧਿਆ ਵਿੱਚ ਬਣਾਏ ਭਗਵਾਨ ਰਾਮ ਦੇ ਮੰਦਰ 'ਤੇ ਵੋਟਾਂ ਮੰਗਣੀਆਂ ਭਾਜਪਾ ਨੂੰ ਸ਼ੋਭਾ ਨਹੀਂ ਦਿੰਦਾ। ਉਨ੍ਹਾਂ ਕਿਹਾ ਕਿ ਭਾਜਪਾ ਲੀਡਰਸ਼ਿਪ ਘੱਟ ਗਿਣਤੀਆਂ ਨੂੰ ਗਾਲ੍ਹਾਂ ਕੱਢ ਕੇ ਤੇ ਉਨ੍ਹਾਂ 'ਤੇ ਜ਼ੁਲਮ ਕਰਕੇ ਵੋਟਾਂ ਹਾਸਲ ਕਰਨਾ ਚਹੁੰਦੀ ਹੈ। ਉਨ੍ਹਾਂ ਕਿਹਾ ਕਿ ਰਾਮ ਮੰਦਰ ਕਰੋੜਾਂ ਹਿੰਦੂਆਂ ਦੀ ਆਸਥਾ ਦਾ ਕੇਂਦਰ ਹੈ ਪਰ ਭਾਜਪਾ ਰਾਮ ਮੰਦਰ 'ਤੇ ਆਪਣੀਆਂ ਸਿਆਸੀ ਰੋਟੀਆਂ ਸੇਕ ਰਹੀ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਕੌਮੀ ਪਾਰਟੀਆਂ ਕਦੇ ਵੀ ਕਿਸੇ ਸੂਬੇ ਦੇ ਹੱਕਾਂ ਦੀ ਗੱਲ ਨਹੀਂ ਕਰ ਸਕਦੀਆਂ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਖੇਤਰੀ ਪਾਰਟੀ ਹੈ ਜਿਹੜੀ ਕਿ ਪੰਜਾਬੀਆਂ ਦੀ ਮਾਂ ਪਾਰਟੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਨੂੰ ਲੁੱਟਿਆ ਜਾ ਰਿਹਾ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਕੋਈ ਵੀ ਕੌਮੀ ਪਾਰਟੀ ਪੰਜਾਬ ਦੇ ਪਾਣੀਆਂ ਦੀ ਰਾਖੀ ਨਹੀਂ ਕਰ ਸਕਦੀਆਂ। ਬੀਬੀ ਜਗੀਰ ਕੌਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਬੰਦੀ ਸਿੱਖਾਂ ਨੂੰ ਰਿਹਾਅ ਨਹੀਂ ਕਰਨਾ ਚਹੁੰਦੀ। ਉਨ੍ਹਾਂ ਕਿਹਾ ਕਿ ਹਰਸਿਮਰਤ ਕੌਰ ਬਾਦਲ ਨੇ ਜਦੋਂ ਬੰਦੀ ਸਿੱਖਾਂ ਦਾ ਮਾਮਲਾ ਲੋਕ ਸਭਾ ਵਿੱਚ ਉਠਾਇਆ ਸੀ ਤਾਂ ਕੇਂਦਰੀ ਗ੍ਰਹਿ ਮੰਤਰੀ ਦਾ ਜੋ ਵਤੀਰਾ ਸੀ ਉਹ ਸਮੁੱਚੀ ਸਿੱਖ ਕੌਮ ਨੂੰ ਬਦਨਾਮ ਕਰਨ ਵਾਲਾ ਸੀ। ਬੀਬੀ ਜਗੀਰ ਕੌਰ ਨੇ ਜਲੰਧਰ ਤੋਂ ਅਕਾਲੀ ਦਲ ਦੇ ਉਮੀਦਵਾਰ ਮਹਿੰਦਰ ਸਿੰਘ ਕੇਪੀ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ।

# ਨਾਜਾਇਜ਼ ਅਸਲਾ ਸਪਲਾਈ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ



**ਸ਼ਾਹਬਾਦ ਮਾਰਕੰਡਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪੁਲੀਸ ਦੀ ਕਰਾਈਮ ਬਰਾਂਚ ਦੀ ਟੀਮ ਨੇ ਨਾਜਾਇਜ਼ ਅਸਲਾ ਸਪਲਾਈ ਕਰਨ ਦੇ ਦੋਸ਼ ਹੇਠ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲੀਸ ਦੇ ਬੁਲਾਰੇ ਨੇ ਦੱਸਿਆ ਕਿ 4 ਅਪਰੈਲ ਨੂੰ ਏਐੱਸਆਈ ਸੰਦੀਪ ਕੁਮਾਰ ਦੀ ਟੀਮ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਪੰਕਜ ਉਰਫ ਪੰਕੂ ਵਾਸੀ ਸੈਕਟਰ ਇਕ ਸ਼ਾਹਬਾਦ ਨੂੰ ਅਨਾਜ ਮੰਡੀ ਨੇੜਿਓਂ ਕਾਬੂ ਕੀਤਾ ਸੀ। ਜਦੋਂ ਪੁਲੀਸ ਟੀਮ ਨੇ ਉਸ ਦੀ ਤਲਾਸ਼ੀ ਲਈ ਤਾਂ ਉਸ ਦੇ ਕਬਜ਼ੇ 'ਚੋਂ ਇਕ ਦੇਸੀ ਪਿਸਤੌਲ ਤੇ ਇਕ ਕਾਰਤੂਸ ਬਰਾਮਦ ਹੋਇਆ। ਮੁਲਜ਼ਮ ਖ਼ਿਲਾਫ਼ ਥਾਣਾ ਸ਼ਾਹਬਾਦ ਵਿਚ ਅਸਲਾ ਐਕਟ ਦਾ ਕੇਸ ਦਰਜ ਕਰ ਲਿਆ ਸੀ।

ਅਗਲੀ ਜਾਂਚ ਦੌਰਾਨ 2 ਮਈ ਨੂੰ ਅਪਰਾਧ ਸ਼ਾਖਾ-1 ਦੇ ਸਬ-ਇੰਸਪੈਕਟਰ ਧਰਮਿੰਦਰ ਦੀ ਟੀਮ ਨੇ ਸੂਰਯਾਂਸ਼ ਵਾਸੀ ਪੰਤ ਵਿਹਾਰ ਸਹਾਰਨਪੁਰ ਯੂਪੀ ਨੂੰ ਨਾਜਾਇਜ਼ ਅਸਲਾ ਸਪਲਾਈ ਕਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਮੁਲਜ਼ਮ ਨੂੰ ਅਦਾਲਤ ਵਿਚ ਪੇਸ਼ ਕਰ ਕੇ ਦੋ ਰੋਜ਼ਾ ਰਿਮਾਂਡ ਹਾਸਲ ਕੀਤਾ ਗਿਆ ਹੈ।

# ਥਾਣਾ ਕੋਤਵਾਲੀ ਨੇ ਕੀਤਾ ਚਾਰ ਵਿਅਕਤੀਆਂ ਵਿਰੁੱਧ ਮਾਮਲਾ ਦਰਜ

**ਪਟਿਆਲਾ, 8 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਕੋਤਵਾਲੀ ਦੀ ਪੁਲਿਸ ਨੇ ਚਾਰ ਵਿਅਕਤੀਆਂ ਵਿਰੁੱਧ ਚਾਰੂ ਗੋਇਲ ਪਤਨੀ ਗੌਰਵ ਗੋਇਲ ਵਾਸੀ ਨੇੜੇ ਗੁੜ ਮੰਡੀ ਪਟਿਆਲਾ ਦੀ ਸ਼ਿਕਾਇਤ ਦੇ ਆਧਾਰ 'ਤੇ ਧਾਰਾ 323, 341, 506, 34 ਆਈ. ਪੀ. ਸੀ. ਤਹਿਤ ਮਾਮਲਾ ਦਰਜ ਕੀਤਾ ਹੈ।

ਪੁਲਿਸ ਨੂੰ ਦਰਜ ਕਰਵਾਈ ਸ਼ਿਕਾਇਤ ਚਾਰੂ ਗੋਇਲ ਨੇ ਦੱਸਿਆ ਕਿ ਲੰਘੇ ਦਿਨੀ ਜਦੋਂ ਆਪਣੇ ਪਤੀ ਨਾਲ ਹਰਬੰਸ ਆਈਸਕ੍ਰੀਮ ਕਿਲਾ ਚੌਂਕ ਪਟਿਆਲਾ ਵਿਖੇ ਗਏ ਹੋਏ ਸਨ ਤਾਂ ਰਾਮ ਨਰਾਇਣ, ਅਨਿਲ ਨਾਰਾਇਣ, ਲਵ ਗੋਇਲ ਪੁੱਤਰ ਰਾਮ ਨਰਾਇਣ, ਪ੍ਰੀਤੀ ਗੋਇਲ ਪਤਨੀ ਲਵ ਗੋਇਲ ਵਾਸੀ ਮੁਹੱਲਾ ਛੱਤਾ ਨਾਨੂ ਮਲ ਪਟਿਆਲਾ ਨੇ ਮੌਕੇ 'ਤੇ ਆ ਕੇ ਉਸਦੀ ਅਤੇ ਉਸਦੇ ਪਤੀ ਦੀ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋ ਪੁਲਿਸ ਨੂੰ ਦਰਜ ਕਰਵਾਈ ਸ਼ਿਕਾਇਤ ਚਾਰੂ ਗੋਇਲ ਨੇ ਦੱਸਿਆ ਕਿ ਲੰਘੇ ਦਿਨੀ ਜਦੋਂ ਆਪਣੇ ਪਤੀ ਨਾਲ ਹਰਬੰਸ ਆਈਸਕ੍ਰੀਮ ਕਿਲਾ ਚੌਂਕ ਪਟਿਆਲਾ ਵਿਖੇ ਗਏ ਹੋਏ ਸਨ ਤਾਂ ਰਾਮ ਨਰਾਇਣ, ਅਨਿਲ ਨਾਰਾਇਣ, ਲਵ ਗੋਇਲ ਪੁੱਤਰ ਰਾਮ ਨਰਾਇਣ, ਪ੍ਰੀਤੀ ਗੋਇਲ ਮਾਰਨ ਦੀਆਂ ਧਮਕੀਆਂ ਦਿੱਤੀਆਂ ।

ਪੁਲਿਸ ਨੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪੁਲਿਸ ਨੇ ਕੀਤਾ ਤਿੰਨ ਵਿਰੁੱਧ ਮਾਮਲਾ ਦਰਜ

**ਪਟਿਆਲਾ, 8 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਬਖਸ਼ੀਵਾਲ ਦੀ ਪੁਲਿਸ ਨੇ ਸ਼ਿਕਾਇਤਕਰਤਾ ਪ੍ਰਿਯਾਂਸੀ ਗਹਿਲੋਤ ਪੁੱਤਰੀ ਮਦਨ ਗਹਿਲੋਤ ਵਾਸੀ 3 ਰਾਜ ਵਿਲਾ ਏਵਨ ਕੰਪਲੈਕਸ ਹਿਮਨਗਰੀ ਸੈਕਟਰ-6 ਉਦੈਪੁਰ ਰਾਜਸਥਾਨ ਦੀ ਸ਼ਿਕਾਇਤ ਦੇ ਆਧਾਰ 'ਤੇ ਤਿੰਨ ਲੜਕੀਆਂ ਵਿਰੁੱਧ ਧਾਰਾ 323, 341, 506, 34 ਆਈ. ਪੀ. ਸੀ. ਤਹਿਤ ਘੇਰ ਕੇ ਕੁੱਟਮਾਰ ਕਰਨ ਅਤੇ ਜਾਨੋ ਮਾਰਨ ਦੀ ਧਮਕੀਆਂ ਦੇਣ 'ਤੇ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਗਿੱਤੀ ਸ਼ਿਕਾਇਤ ਵਿੱਚ ਪ੍ਰਿਯਾਂਸੀ ਗਹਿਲੋਤ ਨੇ ਦੱਸਿਆ ਕਿ ਉਹ ਲਾਅ ਯੂਨੀਵਰਸਿਟੀ ਪਿੰਡ ਸਿੱਧੂਵਾਲ ਵਿਖੇ ਪੜਦੀ ਹੈ ਅਤੇ ਕੁੱਝ ਦਿਨ ਪਹਿਲਾਂ ਰਾਤ ਸਮੇਂ ਯੂਨੀਵਰਸਿਟੀ ਵਿੱਚ ਚੱਲ ਰਹੇ ਫੱਕਸ਼ਨ ਵਿੱਚ ਨਿਧੀ, ਅਨੂੰਸ਼੍ਰੀ ਤੇ ਇਸ਼ੀਤਾ ਜੋ ਕਿ ਉੱਥੇ ਹੀ ਪੜ ?ਦੀਆਂ ਹਨ ਨੇ ਘੇਰ ਕੇ ਉਸਦੀ ਜਿੱਥੇ ਕੁੱਟਮਾਰ ਕੀਤੀ, ਉਥੇ ਜਾਨੋ ਮਾਰਨ ਦੀ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਈਵੀਐੱਮ ਤੇ ਵੀਵੀਪੈਟ ਦੀ ਪਹਿਲੀ ਰੈਂਡਮਾਈਜ਼ੇਸ਼ਨ ਹੋਈ




**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ-2024 ਦੌਰਾਨ 1 ਜੂਨ ਨੂੰ ਵੋਟਾਂ ਵਾਲੇ ਦਿਨ ਵਰਤੀਆਂ ਜਾਣ ਵਾਲੀਆਂ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐਮਜ਼) ਅਤੇ ਵੀ.ਵੀ.ਪੈਟ ਮਸ਼ੀਨਾਂ ਦੀ ਅੱਜ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਨਿਗਰਾਨੀ ਹੇਠ ਪਹਿਲੀ ਰੈਂਡਮਾਈਜ਼ੇਸ਼ਨ ਕਰਵਾਈ ਗਈ।

ਇਸ ਮੌਕੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ, ਜਿਨ੍ਹਾਂ ਨੂੰ ਵਿਧਾਨ ਸਭਾ ਹਲਕਾਵਾਰ ਅਲਾਟ ਕੀਤੀਆਂ ਗਈਆਂ ਈ.ਵੀ.ਐਮਜ਼ ਅਤੇ ਵੀ.ਪੀ.ਪੈਟ ਮਸ਼ੀਨਾਂ ਦੀਆਂ ਤਸਦੀਕਸ਼ੁਦਾ ਸੂਚੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁੱਲ 2442 ਬੈਲਟ ਯੂਨਿਟ, 2442 ਕੰਟਰੋਲ ਯੂਨਿਟ ਅਤੇ 2637 ਵੀ.ਵੀ.ਪੈਟ (ਰਿਜ਼ਰਵ ਸਮੇਤ) ਦੀ ਹਲਕਾਵਾਰ ਵੰਡ ਲਈ ਰੈਂਡਮਾਈਜ਼ੇਸ਼ਨ ਦੀ ਪ੍ਰਕਿਰਿਆ ਐਨ.ਆਈ.ਸੀ. ਦੇ ਈ.ਐਮ.ਐਸ. ਸਾਫਟਵੇਅਰ ਰਾਹੀਂ ਅਮਲ ਵਿੱਚ ਲਿਆਂਦੀ ਗਈ ਹੈ।

# ਚੋਰੀਆਂ ਤੇ ਲੁੱਟਾਂ-ਖੋਹਾਂ ਕਰਨ ਵਾਲੇ ਗਰੋਹ ਦਾ ਪਰਦਾਫਾਸ਼

**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲੀਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਪੁਲੀਸ ਕਮਿਸ਼ਨਰੇਟ ਨੇ ਚੋਰੀਆਂ ਅਤੇ ਖੋਹਾਂ ਕਰਨ ਵਾਲੇ ਇੱਕ ਗਰੋਹ ਦਾ ਪਰਦਾਫਾਸ਼ ਕਰ ਕੇ ਪੰਜ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਕੇ ਉਨ੍ਹਾਂ ਪਾਸੋਂ ਤਿੰਨ ਮੋਟਰਸਾਈਕਲ, ਇੱਕ ਐਕਟਿਵਾ ਅਤੇ 10 ਮੋਬਾਈਲ ਫੋਨ ਬਰਾਮਦ ਕੀਤੇ ਹਨ। ਪੁਲੀਸ ਕਮਿਸ਼ਨਰ ਨੇ ਦੱਸਿਆ ਕਿ ਸਨੀ, ਸਾਗਰ ਸਿੰਘ ਉਰਫ ਗਾਮਾ, ਅਮਰਜੀਤ ਸਿੰਘ ਉਰਫ ਵਿੱਕੀ, ਵਿਕਰਮ ਸਿੰਘ ਉਰਫ ਵਿੱਕੀ ਅਤੇ ਰਵੀ ਖਿਲਾਫ ਕਈ ਕੇਸ ਦਰਜ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵੱਲੋਂ ਮੋਟਰਸਾਈਕਲ, ਇੱਕ ਸਪਲੈਂਡਰ (ਪੀ.ਬੀ.08-ਐਫਬੀ-3473) ਅਤੇ ਬਿਨਾਂ ਨੰਬਰ ਦੇ ਇੱਕ ਐਕਟਿਵਾ ਦੀ ਵਰਤੋਂ ਕਰਦਿਆਂ ਪ੍ਰਵਾਸੀ ਵਿਅਕਤੀਆਂ ਤੋਂ ਮੋਬਾਈਲ ਫ਼ੋਨ ਅਤੇ ਪਰਸ ਖੋਹ ਲਏ ਜਾਣ ਦੀ ਸੂਚਨਾ ਮਿਲੀ ਸੀ।

ਸ੍ਰੀ ਸ਼ਰਮਾ ਨੇ ਦੱਸਿਆ ਕਿ ਪੁਲੀਸ ਪਾਰਟੀ ਨੇ ਇਨ੍ਹਾਂ ਪੰਜਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 10 ਮੋਬਾਈਲ ਫੋਨ ਬਰਾਮਦ ਕੀਤੇ ਹਨ।

# ਟਰੈਕਟਰ ਪਲਟਣ ਕਾਰਨ ਚਾਲਕ ਜ਼ਖ਼ਮੀ

**ਰਤੀਆ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨੇੜਲੇ ਪਿੰਡ ਸਹਿਨਾਲ ਗੁਰੂਸਰ ਰੋਡ 'ਤੇ ਟਰੈਕਟਰ ਪਲਟਣ ਕਾਰਨ ਚਾਲਕ ਟਰੈਕਟਕ ਹੇਠਾਂ ਆ ਗਿਆ। ਲੋਕਾਂ ਨੇ ਬੜੀ ਮੁਸ਼ੱਕਤ ਉਪਰੰਤ ਜੇਸੀਬੀ ਮਸ਼ੀਨ ਨਾਲ ਟਰੈਕਟਰ ਦੇ ਹੇਠਾਂ ਆਏ ਚਾਲਕ ਨੂੰ ਬਾਹਰ ਕੱਢਿਆ ਅਤੇ ਗੰਭੀਰ ਹਾਲਤ ਵਿਚ ਰਤੀਆ ਦੇ ਸਰਕਾਰੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਸਿਵਲ ਹਸਪਤਾਲ ਦੇ ਡਾਕਟਰਾਂ ਨੇ ਮੁੱਢਲੇ ਇਲਾਜ ਉਪਰੰਤ ਜ਼ਖ਼ਮੀ ਚਾਲਕ ਗੁਰਲੀਨ ਸਿੰਘ ਪੁੱਤਰ ਜਗਰਾਜ ਸਿੰਘ ਨਿਵਾਸੀ ਗੁਰੂਸਰ ਨੂੰ ਰੈਫਰ ਕਰ ਦਿੱਤਾ। ਲੋਕਾਂ ਨੇ ਦੱਸਿਆ ਕਿ ਪਿੰਡ ਗੁਰੂਸਰ ਦਾ ਗੁਰਲੀਨ ਸਿੰਘ ਅੱਜ ਸ਼ਾਮ ਨੂੰ ਆਪਣੇ ਟਰੈਕਟਰ ਰਾਹੀਂ ਪਿੰਡ ਦੇ ਸਹਿਨਾਲ ਰੋਡ 'ਤੇ ਸਥਿਤ ਖੇਤ ਵਿਚ ਜਾ ਰਿਹਾ ਸੀ।

ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਕਤ ਮਾਰਗ ਦਾ ਕੁੱਝ ਹਿੱਸਾ ਨਿੱਜੀ ਹੋਣ ਕਾਰਨ ਸਬੰਧਤ ਜ਼ਮੀਨ ਮਾਲਕ ਨੇ ਉਥੇ ਕੱਟ ਮਾਰਿਆ ਹੋਇਆ ਹੈ, ਜਿਸ ਕਾਰਨ ਉਸ ਮੋੜ 'ਤੇ ਟਰੈਕਟਰ ਪਲਟ ਗਿਆ।

# ਕਤਲ ਕੇਸ 'ਚ ਤਿੰਨ ਕਾਬੂ

**ਪਿਹੋਵਾ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਆਈਏ-1 ਦੀ ਟੀਮ ਨੇ ਫਿਰੌਤੀ ਦੀ ਰਕਮ ਨਾ ਦੇਣ 'ਤੇ ਵਪਾਰੀ ਦੇ ਘਰ ਵਿੱਚ ਦਾਖਲ ਹੋ ਕੇ ਉਸ ਦੇ ਭਰਾ ਦਾ ਕਤਲ ਕਰਨ ਦੇ ਦੋਸ਼ ਵਿੱਚ ਤਿੰਨ ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਰਾਜਦੀਪ ਉਰਫ਼ ਰਾਜੂ ਵਾਸੀ ਜਾਜਨਪੁਰ ਜ਼ਿਲ੍ਹਾ ਕੈਥਲ, ਦੀਪਕ ਉਰਫ਼ ਸਹਿਵਾਗ ਵਾਸੀ ਢੰਡ ਜ਼ਿਲ੍ਹਾ ਕੈਥਲ ਅਤੇ ਅਮਨ ਵਾਸੀ ਰੂਪਨਗਰ ਸ਼ਾਹਬਾਦ ਜ਼ਿਲ੍ਹਾ ਕੁਰੂਕਸ਼ੇਤਰ ਵਜੋਂ ਹੋਈ ਹੈ। ਥਾਣਾ ਸਿਟੀ ਦੇ ਇੰਚਾਰਜ ਜੀਤ ਸਿੰਘ ਨੇ ਦੱਸਿਆ ਕਿ 27 ਅਪਰੈਲ ਨੂੰ ਦੀਵਾਨ ਕਲੋਨੀ ਦੇ ਰਹਿਣ ਵਾਲੇ ਸੁਮਿਤ ਬਾਂਸਲ ਨੇ ਸ਼ਿਕਾਇਤ ਕੀਤੀ ਸੀ ਕਿ ਕਰੀਬ 10 ਦਿਨ ਪਹਿਲਾਂ ਉਸ ਦੇ ਮੋਬਾਈਲ 'ਤੇ ਹੰਸ ਬਹਿਲ ਨਾਂ ਦੇ ਵਿਅਕਤੀ ਨੇ ਫੋਨ ਕਰ ਕੇ ਕਿਹਾ ਸੀ ਕਿ ਦਿਲਬਾਗ ਹੇਲਵਾ ਪੈਸੇ ਮੰਗ ਰਿਹਾ ਹੈ। 26 ਅਪਰੈਲ ਰਾਤ ਸਮੇਂ ਉਸ ਦੇ ਭਰਾ ਨੇ ਫੋਨ 'ਤੇ ਦੱਸਿਆ ਕਿ ਦਿਲਬਾਗ ਤੇ 8-10 ਹੋਰ ਬਦਮਾਸ਼ਾਂ ਨੇ ਘਰ ਵਿੱਚ ਦਾਖਲ ਹੋ ਕੇ ਉਸ ਦੇ ਪਿਤਾ, ਭਰਾ ਅਮਿਤ ਤੇ ਛੋਟੇ ਭਰਾ ਸ਼ੁਭਮ ਬਾਂਸਲ 'ਤੇ ਚਾਕੂਆਂ ਨਾਲ ਹਮਲਾ ਕਰ ਦਿੱਤਾ। 2 ਮਈ ਦੀ ਰਾਤ ਨੂੰ ਅਮਿਤ ਦੀ ਇਲਾਜ ਦੌਰਾਨ ਮੌਤ ਹੋ ਗਈ ਸੀ।

# ਪੋਲਿੰਗ ਸਟੇਸ਼ਨਾਂ ਦਾ ਜਾਇਜ਼ਾ

**ਜਲੰਧਰ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਹਾਇਕ ਰਿਟਰਨਿੰਗ ਅਫ਼ਸਰ ਵਿਧਾਨ ਸਭਾ ਹਲਕਾ ਜਲੰਧਰ ਛਾਉਣੀ-ਕਮ-ਰਿਜਨਲ ਟਰਾਂਸਪੋਰਟ ਅਫ਼ਸਰ ਜਲੰਧਰ ਅਮਨਪ੍ਰੀਤ ਸਿੰਘ ਨੇ ਹਲਕੇ ਦੇ ਗੜ੍ਹਾ, ਗ੍ਰੀਨ ਮਾਡਲ ਟਾਊਨ, ਗੁਰੂ ਅਮਰਦਾਸ ਸਕੂਲ, ਬੂਟਾ ਪਿੰਡ, ਖੁਰਲਾ ਕਿੰਗਰਾ, ਮਾਨ ਨਗਰ, ਮਿੱਠਾਪੁਰ, ਗੜ੍ਹਾ ਰੋਡ, ਅਰਬਨ ਅਸਟੇਟ ਫੇਸ-1, 2 ਆਦਿ ਸਮੇਤ ਵੱਖ-ਵੱਖ ਪੋਲਿੰਗ ਸਟੇਸ਼ਨਾਂ 'ਤੇ ਵੋਟਰਾਂ ਲਈ ਸਹੂਲਤਾਂ ਦਾ ਜਾਇਜ਼ਾ ਲੈਂਦਿਆਂ ਵੋਟਾਂ ਵਾਲੇ ਦਿਨ ਪੋਲਿੰਗ ਬੂਥਾਂ 'ਤੇ ਰੈਂਪ, ਫਰਨੀਚਰ, ਪਾਣੀ, ਬਿਜਲੀ, ਟਾਇਲਟ ਆਦਿ ਇੰਤਜ਼ਾਮ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ।

# ਥਾਣਾ ਸਿਵਲ ਲਾਈਨ ਪੁਲਿਸ ਨੇ ਕੀਤਾ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ

**ਪਟਿਆਲਾ, 8 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਸਿਵਲ ਲਾਈਨ ਪਟਿਆਲਾ ਦੀ ਪੁਲਿਸ ਨੇ ਸ਼ਿਕਾਇਤ ਕਰਤਾ ਅਮੇ ਕੁਮਾਰ ਪੁੱਤਰ ਰਾਜੇਸ਼ ਕੁਮਾਰ ਵਾਸੀ ਨਿਊ ਲਾਲ ਬਾਗ ਕਲੋਨੀ ਪਟਿਆਲਾ ਦੀ ਸ਼ਿਕਾਇਤ ਦੇ ਅਧਾਰ 'ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਧਾਰਾ 419, 420,120-ਬੀ. ਆਈ. ਪੀ. ਸੀ. ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਰਜ ਕਰਵਾਈ ਸ਼ਿਕਾਇਤ ਵਿੱਚ ਅਮੇ ਕੁਮਾਰ ਨੇ ਦੱਸਿਆ ਕਿ ਕੁਝ ਵਿਅਕਤੀਆਂ ਨੇ ਉਸਨੂੰ ਟੈਲੀਗਰਾਮ ਚੈਨਲ ਰਾਹੀ ਸੰਪਰਕ ਕਰਕੇ ਆਨਲਾਈਨ ਇਨਵੈਸਟਮੈਂਟ ਰਾਹੀਂ ਇਨਵੈਸਟ ਕਰਕੇ ਵੱਧ ਮੁਨਾਫਾ ਕਮਾਉਣ ਦਾ ਝਾਂਸਾ ਦੇ ਕੇ ਉਸ ਨਾਲ ਠੱਗੀ ਮਾਰੀ ਹੈ, ਜਿਸ 'ਤੇ ਪੁਲਿਸ ਨੇ ਜਾਂਚ ਪੜਤਾਲ ਕਰਨ ਤੋਂ ਬਾਅਦ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸਵਿਮਿੰਗ ਪੂਲ 'ਚ ਡੁੱਬਣ ਕਾਰਨ ਨੌਜਵਾਨ ਦੀ ਮੌਤ

**ਫਰੀਦਾਬਾਦ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਤਿਲਪਤ ਦੇ ਸਵਿਮਿੰਗ ਪੂਲ ਵਿੱਚ ਨਹਾਉਣ ਗਏ ਨੌਜਵਾਨ ਦੀ ਡੁੱਬਣ ਕਾਰਨ ਮੌਤ ਹੋ ਗਈ ਹੈ। ਜਾਣਕਾਰੀ ਅਨੁਸਾਰ ਪੂਲ ਦੇ ਆਲੇ-ਦੁਆਲੇ ਕੋਈ ਵੀ ਸੁਰੱਖਿਆ ਕਰਮਚਾਰੀ ਮੌਜੂਦ ਨਹੀਂ ਸੀ। ਪੁਲੀਸ ਨੇ ਸਵਿਮਿੰਗ ਪੂਲ ਦੇ ਸੰਚਾਲਕ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਮ੍ਰਿਤਕ ਦੀ ਪਛਾਣ ਹਨੀ ਵਾਸੀ ਸੈਕਟਰ-31 ਸਥਿਤ ਗੁਰਦੁਆਰਾ ਬਾਬਾ ਅਮਰਦਾਸ ਵਜੋਂ ਹੋਈ ਹੈ। ਹਨੀ ਦੇ ਪਿਤਾ ਗੁਰਮੁਖ ਸਿੰਘ ਗੁਰਦੁਆਰੇ ਵਿੱਚ ਸੇਵਾਦਾਰ ਹਨ। ਹਨੀ ਆਪਣੇ ਦੋਸਤਾਂ ਨਾਲ ਤਿਲਪਤ ਸਥਿਤ ਸਵਿਮਿੰਗ ਪੂਲ 'ਚ ਨਹਾਉਣ ਗਿਆ ਸੀ।

ਉਥੇ ਸਾਰੇ ਦੋਸਤ ਇਸ਼ਨਾਨ ਕਰ ਰਹੇ ਸਨ। ਇਸ ਦੌਰਾਨ ਹਨੀ ਦੇ ਦੋਸਤ ਨੇ ਦੇਖਿਆ ਕਿ ਉਸ ਦੀ ਲਾਸ਼ ਸਵਿਮਿੰਗ ਪੂਲ ਵਿੱਚ ਤੈਰ ਰਹੀ ਸੀ। ਇਸ ਤੋਂ ਬਾਅਦ ਸਾਰੇ ਦੋਸਤ ਉਸ ਨੂੰ ਇਲਾਜ ਲਈ ਨਿੱਜੀ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਹਨੀ ਨਾਲ ਨਹਾਉਣ ਗਏ ਪ੍ਰਿਯਾਂਸ਼ੂ ਨੇ ਦੱਸਿਆ ਕਿ ਹਨੀ ਨੂੰ ਨਹਾਉਂਦੇ ਸਮੇਂ ਦੌਰਾ ਪੈਣ ਦਾ ਡਰ ਸੀ। ਪੱਲਾ ਥਾਣਾ ਇੰਚਾਰਜ ਸਮੀਰ ਸਿੰਘ ਅਨੁਸਾਰ ਸਵਿਮਿੰਗ ਪੂਲ ਕਿਸੇ ਵੀ ਸੁਰੱਖਿਆ ਮਾਪਦੰਡ 'ਤੇ ਖਰਾ ਨਹੀਂ ਉਤਰਦਾ, ਜਿਸ ਕਰਕੇ ਪੂਲ ਦੇ ਸੰਚਾਲਕ ਖ਼ਿਲਾਫ਼ ਲਾਪਰਵਾਹੀ ਦਾ ਮਾਮਲਾ ਦਰਜ ਕੀਤਾ ਗਿਆ।

# ਗੁਰੂਗ੍ਰਾਮ 'ਚ 300 ਝੁੱਗੀਆਂ ਨੂੰ ਅੱਗ ਲੱਗੀ

**ਫਰੀਦਾਬਾਦ, 8 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਗੁਆਂਢੀ ਸਨਅਤੀ ਸ਼ਹਿਰ ਗੁਰੂਗ੍ਰਾਮ ਦੇ ਸੈਕਟਰ-54 ਇਲਾਕੇ ਦੀਆਂ ਝੁੱਗੀਆਂ ਵਿੱਚ ਅੱਗ ਲੱਗ ਗਈ। ਇਸ ਘਟਨਾ ਵਿੱਚ 300 ਤੋਂ ਵੱਧ ਝੁੱਗੀਆਂ ਅੱਗ ਦੀ ਲਪੇਟ ਵਿੱਚ ਆ ਗਈਆਂ। ਝੁੱਗੀਆਂ ਵਿੱਚ ਰੱਖੇ ਰਸੋਈ ਗੈਸ ਸਿਲੰਡਰ ਫਟਣ ਕਾਰਨ ਪੂਰਾ ਇਲਾਕਾ ਹਿੱਲ ਗਿਆ ਤੇ ਆਸਪਾਸ ਦੇ ਇਲਾਕੇ ਵਿੱਚ ਧੂੰਆਂ ਫੈਲ ਗਿਆ। ਅੱਗ ਬੁਝਾਉਣ ਲਈ ਸੈਕਟਰ-29 ਦੇ ਫਾਇਰ ਸਟੇਸ਼ਨ ਅਤੇ ਹੋਰ ਫਾਇਰ ਸਟੇਸ਼ਨਾਂ ਤੋਂ 10 ਤੋਂ ਵੱਧ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਪਹੁੰਚੀਆਂ, ਜਿਨ੍ਹਾਂ ਨੇ ਕਰੀਬ ਪੰਜ ਘੰਟਿਆਂ ਵਿੱਚ ਅੱਗ 'ਤੇ ਕਾਬੂ ਪਾਇਆ। ਫਾਇਰ ਫਾਈਟਰ ਸੁਧੀਰ ਨੇ ਦੱਸਿਆ ਕਿ ਅੱਗ ਵੱਡੇ ਖੇਤਰ ਵਿੱਚ ਫੈਲ ਗਈ ਸੀ। ਅੱਗ ਲੱਗਣ ਕਾਰਨ ਝੁੱਗੀਆਂ ਵਿੱਚ ਪਿਆ ਕਾਫੀ ਸਾਮਾਨ ਸੜ ਗਿਆ। ਇਸ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ। ਇਸ ਇਲਾਕੇ ਵਿੱਚ ਕਰੀਬ 500 ਝੁੱਗੀਆਂ ਹਨ।

# ਥਾਣਾ ਕੋਤਵਾਲੀ ਪੁਲਿਸ ਨੇ ਕੀਤਾ ਵਿਦੇਸ਼ ਭੇਜਣ ਦੇ ਨਾਮ ਹੇਠ ਦੋ ਵਿਅਕਤੀਆਂ ਵਿਰੁੱਧ ਮਾਮਲਾ ਦਰਜ

**ਪਟਿਆਲਾ, 8 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਕੋਤਵਾਲੀ ਪਟਿਆਲਾ ਦੀ ਪੁਲਿਸ ਨੇ ਸ਼ਿਕਾਇਤਕਰਤਾ ਮਨਪ੍ਰੀਤ ਸਿੰਘ ਪੁੱਤਰ ਹਰਜੀਤ ਸਿੰਘ ਵਾਸੀ ਪਿੰਡ ਚੂਹਟ ਥਾਣਾ ਜੁਲਕਾ ਦੀ ਸ਼ਿਕਾਇਤ ਦੇ ਆਧਾਰ 'ਤੇ ਵਿਦੇਸ਼ ਭੇਜਣ ਦਾ ਝਾਂਸਾ ਦੇਣ 'ਤੇ ਧਾਰਾ 420, 120-ਬੀ. ਆਈ.ਪੀ.ਸੀ. ਤਹਿਤ ਮਾਮਲਾ ਦਰਜ ਕੀਤਾ ਹੈ। ਜਿਹੜੇ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ ਵਿੱਚ ਨਵਜੋਤ ਸਿੰਘ ਪੁੱਤਰ ਜਸਬੀਰ ਸਿੰਘ ਵਾਸੀ ਪਿੰਡ ਕਮਾਸਪੁਰ ਥਾਣਾ ਸਦਰ ਸਮਾਣਾ, ਹਰਪ੍ਰੀਤ ਸਿੰਘ ਪੁੱਤਰ ਤਾਜਮਹਿੰਦਰ ਸਿੰਘ ਵਾਸੀ ਮਕਾਨ ਨੰਬਰ 75 ਰੋਜ ਐਵਨਿਊ ਪਟਿਆਲਾ ਹੈ। ਪੁਲਿਸ ਕੋਲ ਦਰਜ ਕਰਵਾਈ ਸ਼ਿਕਾਇਤ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਹਰਪ੍ਰੀਤ ਸਿੰਘ ਜਿਸਦਾ ਛੋਟੀ ਬਾਰਾਦਰੀ ਵਿਖੇ ਤਾਜ ਇਮੀਗ੍ਰੇਸ਼ਨ ਨਾਮ ਦਾ ਦਫਤਰ ਹੈ ਉਸ ਨੂੰ ਵਰਕ ਵੀਜ਼ਾ 'ਤੇ ਇਟਲੀ ਭੇਜਣ ਦਾ ਝਾਂਸਾ ਦੇ ਕੇ ਉਸ ਕੋਲੋਂ 15 ਲੱਖ 60 ਹਜ਼ਾਰ ਲੈ ਲਏ ਪਰ ਬਾਅਦ ਵਿੱਚ ਨਾ ਤਾਂ ਉਸਨੂੰ ਵਿਦੇਸ਼ ਭੇਜਿਆ ਅਤੇ ਨਾ ਹੀ ਉਸਦੇ ਪੈਸੇ ਵਾਪਸ ਕੀਤੇ। ਪੁਲਿਸ ਨੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਲੋਕਪਾਲ ਵੱਲੋਂ ਕਪੂਰਥਲਾ 'ਚ ਤਾਇਨਾਤ ਮੁਲਾਜਮ 'ਤੇ ਸਖਤ ਕਾਰਵਾਈ

ਚੰਡੀਗੜ੍ਹ 8 ਮਈ। ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਦੇ ਲੋਕਪਾਲ ਜਸਵਿੰਦਰ ਸਿੰਘ ਵੱਲੋਂ ਜ਼ਿਲ੍ਹਾ ਕਪੂਰਥਲਾ ਵਿਚ ਤਾਇਨਾਤ ਇਕ ਮੁਲਾਜਮ 'ਤੇ ਸਖਤ ਐਕਸ਼ਨ ਲਿਆ ਗਿਆ ਹੈ। ਲੋਕਪਾਲ ਵੱਲੋਂ ਕਪੂਰਥਲਾ ਜ਼ਿਲ੍ਹੇ ਵਿਚ ਬਲਾਕ ਨਡਾਲਾ ਅਧੀਨ ਆਉਂਦੇ ਪਿੰਡ ਰਾਏਪੁਰ ਅਰਾਈਆਂ ਦੇ ਮਗਨਰੇਗਾ ਵਰਕਰਾਂ ਦੀ ਸ਼ਿਕਾਇਤ ਦਾ ਫੈਸਲਾ ਕੀਤਾ ਗਿਆ ਹੈ। ਦਰਅਸਲ, ਪਿੰਡ ਰਾਏਪੁਰ ਅਰਾਈਆਂ ਬਲਾਕ ਨਡਾਲਾ ਦੇ ਸ਼ਿਕਾਇਤਕਰਤਾ ਨੇ ਸ਼ਿਕਾਇਤ ਕੀਤੀ ਸੀ ਕਿ ਉਨ੍ਹਾਂ ਕੋਲੋਂ ਨੰਵਬਰ ਮਹੀਨੇ ਸਾਲ 2023 ਵਿਚ 10 ਦਿਨ




ਮਗਨਰੇਗਾ ਵਿਚ ਕੁੱਲ 473 ਦਿਹਾੜੀਆਂ ਦਾ ਕੰਮ ਕਰਵਾ ਕੇ ਉਨ੍ਹਾਂ ਦੀਆਂ ਹਾਜਰੀ ਨੂੰ ਜੀਰੋ ਕਰ ਦਿੱਤਾ ਗਿਆ। ਜਿਸ ਨਾਲ ਉਨ੍ਹਾਂ ਦਾ ਵਿੱਤੀ ਨੁਕਸਾਨ ਕੀਤਾ ਗਿਆ। ਸਾਰੇ ਸਬੂਤਾਂ ਅਤੇ ਜਾਂਚ ਤੋਂ ਬਾਅਦ ਟਿੰਕੂ ਸਨੋਤਰਾ ਕੰਪਿਊਟਰ ਸਹਾਇਕ ਬਲਾਕ ਨਡਾਲਾ ਜ਼ਿਲ੍ਹਾ ਕਪੂਰਥਲਾ ਨੂੰ ਕਸੂਰਵਾਰ ਪਾਇਆ ਗਿਆ। ਉਸ ਨੇ ਇਨ੍ਹਾਂ ਵਰਕਰਾਂ ਦੀ ਹਾਜਰੀ ਜੀਰੋ ਕਰਕੇ ਮਗਨਰੇਗਾ ਵਰਕਰਾਂ ਦਾ ਕੁੱਲ 1,43,319/- ਰੁਪਏ ਦੀ ਰਕਮ ਦਾ ਵਿੱਤੀ ਨੁਕਸਾਨ ਕੀਤਾ। ਫੈਸਲੇ ਵਿਚ ਮਾਣਯੋਗ ਲੋਕਪਾਲ ਵੱਲੋਂ ਕੰਪਿਊਟਰ ਸਹਾਇਕ ਟਿੰਕੂ ਸਨੋਤਰਾ ਨੂੰ ਇਹ ਹੁਕਮ ਜਾਰੀ ਕੀਤਾ ਗਿਆ ਕਿ ਉਹ ਸਾਰੇ ਸ਼ਿਕਾਇਤਕਰਤਾਵਾਂ ਨੂੰ ਨਿੱਜੀ ਪੱਧਰ 'ਤੇ ਇਹ ਦਿਹਾੜੀਆਂ ਦੀ ਰਕਮ ਦਾ ਭੁਗਤਾਨ 30 ਦਿਨਾਂ ਵਿਚ ਕਰੇ, ਕਿਉਂਕਿ ਉਸ ਵੱਲੋਂ ਆਪਣੇ ਅਹੁਦੇ 'ਤੇ ਡਿਊਟੀ ਨਿਭਾਉਣ ਸਮੇਂ ਬਲਾਕ ਨਡਾਲਾ ਵਿਚ ਮਗਨਰੇਗਾ ਵਰਕਰਾਂ ਦਾ ਵੱਡੇ ਪੱਧਰ 'ਤੇ ਜਾਣਬੁੱਝ ਕੇ ਵਿੱਤੀ ਨੁਕਸਾਨ ਕੀਤਾ। ਉਸ ਵੱਲੋਂ ਕਿਸੇ ਵੀ ਉੱਚ ਅਧਿਕਾਰੀਆਂ ਨੂੰ ਹਾਜਰੀ ਜੀਰੋ ਕਰਨ ਬਾਰੇ ਨਹੀਂ ਦੱਸਿਆ ਗਿਆ। ਮਗਨਰੇਗਾ ਵਰਕਰਾਂ ਵਿਚ ਕੰਮ ਕਰਨ ਪ੍ਰਤੀ ਮਨੋਬਲ ਨੂੰ ਇਸ ਤਰ੍ਹਾਂ ਦੇਸ ਪੁਹੰਚਾਈ ਗਈ। ਉਸ ਵੱਲੋਂ ਮਗਨਰੇਗਾ ਵਰਕਰਾਂ ਨੂੰ ਸਮੇਂ ਸਿਰ ਦਿਹਾੜੀਆਂ ਦਾ ਭੁਗਤਾਨ ਨਾ ਕਰਨ ਲਈ ਮਗਨਰੇਗਾ ਐਕਟ ਦੇ ਮਾਸਟਰ ਸਰਕੂਲਰ 2022-23 ਦੇ ਅਧਿਆਏ -9 ਦੀ ਉਲੰਘਣਾ ਕੀਤੀ ਗਈ।

# ਸਰਕਾਰੀ ਸਕੂਲਾਂ 'ਚ ਬੈਨ ਹੋਏ ਅਧਿਆਪਕਾਂ ਦੇ ਮੋਬਾਈਲ ਫੋਨ, 'ਤੇ ਹੋਵੇਗੀ ਵੱਡੀ ਕਾਰਵਾਈ

ਨਵੀਂ ਦਿੱਲੀ 8 ਮਈ। ਸਕੂਲ ਅਧਿਆਪਕ ਡਿਊਟੀ ਸਮੇਂ ਦੌਰਾਨ ਮੋਬਾਈਲ ਫੋਨ ਦੀ ਵਰਤੋਂ ਬਿਲਕੁਲ ਨਹੀਂ ਕਰ ਸਕਣਗੇ। ਇੰਨਾ ਹੀ ਨਹੀਂ, ਜੇਕਰ ਕੋਈ ਅਧਿਆਪਕ ਸਕੂਲ ਸਮੇਂ ਦੌਰਾਨ ਬਿਨਾਂ ਦੱਸੇ ਸਕੂਲ ਦੀ ਇਮਾਰਤ ਤੋਂ ਭੇਰੂਜੀ-ਬਾਲਾਜੀ ਦੀ ਪੂਜਾ ਕਰਨ ਜਾਂ ਨਮਾਜ ਅਦਾ ਕਰਨ ਦੇ ਨਾਂ 'ਤੇ ਚਲਾ ਜਾਂਦਾ ਹੈ, ਤਾਂ ਉਸ ਵਿਰੁੱਧ ਮੁਅੱਤਲ ਅਤੇ ਬਰਖਾਸਤ ਤੱਕ ਦੀ ਕਾਰਵਾਈ ਹੋ ਸਕਦੀ ਹੈ... ਇਹ ਗੱਲ ਰਾਜਸਥਾਨ ਦੇ ਸਿੱਖਿਆ ਮੰਤਰੀ ਮਦਨ ਦਿਲਾਵਰ ਨੇ ਕਹੀ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿਲਾਵਰ ਨੇ ਕਿਹਾ ਕਿ ਹੁਣ ਸਿੱਖਿਆ ਵਿੱਚ ਗੁਣਵੱਤਾ ਨੂੰ ਲੈ ਕੇ ਅਧਿਆਪਕਾਂ ਖ਼ਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਸਿੱਖਿਆ ਮੰਤਰੀ ਮਦਨ ਦਿਲਾਵਰ ਨੇ ਅਧਿਆਪਕਾਂ ਵੱਲੋਂ ਡਿਊਟੀ ਸਮੇਂ ਦੌਰਾਨ ਮੋਬਾਈਲ ਫੋਨ ਦੀ ਵਰਤੋਂ ਕਰਨ ਅਤੇ ਸਕੂਲ ਛੱਡ ਕੇ ਬਾਹਰ ਜਾਣ ਦੀਆਂ ਸ਼ਿਕਾਇਤਾਂ 'ਤੇ ਸਖਤ ਰੁਖ ਅਖਤਿਆਰ ਕੀਤਾ ਹੈ। ਉਨ੍ਹਾਂ ਕਿਹਾ ਕਿ ਸਕੂਲ ਪਹਿਲਾਂ ਤੋਂ ਬਣੇ ਸਾਰੇ ਹੁਕਮਾਂ, ਹਦਾਇਤਾਂ ਅਤੇ ਨਿਯਮਾਂ ਦੀ ਪਾਲਣਾ ਕਰਨ ਦੀ ਕੋਸ਼ਿਸ ਕਰ ਰਹੇ ਹਨ। ਸਕੂਲ ਵਿੱਚ ਮਾਹੌਲ ਨੂੰ ਸੁਧਾਰਨ ਲਈ ਹਰ ਕੋਈ ਯਤਨਸੀਲ ਹੈ ਤਾਂ ਜੋ ਕੋਈ ਵੀ ਅਧਿਆਪਕ ਸਕੂਲ ਸਮੇਂ ਦੌਰਾਨ ਭੀਰੂ-ਬਾਲਾਜੀ ਦੀ ਪੂਜਾ ਜਾਂ ਨਮਾਜ ਅਦਾ ਕਰਨ ਦੇ ਨਾਂ 'ਤੇ ਸਕੂਲ ਨਾ ਛੱਡੇ। ਜੇਕਰ ਜਾਣਾ ਹੈ ਤਾਂ ਉਹ ਛੁੱਟੀ ਲੈ ਕੇ ਲਿਖਤੀ ਰੂਪ ਵਿੱਚ ਦੇਵੇ। ਰਜਿਸਟਰ ਵਿੱਚ ਦਰਜ ਕੀਤਾ ਜਾਵੇਗਾ ਕਿ ਅਧਿਆਪਕ ਛੁੱਟੀ 'ਤੇ ਗਿਆ ਹੈ, ਨਹੀਂ ਤਾਂ ਜੇਕਰ ਕੋਈ ਅਧਿਆਪਕ ਬਿਨਾਂ ਨੋਟਿਸ ਦੇ ਚਲਾ ਗਿਆ ਤਾਂ ਉਸ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਸਿੱਖਿਆ ਮੰਤਰੀ ਨੇ



ਚਿਤਾਵਨੀ ਦਿੱਤੀ ਕਿ ਅਜਿਹੇ ਅਧਿਆਪਕਾਂ ਖ਼ਿਲਾਫ ਮੁਅੱਤਲੀ ਤੋਂ ਲੈ ਕੇ ਬਰਖਾਸਤਗੀ ਤੱਕ ਦੀ ਕਾਰਵਾਈ ਕੀਤੀ ਜਾ ਸਕਦੀ ਹੈ। ਦਿਲਾਵਰ ਨੇ ਮੋਬਾਈਲ ਨੂੰ ਇੱਕ ਬਿਮਾਰੀ ਦੱਸਦਿਆਂ ਕਿਹਾ ਕਿ ਸਕੂਲ ਵਿੱਚ ਕੁਝ ਅਧਿਆਪਕ ਮੋਬਾਈਲ 'ਤੇ ਸੇਅਰ ਬਾਜਾਰ ਜਾਂ ਸੋਸਲ ਮੀਡੀਆ ਦੇਖਦੇ ਰਹਿੰਦੇ ਹਨ ਅਤੇ ਇਸ ਵਿੱਚ ਉਲਝੇ ਰਹਿੰਦੇ ਹਨ। ਅਜਿਹੇ 'ਚ ਹਦਾਇਤ ਕੀਤੀ ਗਈ ਹੈ ਕਿ ਹੁਣ ਕੋਈ ਵੀ ਅਧਿਆਪਕ ਸਕੂਲ ਦੇ ਅੰਦਰ ਮੋਬਾਈਲ ਫੋਨ ਨਹੀਂ ਲੈ ਕੇ ਜਾਵੇਗਾ। ਜੇਕਰ ਗਲਤੀ ਨਾਲ ਵੀ ਕਿਸੇ ਅਧਿਆਪਕ ਦਾ ਮੋਬਾਈਲ ਫੋਨ ਆਉਂਦਾ ਹੈ ਤਾਂ ਉਹ ਪ੍ਰਿੰਸੀਪਲ ਕੋਲ ਜਮ੍ਹਾਂ ਕਰਵਾ ਦੇਵੇਗਾ। ਸਕੂਲ ਸਮੇਂ ਦੌਰਾਨ ਕੇਵਲ ਪ੍ਰਿੰਸੀਪਲ ਦਾ ਮੋਬਾਈਲ ਹੀ ਖੁੱਲ੍ਹਾ ਰਹੇਗਾ ਤਾਂ ਜੋ ਜੇਕਰ ਕੋਈ ਐਮਰਜੈਂਸੀ ਵਾਪਰਦੀ ਹੈ ਤਾਂ ਪ੍ਰਿੰਸੀਪਲ ਦੇ ਫੋਨ 'ਤੇ ਸੂਚਨਾ ਦਿੱਤੀ ਜਾ ਸਕੇ। ਇਸ ਨਾਲ ਮੋਬਾਈਲਾਂ ਕਾਰਨ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਨਹੀਂ ਹੋਵੇਗਾ। ਇਸ ਦੇ ਨਾਲ ਹੀ ਸਕੂਲਾਂ ਵਿੱਚ ਪੜ੍ਹਾਉਣ ਵਾਲੇ ਅਧਿਆਪਕਾਂ ਨੂੰ ਬੱਚਿਆਂ ਨੂੰ ਪੜ੍ਹਾਉਣ ਤੋਂ ਪਹਿਲਾਂ ਖੁਦ ਪੜ੍ਹਣ ਦੀ ਸਲਾਹ ਦਿੱਤੀ ਜਾ ਰਹੀ ਹੈ ਤਾਂ ਜੋ ਬੱਚਿਆਂ ਦੀਆਂ ਸਮੱਸਿਆਵਾਂ ਨੂੰ ਸਹੀ ਢੰਗ ਨਾਲ ਹੱਲ ਕੀਤਾ ਜਾ ਸਕੇ। ਇਸ ਤੋਂ ਇਲਾਵਾ ਸਿੱਖਿਆ ਮੰਤਰੀ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਖੇਡ ਮੈਦਾਨਾਂ ਤੋਂ ਸਾਰੇ ਕਬਜੇ ਹਟਾਏ ਜਾਣਗੇ। ਇਸ 'ਤੇ ਮੁਹਿੰਮ ਵਜੋਂ ਕੰਮ ਕਰਨਾ ਸੂਰੂ ਕਰ ਦਿੱਤਾ ਹੈ। ਅਜਿਹੇ ਛੋਟੇ-ਛੋਟੇ ਮਸਲਿਆਂ ਨੂੰ ਹੱਲ ਕਰਕੇ ਸਿੱਖਿਆ ਵਿੱਚ ਗੁਣਵੱਤਾ ਲਿਆਉਣ ਦੇ ਯਤਨ ਕੀਤੇ ਜਾ ਰਹੇ ਹਨ।

## ਲੋਕ ਸਭਾ ਚੋਣਾਂ ਦੌਰਾਨ ਕਾਂਗਰਸ ਨੇ ਪੰਜਾਬ 'ਚ ਹਰੀਸ਼ ਚੌਧਰੀ ਨੂੰ ਵਿਸ਼ੇਸ਼ ਨਿਗਰਾਨ ਵਜੋਂ ਕੀਤਾ ਨਿਯੁਕਤ

ਜਲੰਧਰ 8 ਮਈ। ਕਾਂਗਰਸ ਪਾਰਟੀ ਵੱਲੋਂ ਪੰਜਾਬ 'ਚ ਲੋਕ ਸਭਾ ਚੋਣਾਂ ਦੌਰਾਨ ਸਪੈਸ਼ਲ ਆਬਜਰਵਰ ਦੇ ਤੌਰ 'ਤੇ ਹਰੀਸ਼ ਚੌਧਰੀ ਨੂੰ ਨਿਯੁਕਤ ਕੀਤਾ ਗਿਆ ਹੈ। ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸੈਕਟਰੀ ਕੇ.ਸੀ. ਵੇਨੁਗੋਪਾਲ ਨੇ ਇਕ ਪੱਤਰ ਜਾਰੀ ਕਰ ਕੇ ਇਹ ਜਾਣਕਾਰੀ ਦਿੱਤੀ ਹੈ। ਇਸ ਚਿੱਠੀ 'ਚ ਉਨ੍ਹਾਂ ਲਿਖਿਆ ਹੈ ਕਿ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਵੱਲੋਂ ਹਰੀਸ਼ ਚੌਧਰੀ ਨੂੰ ਪੰਜਾਬ 'ਚ ਵਿਸੇਸ ਨਿਗਰਾਨ ਵਜੋਂ ਨਿਯੁਕਤ ਕਰਨ ਦੇ ਪ੍ਰਸਤਾਵ ਨੂੰ ਸਵੀਕਾਰ ਕਰ ਲਿਆ ਗਿਆ ਹੈ। ਜ਼ਿਕਰਯੋਗ ਹੈ ਕਿ ਹਰੀਸ਼ ਚੌਧਰੀ ਰਾਜਸਥਾਨ ਦੇ ਬਾੜਮੇਰ ਜ਼ਿਲ੍ਹੇ ਦੇ ਬਾਇਤੂ ਹਲਕੇ ਤੋਂ ਵਿਧਾਇਕ ਹਨ ਤੇ ਕੈਬਨਿਟ 'ਚ ਵਿੱਤ ਮੰਤਰੀ ਮੰਤਰੀ ਵਜੋਂ ਵੀ ਸੇਵਾ ਨਿਭਾ ਚੁੱਕੇ ਹਨ। ਇਸ ਤੋਂ ਬਾਅਦ ਹਰੀਸ਼ ਚੌਧਰੀ ਨੇ ਆਪਣੇ 'ਐਕਸ' ਅਕਾਊਂਟ 'ਤੇ ਇਕ ਪੋਸਟ ਸਾਂਝੀ ਕਰ ਕੇ ਇਸ ਨਿਯੁਕਤੀ ਲਈ ਕਾਂਗਰਸ ਹਾਈਕਮਾਨ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਲਿਖਿਆ, "ਆਗਾਮੀ ਲੋਕ ਸਭਾ ਚੋਣਾਂ 'ਚ ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪੰਜਾਬ ਦੇ ਵਿਸ਼ੇਸ਼ ਨਿਗਰਾਨ ਦੀ ਜ਼ਿੰਮੇਵਾਰੀ ਸੌਂਪਣ ਲਈ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਤੇ ਸਾਡੇ ਆਗੂ ਰਾਹੁਲ ਗਾਂਧੀ ਦਾ ਧੰਨਵਾਦ। ਮੈਂ ਯਕੀਨ ਦਿਵਾਉਂਦਾ ਹਾਂ ਕਿ ਤੁਹਾਡੇ ਵੱਲੋਂ ਦਿੱਤੀ ਗਈ ਇਸ ਵੱਡੀ ਜ਼ਿੰਮੇਵਾਰੀ ਨੂੰ ਪਾਰਟੀ ਪ੍ਰਤੀ ਸਮੁੱਚੀ ਸਮਰਪਿਤ ਸੋਚ ਨਾਲ ਨਿਭਾਵਾਂਗਾ।"

## ਖੇਤ 'ਚ ਪਈ ਤੂੜੀ ਨੂੰ ਲੱਗੀ ਅੱਗ, 2 ਕਿਸਾਨਾਂ ਦਾ ਹਜਾਰਾਂ ਦਾ ਨੁਕਸਾਨ

ਭਵਾਨੀਗੜ੍ਹ 8 ਮਈ। ਨੇੜਲੇ ਪਿੰਡ ਘਾਰਚੋਂ ਵਿਖੇ ਇਕ ਖੇਤ 'ਚ ਅਚਾਨਕ ਅੱਗ ਲੱਗ ਜਾਣ ਕਾਰਨ 2 ਕਿਸਾਨਾਂ ਦੀਆਂ 30 ਤੋਂ 32 ਟਰਾਲੀਆਂ ਤੂੜੀ ਅੱਗ ਦੀ ਭੇਂਟ ਚੜ੍ਹ ਗਈਆਂ। ਇਸ ਹਾਦਸੇ ਕਾਰਨ ਦੋਹਾਂ ਕਿਸਾਨਾਂ ਦਾ 60 ਹਜਾਰ ਰੁਪਏ ਦਾ ਨੁਕਸਾਨ ਹੋ ਗਿਆ। ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਘਰਾਚੋਂ ਦੇ 2 ਕਿਸਾਨਾਂ ਖੁਸ਼ਪ੍ਰੀਤ ਸਿੰਘ ਪੁੱਤਰ ਬਲਦੇਵ ਸਿੰਘ ਅਤੇ ਸੁਖਦੇਵ ਸਿੰਘ ਪੁੱਤਰ ਭਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਆਪਣੇ ਖੇਤ 'ਚ ਸਾਂਝੇ ਤੌਰ 'ਤੇ 38 ਟਰਾਲੀਆਂ ਦੇ ਕਰੀਬ ਤੂੜੀ ਦਾ ਢੇਰ ਕੁੱਪ ਬਣਾਉਣ ਲਈ ਰੱਖਿਆ ਹੋਇਆ ਸੀ। ਬੀਤੇ ਐਤਵਾਰ ਨੂੰ ਸਵੇਰ ਦੇ ਕਰੀਬ 10 ਵਜੇ ਉਨ੍ਹਾਂ ਦੇ ਖੇਤ 'ਚ ਅਚਾਨਕ ਅੱਗ ਲੱਗ ਗਈ ਅਤੇ ਅੱਗ ਦੀ ਇਸ ਘਟਨਾ 'ਚ ਉਨ੍ਹਾਂ ਦੀਆਂ 30 ਤੋਂ 32 ਟਰਾਲੀਆਂ ਤੂੜੀ ਅੱਗ ਦੀ ਭੇਂਟ ਚੜ੍ਹ ਗਈਆਂ, ਜਿਸ ਕਾਰਨ ਉਨ੍ਹਾਂ ਦਾ 60 ਹਜਾਰ ਰੁਪਏ ਦਾ ਨੁਕਸਾਨ ਹੋ ਗਿਆ। ਕਿਸਾਨਾਂ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੇ ਆਪਣੇ ਖੇਤਾਂ 'ਚੋਂ ਧੂੰਆਂ ਉੱਡਦਾ ਦੇਖਿਆ ਤਾਂ ਉਨ੍ਹਾਂ ਇਸ ਦੀ ਸੂਚਨਾ ਫਾਇਰ ਬ੍ਰਿਗੇਡ ਨੂੰ ਦਿੱਤੀ ਅਤੇ ਪਿੰਡ 'ਚ ਇਸ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਕਾਰਨ ਹੋਰ ਕਿਸਾਨ ਅੱਗ ਬੁਝਾਉਣ ਲਈ ਆਪੋ-ਆਪਣੇ ਟਰੈਕਟਰਾਂ ਸਮੇਤ ਮੌਕੇ 'ਤੇ ਪਹੁੰਚ ਗਏ ਅਤੇ ਫਾਇਰ ਬ੍ਰਿਗੇਡ ਦੀ ਗੱਡੀ ਵੀ ਮੌਕੇ 'ਤੇ ਪਹੁੰਚੀ। ਉਨ੍ਹਾਂ ਵੱਲੋਂ ਕਾਫੀ ਦੇਰ ਦੀ ਜੱਦੋ-ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਕਿਸਾਨਾਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਦੇ ਖੇਤ 'ਚੋਂ ਲੰਘਦੀ ਖੇਤੀ ਸੈਕਟਰ ਵਾਲੀ ਬਿਜਲੀ ਸਪਲਾਈ ਵਾਲੀ ਲਾਈਨ ਦੀਆਂ ਤਾਰਾਂ ਬਹੁਤ ਢਿੱਲੀਆਂ ਅਤੇ ਨੀਵੀਆਂ ਹਨ ਅਤੇ ਸਵੇਰ ਦੇ ਸਮੇਂ ਉਕਤ ਲਾਈਨ ਤੋਂ ਬਿਜਲੀ ਦੀ ਸਪਲਾਈ ਜਾਰੀ ਸੀ। ਹਵਾ ਚੱਲਣ ਕਾਰਨ ਤਾਰਾਂ ਦੇ ਕਥਿਤ ਤੌਰ 'ਤੇ ਆਪਸ 'ਚ ਟਕਰਾਉਣ ਕਾਰਨ ਨਿਕਲੀਆਂ ਚੰਗਿਆੜੀਆਂ ਕਾਰਨ ਉਨ੍ਹਾਂ ਦੀ ਤੂੜੀ ਨੂੰ ਅੱਗ ਲੱਗ ਗਈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਅੱਗ ਦੀ ਇਸ ਘਟਨਾ 'ਚ ਉਨ੍ਹਾਂ ਦੇ ਹੋਏ ਨੁਕਸਾਨ ਦਾ ਮੁਆਵਜਾ ਦਿੱਤਾ ਜਾਵੇ।

# ਸ਼ਰਮਨਾਕ ਘਟਨਾ, ਇਕ ਹਫਤੇ ਤਕ ਨਾਬਾਲਿਗ ਮੁੰਡੇ ਨਾਲ ਕੁਕਰਮ ਕਰਦਾ ਰਿਹਾ ਦਰਿੰਦਾ

ਏਜੰਸੀਆਂ

ਰੂਪਨਗਰ 8 ਮਈ। ਰੂਪਨਗਰ ਵਿਚ ਇਕ ਨਬਾਲਗ ਲੜਕੇ ਨਾਲ ਕੁਕਰਮ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੇ ਮੁਲਜਮ ਨੂੰ ਗ੍ਰਿਫਤਾਰ ਕਰ ਲਿਆ ਹੈ। ਰੂਪਨਗਰ ਵਿਚ ਇਕ 15 ਸਾਲਾ ਬੱਚੇ ਨਾਲ ਮੁਲਜਮ ਵੱਲੋਂ ਪਿਛਲੇ ਇਕ ਹਫਤੇ ਤੋਂ ਕੁਕਰਮ ਕੀਤਾ ਜਾ ਰਿਹਾ ਸੀ ਜਦੋਂ ਇਸ ਦਾ ਪਤਾ ਉਸ ਮੁਹੱਲੇ ਦੇ ਬਾਹਰ ਆਰਾ ਚਲਾ ਰਹੇ ਆਰਾ ਮਾਲਕ ਨੂੰ ਲੱਗਿਆ ਤਾਂ ਉਸ ਨੇ ਇਸ ਦੀ ਜਾਂਚ ਕੀਤੀ ਤਾਂ ਬੱਚੇ ਨੇ ਦੱਸਿਆ ਕਿ ਮੁਲਜਮ ਵਿਅਕਤੀ ਉਸ ਦੇ ਘਰ ਉਸਦੇ ਪਿਤਾ ਦੇ ਜਾਣ ਤੋਂ ਬਾਅਦ ਆਉਂਦਾ ਹੈ ਅਤੇ ਉਸ ਨਾਲ ਰੋਜਾਨਾ ਕੁਕਰਮ ਕਰਦਾ ਹੈ। ਇਸ ਤੋਂ ਬਾਅਦ ਅਰੋਪੀ ਦੀ ਭਾਲ ਕੀਤੀ ਜਾ ਰਹੀ ਸੀ ਅਤੇ ਅੱਜ ਉਸ ਨੂੰ ਕਾਬੂ ਕਰਕੇ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ। ਇਸ ਸਬੰਧ ਵਿਚ ਸ਼ਿਵ ਸੈਨਾ ਬਾਲ ਠਾਕਰੇ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਦੱਸਿਆ ਕਿ ਬੱਗਾ ਨਾਮ ਦਾ ਵਿਅਕਤੀ ਹੈ ਜੋ ਚੰਦਰਗੜ੍ਹ ਮਹੱਲਾ ਰੂਪਨਗਰ ਦਾ ਦੱਸਿਆ ਜਾ ਰਿਹਾ ਜੋ ਕਿ ਹਲਵਾਈਆਂ ਨਾਲ ਵਿਆਹਾਂ ਸ਼ਾਦੀਆਂ 'ਤੇ ਭਾਂਡੇ ਮਾਂਜਣ ਦਾ ਕੰਮ ਕਰਦਾ ਹੈ ਪਿਛਲੇ ਇਕ ਹਫਤੇ ਤੋਂ ਇਸ ਬੱਚੇ ਨਾਲ ਗਲਤ ਕੰਮ ਕਰ ਰਿਹਾ ਸੀ । ਇਸ ਦਾ ਪਤਾ ਜਦੋਂ ਲੱਗਿਆ ਤਾਂ ਇਸ ਨੂੰ ਕਾਬੂ ਕਰਨ ਲਈ



ਕੱਲ੍ਹ ਤੋਂ ਹੀ ਅਸੀਂ ਭਾਲ ਕਰਨੀ ਸ਼ੁਰੂ ਕਰ ਦਿੱਤੀ ਅਤੇ ਅੱਜ ਇਸ ਨੂੰ ਕਾਬੂ ਕਰਕੇ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ। ਕਾਦੀਆਂ ਯੂਨੀਅਨ ਬਲਾਕ ਪ੍ਰਧਾਨ ਸੁਪਿੰਦਰ ਸਿੰਘ ਨੇ ਕਿਹਾ ਕਿ ਅਜਿਹੇ ਵਿਅਕਤੀਆਂ ਨੂੰ ਸਖਤ ਤੋਂ ਸਖਤ ਸਜਾ ਮਿਲਣੀ ਚਾਹੀਦੀ ਹੈ। ਟਰੱਕ ਯੂਨੀਅਨ ਪ੍ਰਧਾਨ ਮੱਘਰ ਸਿੰਘ ਨੇ ਕਿਹਾ ਕਿ ਇਸ ਨੂੰ ਫੜਨ ਲਈ ਅਸੀ ਕੱਲ ਤੋਂ ਹੀ ਭਾਲ ਕਰ ਰਹੇ ਸੀ ਅਤੇ ਪੁਲਸ ਨੂੰ ਵੀ ਇਸ ਦੀ ਸੂਚਨਾ ਦਿੱਤੀ ਗਈ ਸੀ। ਪੁਲਸ ਵੱਲੋਂ ਇਸ ਦੀ ਲੋਕੇਸ਼ਨ ਟਰੇਸ ਕੀਤੀ ਗਈ, ਜਿਸ ਤੋਂ ਬਾਅਦ ਅਸੀਂ ਇਸ ਨੂੰ ਕਾਬੂ ਕਰਕੇ ਅੱਜ ਪੁਲਸ ਦੇ ਹਵਾਲੇ ਕਰ ਦਿੱਤਾ। ਪੀੜਤ ਲੜਕੇ ਦੇ ਪਿਤਾ ਨੇ ਕਿਹਾ ਕਿ ਮੇਰੀ ਗੈਰ ਹਾਜਰੀ ਵਿੱਚ ਅਰੋਪੀ ਸਾਡੇ ਘਰ ਆਉਂਦਾ ਸੀ ਅਤੇ ਮੇਰੇ ਬੇਟੇ ਨਾਲ ਕੁਕਰਮ ਕਰਦਾ ਸੀ। ਪੁਲਸ ਨੇ ਅਰੋਪੀ ਨੂੰ ਗ੍ਰਿਫਤਾਰ ਕਰ ਲਿਆ ਅਤੇ ਇਸਦੇ ਖਿਲਾਫ ਧਾਰਾ 377/506ਪੋਕਸੋ ਐਕਟ ਤਹਿਤ ਪਰਚਾ ਦਰਜ ਕਰ ਲਿਆ। ਅਰੋਪੀ ਦਾ ਪੁਲਸ ਨੇ ਸਿਵਲ ਹਸਪਤਾਲ ਵਿਖੇ ਮੈਡੀਕਲ ਕਰਵਾਇਆ ਅਤੇ ਇਸਨੂੰ ਹਿਰਾਸਤ ਵਿਚ ਲੈ ਲਿਆ ਅਤੇ ਅਰੋਪੀ ਨੂੰ ਮੰਗਲਵਾਰ ਨੂੰ ਮਾਨਯੋਗ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ।

# ਆਈ. ਏ. ਐੱਸ. ਪਰਮਪਾਲ ਕੌਰ ਦੇ ਅਸਤੀਫੇ ਦੇ ਮਾਮਲੇ 'ਚ ਆਇਆ ਨਵਾਂ ਮੋੜ

ਏਜੰਸੀਆਂ

ਜਲੰਧਰ 8 ਮਈ। ਕੇਂਦਰ ਸਰਕਾਰ ਨੇ ਆਈ. ਏ. ਐੱਸ. ਅਧਿਕਾਰੀ ਪਰਮਪਾਲ ਕੌਰ ਦਾ ਅਸਤੀਫਾ ਪ੍ਰਵਾਨ ਕਰ ਲਿਆ ਹੈ ਅਤੇ ਇਸ ਸਬੰਧੀ ਕੇਂਦਰ ਸਰਕਾਰ ਵੱਲੋਂ ਪੰਜਾਬ ਸਰਕਾਰ ਨੂੰ ਪੱਤਰ ਵੀ ਲਿਖਿਆ ਗਿਆ ਹੈ। ਪੱਤਰ ਵਿਚ ਕਿਹਾ ਗਿਆ ਹੈ ਕਿ ਪਰਮਪਾਲ ਕੌਰ ਦਾ ਅਸਤੀਫਾ ਆਲ ਇੰਡੀਆ ਸਰਵਿਸ ਰੂਲਜ ਦੀ ਸਰਵਿਸ 3 ਤਹਿਤ ਪ੍ਰਵਾਨ ਕਰ ਲਿਆ ਗਿਆ ਹੈ। ਇਹ ਨਿਯਮ ਕੇਂਦਰ ਸਰਕਾਰ ਨੂੰ ਉਨ੍ਹਾਂ ਆਈ. ਏ. ਐੱਸ. ਅਫਸਰਾਂ ਦੇ ਅਸਤੀਫੇ ਪ੍ਰਵਾਨ ਕਰਨ ਦੀਆਂ ਸਕਤੀਆਂ ਦਿੰਦਾ ਹੈ, ਜਿਨ੍ਹਾਂ ਦੇ ਅਸਤੀਫੇ ਸੂਬਾ ਸਰਕਾਰਾਂ ਵੱਲੋਂ ਪ੍ਰਵਾਨ ਨਹੀਂ ਕੀਤੇ ਜਾਂਦੇ। ਦਰਅਸਲ ਕੇਂਦਰ ਸਰਕਾਰ ਦਾ ਪਰਸੋਨਲ ਅਤੇ ਟ੍ਰੇਨਿੰਗ ਵਿਭਾਗ ਆਈ. ਏ. ਐੱਸ. ਅਫਸਰਾਂ ਦੀਆਂ ਨਿਯੁਕਤੀਆਂ ਕਰਦਾ ਹੈ ਅਤੇ ਇਸ ਤੋਂ ਬਾਅਦ ਉਨ੍ਹਾਂ ਦੀਆਂ ਵੱਖ-ਵੱਖ ਸੂਬਿਆਂ 'ਚ ਨਿਯੁਕਤੀਆਂ ਕੀਤੀਆਂ ਜਾਂਦੀਆਂ ਹਨ। ਪਰ ਜੇਕਰ ਸੂਬਿਆਂ ਵੱਲੋਂ ਅਜਿਹੇ ਅਧਿਕਾਰੀਆਂ ਦੇ ਅਸਤੀਫੇ ਪ੍ਰਵਾਨ ਨਹੀਂ ਕੀਤੇ ਜਾਂਦੇ ਤਾਂ ਕੇਂਦਰ ਸਰਕਾਰ ਕੋਲ ਅਸਤੀਫੇ ਪ੍ਰਵਾਨ ਕਰਨ ਦੇ ਅਧਿਕਾਰ ਹਨ। ਇਸ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਨੇ ਪਰਮਪਾਲ ਕੌਰ ਦੇ ਭਾਰਤੀ ਜਨਤਾ ਪਾਰਟੀ 'ਚ ਸਾਮਲ ਹੋਣ 'ਤੇ ਇਤਰਾਜ ਪ੍ਰਗਟਾਇਆ ਸੀ ਅਤੇ ਉਨ੍ਹਾਂ ਦਾ ਅਸਤੀਫਾ ਪ੍ਰਵਾਨ ਨਹੀਂ ਕੀਤਾ ਸੀ। ਭਾਜਪਾ ਵਿਚ



ਸਾਮਲ ਹੋਣ ਤੋਂ ਪਹਿਲਾਂ ਪਰਮਪਾਲ ਕੌਰ ਨੇ ਆਪਣਾ ਅਸਤੀਫਾ ਮੁੱਖ ਸਕੱਤਰ ਅਨੁਰਾਗ ਵਰਮਾ ਨੂੰ ਭੇਜ ਦਿੱਤਾ ਸੀ ਪਰ ਸੂਬਾ ਸਰਕਾਰ ਵੱਲੋਂ ਅਸਤੀਫਾ ਪ੍ਰਵਾਨ ਨਾ ਕੀਤੇ ਜਾਣ ਦੇ ਬਾਵਜੂਦ ਉਹ ਭਾਜਪਾ ਵਿਚ ਸਾਮਲ ਹੋ ਗਈ ਅਤੇ ਬਠਿੰਡਾ ਲੋਕ ਸਭਾ ਸੀਟ ਤੋਂ ਚੋਣ ਲੜ ਰਹੀ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੀ ਕਿ ਉਨ੍ਹਾਂ ਦਾ ਅਸਤੀਫਾ ਨਿਯਮਾਂ ਦੇ ਖਿਲਾਫ ਹੈ, ਇਸ ਲਈ ਉਨ੍ਹਾਂ ਖਿਲਾਫ ਕਾਰਵਾਈ ਹੋ ਸਕਦੀ ਹੈ। ਉਨ੍ਹਾਂ ਇਹ ਵੀ ਕਿਹਾ ਸੀ ਕਿ ਸੂਬਾ ਸਰਕਾਰ ਪਰਮਪਾਲ ਦੇ ਅਸਤੀਫੇ ਦੇ ਕਾਰਨਾਂ ਦੀ ਜਾਂਚ ਕਰ ਰਹੀ ਹੈ ਅਤੇ ਜੇਕਰ ਉਨ੍ਹਾਂ ਦਾ ਅਸਤੀਫਾ ਸਹੀ ਕਾਰਨਾਂ ਕਰ ਕੇ ਨਹੀਂ ਸੀ ਤਾਂ ਉਨ੍ਹਾਂ ਖ਼ਿਲਾਫ ਜਾਂਚ ਕਰਵਾਈ ਜਾਵੇਗੀ। ਹਾਲਾਂਕਿ ਉਨ੍ਹਾਂ ਨੇ ਇਸ ਬਾਰੇ ਕੁਝ ਸਪੱਸਟ ਨਹੀਂ ਕੀਤਾ ਕਿ ਇਹ ਕਿਸ ਤਰ੍ਹਾਂ ਦੀ ਜਾਂਚ ਹੋਵੇਗੀ ਅਤੇ ਇਸ 'ਤੇ ਕੀ ਕਾਰਵਾਈ ਹੋ ਸਕਦੀ ਹੈ। ਭਗਵੰਤ ਮਾਨ ਨੇ ਇਹ ਸਾਰਾ ਐਲਾਨ ਆਪਣੇ ਟਵਿੱਟਰ ਹੈਂਡਲ 'ਤੇ ਕੀਤਾ ਸੀ ਅਤੇ ਲਿਖਿਆ ਸੀ ਕਿ ਸੇਵਾਵਾਂ ਤੋਂ ਛੁਟਕਾਰਾ ਪਾਉਣ ਦਾ ਵੀ ਇਕ ਤਰੀਕਾ ਹੁੰਦਾ ਹੈ, ਉਨ੍ਹਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਇਸ ਤਰੀਕੇ ਨਾਲ ਉਹ ਆਪਣੀ ਜ਼ਿੰਦਗੀ ਦੀ ਸਾਰੀ ਜਾਇਦਾਦ ਗੁਆ ਸਕਦੀ ਹੈ। ਪਰਮਪਾਲ ਕੌਰ ਪੰਜਾਬ ਦੀ ਅਕਾਲੀ-ਭਾਜਪਾ ਸਰਕਾਰ ਵਿਚ ਮੰਤਰੀ ਰਹੇ ਸਿਕੰਦਰ ਸਿੰਘ ਮਲੂਕਾ ਦੀ ਨੂੰਹ ਹੈ ਅਤੇ ਉਹ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੀ ਮੈਨੇਜਿੰਗ ਡਾਇਰੈਕਟਰ ਵਜੋਂ ਕੰਮ ਕਰ ਚੁੱਕੀ ਹੈ।

# ਐਡਵੋਕੇਟ ਧਾਮੀ ਨੇ ਫਿਰੋਜਪੁਰ ਦੇ ਪਿੰਡ ਬੰਡਾਲਾ 'ਚ ਹੋਈ ਬੇਅਦਬੀ ਦੀ ਕੀਤੀ ਸਖਤ ਨਿੰਦਾ

ਏਜੰਸੀਆਂ

ਅੰਮ੍ਰਿਤਸਰ 8 ਮਈ। ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ



ਫਿਰੋਜਪੁਰ ਜ਼ਿਲ੍ਹੇ ਦੇ ਪਿੰਡ ਬੰਡਾਲਾ ਵਿਖੇ ਗੁਰਦੁਆਰਾ ਸਾਹਿਬ ਬਾਬਾ ਬੀਰ ਸਿੰਘ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕੀਤੀ ਗਈ ਬੇਅਦਬੀ ਦੀ ਸਖਤ ਸਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਿਛਲੇ ਕੁਝ ਸਮੇਂ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ ਪਰ ਪੁਲਸ ਪ੍ਰਸਾਸਨ ਅਤੇ ਸਰਕਾਰ ਅਜਿਹੀਆਂ ਘਟਨਾਵਾਂ ਨੂੰ ਰੋਕਣ 'ਚ ਪੂਰੀ ਤਰ੍ਹਾਂ ਅਸਫਲ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਕਿਸੇ ਵੱਡੀ ਸਾਜਸ ਦਾ ਹਿੱਸਾ ਹਨ, ਜਿਸ ਪਿਛੇ ਕੰਮ ਕਰਦੀਆਂ ਸਕਤੀਆਂ ਨੂੰ ਸਾਹਮਣੇ ਲਿਆਉਣਾ ਬੇਹੱਦ ਜਰੂਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪੁਲਸ ਵੱਲੋਂ ਬੇਅਦਬੀ ਦੇ ਦੋਸੀਆਂ ਨੂੰ ਸਖਤ ਅਤੇ ਮਿਸਾਲੀ ਸਜਾਵਾਂ ਨਾ ਦਿੱਤੇ ਜਾਣ ਕਾਰਨ ਹੀ ਸੰਗਤ ਅੰਦਰ ਭਾਰੀ ਰੋਸ ਅਤੇ ਰੋਹ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਤੰਤਰ ਰਾਹੀਂ ਫਿਰੋਜਪੁਰ ਦੀ ਬੇਅਦਬੀ ਘਟਨਾ ਪਿੱਛੇ ਕੰਮ ਕਰਦੀਆਂ ਸਕਤੀਆਂ ਨੂੰ ਨਸਰ ਕਰੇ। ਇਸੇ ਦੌਰਾਨ ਸ੍ਰੋਮਣੀ ਕਮੇਟੀ ਦੇ ਸਕੱਤਰਪ੍ਰਤਾਪ ਸਿੰਘ ਨੇ ਦੱਸਿਆ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸਾ-ਨਿਰਦੇਸਾਂ ਅਨੁਸਾਰ ਅੱਜ ਸ੍ਰੋਮਣੀ ਕਮੇਟੀ ਵੱਲੋਂ ਹਲਕਾ ਮੈਂਬਰ ਦਰਸਨ ਸਿੰਘ ਸੇਰ ਖਾਂ, ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਫਿਰੋਜਪੁਰ ਤੋਂ ਐਡੀਸਨਲ ਮੈਨੇਜਰ ਜਸਪਾਲ ਸਿੰਘ, ਹੈੱਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ, ਗ੍ਰੰਥੀ ਗਿਆਨੀ ਗੁਰਭਜਨ ਸਿੰਘ, ਪ੍ਰਚਾਰਕ ਸੁਖਵਿੰਦਰ ਸਿੰਘ ਅਤੇ ਹੋਰ ਨੁਮਾਇੰਦੀਆਂ ਨੇ ਘਟਨਾ ਵਾਲੀ ਥਾਂ ਪਿੰਡ ਬੰਡਾਲਾ ਵਿਖੇ ਪੁੱਜ ਕੇ ਸਮੁੱਚੀ ਜਾਣਕਾਰੀ ਲੈਣ ਉਪਰੰਤ ਰਿਪੋਰਟ ਭੇਜੀ ਹੈ ਜੋ ਅਗਲੀ ਕਾਰਵਾਈ ਲਈ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਭੇਜ ਦਿੱਤੀ ਜਾਵੇਗੀ।

### ਸ਼ਿਵ ਸੈਨਾ ਸੰਸਦ ਮੈਂਬਰ ਰਾਜੇਂਦਰ ਗਾਵਿਤ ਭਾਜਪਾ 'ਚ ਮੁੜ ਤੋਂ ਸ਼ਾਮਲ

ਮੁੰਬਈ 8 ਮਈ। ਸ਼ਿਵ ਸੈਨਾ ਸੰਸਦ ਮੈਂਬਰ ਰਾਜੇਂਦਰ ਗਾਵਿਤ ਮੰਗਲਵਾਰ ਨੂੰ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਮੌਜੂਦਗੀ 'ਚ ਭਾਰਤੀ ਜਨਤਾ ਪਾਰਟੀ (ਭਾਜਪਾ) 'ਚ ਮੁੜ ਸ਼ਾਮਲ ਹੋ ਗਏ। ਗਾਵਿਤ ਪਾਲਘਰ ਲੋਕ ਸਭਾ ਸੀਟ ਤੋਂ ਮੌਜੂਦਾ ਸੰਸਦ ਮੈਂਬਰ ਹਨ। ਸਾਬਕਾ ਕਾਂਗਰਸੀ ਗਾਵਿਤ ਕਾਂਗਰਸ-ਰਾਕਾਂਪਾ ਗਠਜੋੜ ਸਰਕਾਰ 'ਚ ਮੰਤਰੀ ਵੀ ਰਹੇ ਹਨ। ਉਹ 2018 'ਚ ਭਾਜਪਾ ਦੇ ਟਿਕਟ 'ਤੇ, ਜ਼ਿਮਨੀ ਚੋਣ 'ਚ ਪਾਲਘਰ ਤੋਂ ਪਹਿਲੀ ਵਾਰ ਸੰਸਦ ਮੈਂਬਰ ਬਣੇ। 2019 'ਚ ਅਣਵੰਡੇ ਸ਼ਿਵ ਸੈਨਾ ਨੇ ਗਾਵਿਤ ਨੂੰ ਆਪਣਾ ਉਮੀਦਵਾਰ ਬਣਾ ਕੇ ਇਹ ਸੀਟ ਲੈ ਲਈ। ਇਸ ਸਾਲ ਹੋਈਆਂ ਲੋਕ ਸਭਾ ਚੋਣਾਂ 'ਚ ਉਨ੍ਹਾਂ ਨੇ ਇਹ ਸੀਟ ਬਰਕਰਾਰ ਰੱਖੀ। ਜਦੋਂ 2022 'ਚ ਸ਼ਿਵ ਸੈਨਾ ਵੰਡੀ ਗਈ ਤਾਂ ਗਾਵਿਤ ਪਾਰਟੀ ਦੇ ਏਕਨਾਥ ਸ਼ਿੰਦੇ ਦੀ ਅਗਵਾਈ ਵਾਲੇ ਗੁਟ 'ਚ ਸ਼ਾਮਲ ਹੋ ਗਏ। ਇਸ ਮੌਕੇ ਫੜਨਵੀਸ ਨੇ ਕਿਹਾ ਕਿ ਭਾਜਪਾ ਨੂੰ ਲੱਗਾ ਕਿ ਰਾਜ ਨੂੰ ਗਾਵਿਤ ਦੀ ਲੋੜ ਹੈ ਅਤੇ ਇਸ ਲਈ ਉਹ ਪਾਰਟੀ 'ਚ ਆਏ ਹਨ।

## ਲੋਕ ਸਭਾ ਚੋਣਾਂ: ਦਿੱਲੀ 'ਚ ਭਾਜਪਾ ਦੇ ਮਨੋਜ ਤਿਵਾੜੀ ਸਭ ਤੋਂ ਅਮੀਰ ਉਮੀਦਵਾਰ



ਨਵੀਂ ਦਿੱਲੀ 8 ਮਈ। ਭੋਜਪੁਰੀ ਗਾਇਕ ਤੋਂ ਸਿਆਸਤਦਾਨ ਬਣੇ ਮਨੋਜ ਤਿਵਾੜੀ ਦਿੱਲੀ 'ਚ ਲੋਕ ਸਭਾ ਚੋਣਾਂ ਲੜ ਰਹੇ ਭਾਰਤੀ ਜਨਤਾ ਪਾਰਟੀ (ਭਾਜਪਾ), ਆਮ ਆਦਮੀ ਪਾਰਟੀ (ਆਪ) ਅਤੇ ਕਾਂਗਰਸ ਦੇ ਪ੍ਰਮੁੱਖ ਉਮੀਦਵਾਰਾਂ 'ਚੋਂ ਸਭ ਤੋਂ ਅਮੀਰ ਉਮੀਦਵਾਰ ਹਨ। ਉਨ੍ਹਾਂ ਦੀ ਕੁੱਲ ਜਾਇਦਾਦ 28.05 ਕਰੋੜ ਰੁਪਏ ਹੈ। ਉੱਤਰ ਪੂਰਬੀ ਦਿੱਲੀ ਸੀਟ ਤੋਂ ਭਾਜਪਾ ਵੱਲੋਂ ਲਗਾਤਾਰ ਤੀਜੀ ਵਾਰ ਚੋਣ ਲੜ ਰਹੇ ਤਿਵਾੜੀ ਨੇ 2022-23 ਲਈ ਦਾਖਲ ਕੀਤੀ ਆਮਦਨ ਕਰ ਰਿਟਰਨ ਵਿੱਚ ਕਿਹਾ ਕਿ ਉਨ੍ਹਾਂ ਦੀ ਆਮਦਨ 46.25 ਲੱਖ ਰੁਪਏ ਹੈ। ਉਨ੍ਹਾਂ ਦੱਸਿਆ ਕਿ ਉਹ ਇਹ ਕਮਾਈ ਗਾਇਕੀ, ਅਦਾਕਾਰੀ ਅਤੇ ਸੰਸਦ ਮੈਂਬਰ ਬਣ ਕੇ ਕਮਾਉਂਦੇ ਹਨ। ਦੂਜੇ ਸਥਾਨ 'ਤੇ ਦੱਖਣੀ ਦਿੱਲੀ ਤੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਰਾਮਵੀਰ ਸਿੰਘ ਬਿਧੂੜੀ (71) ਹਨ। ਉਨ੍ਹਾਂ ਕੋਲ ਕੁੱਲ 21.08 ਕਰੋੜ ਰੁਪਏ ਦੀ ਜਾਇਦਾਦ ਹੈ। 2022-23 ਦੀ ਇਨਕਮ ਟੈਕਸ ਰਿਟਰਨ ਅਨੁਸਾਰ ਬਿਧੂਰੀ ਦੀ ਆਮਦਨ 14.93 ਲੱਖ ਰੁਪਏ ਸੀ। ਪੱਛਮੀ ਦਿੱਲੀ ਤੋਂ 'ਆਪ' ਉਮੀਦਵਾਰ ਮਹਾਬਲ ਮਿਸਰਾ ਦਿੱਲੀ ਲੋਕ ਸਭਾ ਚੋਣਾਂ ਦੇ ਦਾਅਵੇਦਾਰਾਂ 'ਚੋਂ ਤੀਜੇ ਸਭ ਤੋਂ ਅਮੀਰ ਉਮੀਦਵਾਰ ਹਨ। ਉਨ੍ਹਾਂ ਕੋਲ ਕੁੱਲ 19.93 ਕਰੋੜ ਰੁਪਏ ਦੀ ਜਾਇਦਾਦ ਹੈ। ਮਰਹੂਮ ਵਿਦੇਸ ਮੰਤਰੀ ਸੁਸਮਾ ਸਵਰਾਜ ਦੀ ਧੀ ਬੰਸੁਰੀ ਸਵਰਾਜ (40) 19 ਕਰੋੜ ਰੁਪਏ ਦੀ ਜਾਇਦਾਦ ਨਾਲ ਚੌਥੇ ਸਭ ਤੋਂ ਅਮੀਰ ਉਮੀਦਵਾਰ ਹਨ।

# ਪੰਜਾਬ ਪੁਲਸ ਨੇ 2024 ਦੀ ਹੁਣ ਤਕ ਦੀ ਸਭ ਤੋਂ ਵੱਡੀ ਹੈਰੋਇਨ ਦੀ ਖੇਪ ਫੜੀ, ਕੈਨੇਡਾ ਸਣੇ 5 ਦੇਸ਼ਾਂ 'ਚ ਫੈਲਿਆ ਨੈੱਟਵਰਕ

ਸਰਦੂਲ ਸਿੰਘ

ਜਲੰਧਰ 8 ਮਈ। ਪੰਜਾਬ ਪੁਲਸ ਨੂੰ ਵੱਡੀ ਸਫਲਤਾ ਮਿਲੀ ਹੈ। ਜਲੰਧਰ ਕਮਿਸ਼ਨਰੇਟ ਪੁਲਸ ਨੇ ਅੰਤਰਰਾਸ਼ਟਰੀ ਡਰੱਗ ਸਿੰਡੀਕੇਟ ਦਾ ਪਰਦਾਫਾਸ਼ ਕਰਦੇ ਹੋਏ 48 ਕਿਲੋਗ੍ਰਾਮ ਹੈਰੋਇਨ ਜਬਤ ਕਰਕੇ 3 ਗੁਰਗਿਆਂ ਨੂੰ ਗ੍ਰਿਫਤਾਰ ਕੀਤਾ ਹੈ। ਇਹ 2024 ਦੀ ਸਭ ਤੋਂ ਵੱਡੀ ਹੈਰੋਇਨ ਦੀ ਖੇਪ ਜਬਤੀ ਹੈ। ਇਹ ਸਿੰਡੀਕੇਟ ਗਿਰੋਹ ਸਰਹੱਦ ਪਾਰ ਅਤੇ ਕੌਮਾਂਤਰੀ ਡਰੱਗ ਤਸਕਰੀ ਵਿਚ ਸਰਗਰਮ ਰੂਪ ਨਾਲ ਸ਼ਾਮਲ ਸੀ ਅਤੇ 5 ਦੇਸ਼ ਈਰਾਨ, ਅਫਗਾਨਿਸਤਾਨ, ਤੁਰਕੀ, ਪਾਕਿਸਤਾਨ ਅਤੇ ਕੈਨੇਡਾ ਵਿਚ ਫੈਲਿਆ ਹੋਇਆ ਸੀ। ਇਸ ਦੇ ਨਾਲ ਹੀ ਇਸ ਦਾ 2 ਸੂਬੇ ਜੰਮੂ-ਕਸ਼ਮੀਰ ਅਤੇ ਗੁਜਰਾਤ ਵਿਚ ਇਕ ਘਰੇਲੂ ਨੈੱਟਵਰਕ ਵੀ ਸੀ। ਇਸ ਦੀ ਜਾਣਕਾਰੀ ਡੀ.ਜੀ.ਪੀ. ਗੌਰਵ ਯਾਦਵ ਵੱਲੋਂ ਦਿੱਤੀ ਗਈ ਹੈ। ਪੁਲਸ ਵੱਲੋਂ ਗੁਰਗਿਆਂ ਕੋਲੋਂ 21 ਲੱਖ ਦੀ ਗੈਰ-ਕਾਨੂੰਨੀ ਰਾਸ਼ੀ ਜਬਤ ਕੀਤੀ ਗਈ ਹੈ ਅਤੇ ਇਸ ਦੇ ਨਾਲ ਹੀ ਇਕ ਕੈਸ਼ ਕਾਊਂਟਿੰਗ ਮਸ਼ੀਨ ਅਤੇ ਤਿੰਨ ਹਾਈ-ਐਂਡ ਵਾਹਨ ਵੀ ਜਬਤ ਕੀਤੇ ਗਏ ਹਨ। ਪੁਲਸ ਵੱਲੋਂ ਐੱਨ. ਡੀ. ਪੀ. ਐੱਸ. ਐਕਟ ਦੇ ਤਹਿਤ ਐੱਫ. ਆਈ. ਆਰ. ਦਰਜ ਕੀਤੀ ਗਈ ਹੈ ਅਤੇ ਡਰੱਗ ਨੈੱਟਵਰਕ ਨੂੰ ਤੋੜਨ ਲਈ ਅੱਗੇ ਦੀ ਜਾਂਚ ਲਗਾਤਾਰ ਜਾਰੀ ਹੈ। ਪੁਲਸ ਵੱਲੋਂ ਗ੍ਰਿਫਤਾਰ ਕੀਤੇ ਗਏ ਗੁਰਗਿਆਂ ਕੋਲੋਂ ਪੁੱਛਗਿੱਛ ਜਾਰੀ ਹੈ ਅਤੇ ਵੱਡੇ ਖੁਲਾਸੇ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ। ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਸ ਕਮਿਸਨਰ ਨੇ ਇਸ ਨੂੰ ਸਹਿਰ ਵਿੱਚ ਕਮਿਸਨਰੇਟ ਪੁਲਸ ਦੁਆਰਾ ਬਰਾਮਦ ਕੀਤੇ ਗਏ ਨਸ਼ਿਆਂ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਖੇਪ ਦੱਸਿਆ। ਉਨ੍ਹਾਂ ਦੱਸਿਆ ਕਿ ਕਮਿਸਨਰੇਟ ਪੁਲਸ ਵੱਲੋਂ ਇਕ ਇਤਲਾਹ 'ਤੇ ਸਹਿਰ ਵਿੱਚ ਵਿਸੇਸ ਚੈਕਿੰਗ ਕੀਤੀ ਗਈ ਸੀ, ਜਿਸ ਦੌਰਾਨ ਵਾਈ-ਪੁਆਇੰਟ ਭਗਤ ਸਿੰਘ ਕਾਲੋਨੀ ਬਾਈਪਾਸ ਨੇੜੇ ਇਕ ਟੋਇਟਾ ਇਨੋਵਾ ਕਾਰ ਨੰਬਰ ਪੀ. ਬੀ. 08-ਡੀ.ਐੱਸ.-2958 ਨੂੰ ਰੋਕਿਆ ਗਿਆ। ਉਧਰ ਸਵਪਨ ਸਰਮਾ ਨੇ ਦੱਸਿਆ ਕਿ ਡਰਾਈਵਰ ਨੇ ਮੌਕੇ ਤੋਂ ਭੱਜਣ ਦੀ ਕੋਸ਼ਿਸ ਕੀਤੀ ਪਰ ਪੁਲਸ ਨੇ ਕਾਰ ਨੂੰ ਰੋਕ ਲਿਆ ਅਤੇ ਗੱਡੀ ਦੀ ਤਲਾਸੀ ਲੈਣ 'ਤੇ ਗੱਡੀ ਦੇ ਅੰਦਰ ਇਕ ਥੈਲੇ ਵਿੱਚ ਲੁਕੋਈ ਹੋਈ 8 ਕਿਲੋ ਹੈਰੋਇਨ ਬਰਾਮਦ ਹੋਈ। ਪੁਲਸ ਕਮਿਸਨਰ ਨੇ ਦੱਸਿਆ ਕਿ ਪੁਲਸ ਨੇ ਤੁਰੰਤ ਡਰਾਈਵਰ ਸਤਨਾਮ ਸਿੰਘ ਉਰਫ ਬੱਬੀ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਢੰਡੀਆਂ ਥਾਣਾ ਬੰਗਾ ਜ਼ਿਲ੍ਹਾ ਨਵਾਂਸਹਿਰ, ਜੋ ਕਿ ਹੁਣ ਪ੍ਰਤਾਪ ਚੌਂਕ ਹੁਸ਼ਿਆਰਪੁਰ ਨੇੜੇ ਐੱਚ. ਨੰਬਰ 141/8 ਸੁਭਾਸ ਨਗਰ ਵਿਖੇ ਕਿਰਾਏਦਾਰ ਹੈ, ਨੂੰ ਤੁਰੰਤ ਗ੍ਰਿਫਤਾਰ ਕਰ ਲਿਆ ਅਤੇ ਐੱਫ. ਆਈ. ਆਰ. ਦਰਜ ਕੀਤੀ ਹੈ। ਉਨ੍ਹਾਂ ਦੱਸਿਆ ਕਿ ਤਫਤੀਸ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਮੁਲਜਮ, ਅਮਨ ਰੋਜੀ ਅਤੇ ਉਸ ਦੇ ਪਤੀ ਹਰਦੀਪ ਸਿੰਘ ਨਾਲ ਨਸੇ ਦੇ ਨੈੱਟਵਰਕ ਨਾਲ ਜੁੜਿਆ ਹੋਇਆ ਸੀ। ਸਵਪਨ ਸਰਮਾ ਨੇ ਦੱਸਿਆ ਕਿ ਇਸ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਪੁਲਸ ਨੇ ਨਕੋਦਰ ਜਲੰਧਰ ਰੋਡ ਤੋਂ ਦੋਨਾਂ ਸੱਕੀਆਂ ਨੂੰ ਕਾਬੂ ਕਰ ਲਿਆ, ਜਿੱਥੋਂ ਉਨ੍ਹਾਂ ਪਾਸੋਂ 40 ਕਿਲੋਗ੍ਰਾਮ ਹੈਰੋਇਨ ਭਾਰੀ ਮਾਤਰਾ 'ਚ ਬਰਾਮਦ ਕੀਤੀ ਗਈ ਅਤੇ ਕੁੱਲ 21 ਲੱਖ ਰੁਪਏ ਦੀ ਰਕਮ, ਟੋਇਟਾ ਇਨੋਵਾ ਸਮੇਤ ਤਿੰਨ ਗੱਡੀਆਂ, ਉਨ੍ਹਾਂ ਕੋਲੋਂ ਮਹਿੰਦਰਾ ਐਕਸ. ਯੂ. ਵੀ. ਅਤੇ ਹੁੰਡਈ ਵਰਨਾ ਸਮੇਤ ਇਕ ਕੈਸ ਕਾਊਂਟਿੰਗ ਮਸੀਨ ਬਰਾਮਦ ਕੀਤੀ ਗਈ ਹੈ। ਪੁਲਸ ਕਮਿਸਨਰ ਨੇ ਦੱਸਿਆ ਕਿ ਹੋਰ ਪੁੱਛਗਿੱਛ ਤੋਂ ਪਤਾ ਲੱਗਾ ਹੈ ਕਿ ਸਤਨਾਮ ਸਿੰਘ ਦੀ 2017 ਵਿੱਚ ਪਹਿਲਾਂ ਵੀ ਨਸਾ ਤਸਕਰੀ ਦੇ ਇਕ ਕੇਸ ਵਿੱਚ ਸਮੂਲੀਅਤ ਸੀ, ਜਿਸ ਕਾਰਨ ਉਹ ਹੁਸ਼ਿਆਰਪੁਰ ਜੇਲ੍ਹ ਵਿੱਚ ਰਹਿੰਦੇ ਹੋਏ ਨਸ਼ਿਆਂ ਦੇ ਇਕ ਵੱਡੇ ਨੈੱਟਵਰਕ ਨਾਲ ਸੰਪਰਕ ਵਿੱਚ ਆਇਆ ਸੀ ਅਤੇ ਜਮਾਨਤ ਮਿਲਣ ਤੋਂ ਬਾਅਦ ਉਹ ਵੱਡੇ ਡਰੱਗ ਕਿੰਗਪਿਨ ਨਾਲ ਜੁੜਿਆ ਹੋਇਆ ਸੀ ਅਤੇ ਵੱਡੀ ਮਾਤਰਾ ਵਿੱਚ ਹੈਰੋਇਨ ਮੰਗਵਾਉਣਾ ਸੂਰੂ ਕਰ ਦਿੱਤਾ। ਉਸ ਨੇ ਕਿਹਾ ਕਿ 2023 ਵਿੱਚ ਸਤਨਾਮ ਦੇ ਪੁੱਤਰ ਮਨਜੀਤ ਸਿੰਘ ਨੂੰ ਜੰਮੂ ਵਿੱਚ ਇੱਕ ਹੋਰ ਡਰੱਗ ਕੇਸ ਦੇ ਸਬੰਧ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ, ਜਿਸ ਕੋਲੋਂ ਵੱਡੀ ਮਾਤਰਾ ਵਿੱਚ ਨਸੀਲੇ ਪਦਾਰਥਾਂ, ਪੈਸੇ, ਵਾਹਨਾਂ ਅਤੇ ਹੋਰ ਜਾਇਦਾਦਾਂ ਦੀ ਬਰਾਮਦਗੀ ਹੋਈ ਸੀ। ਸਵਪਨ ਸਰਮਾ ਨੇ ਦੱਸਿਆ ਕਿ ਸਤਨਾਮ ਸਿੰਘ ਦਾ ਜਵਾਈ ਹਰਦੀਪ ਸਿੰਘ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹੈਰੋਇਨ ਵੰਡਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ, ਜੋ ਅਕਸਰ ਆਵਾਜਾਈ ਲਈ ਕਈ ਵਾਹਨਾਂ ਦੀ ਵਰਤੋਂ ਕਰਦਾ ਸੀ। ਪੁਲਸ ਕਮਿਸਨਰ ਨੇ ਕਿਹਾ ਕਿ ਹਰਦੀਪ ਸਿੰਘ ਦੀ ਪਤਨੀ ਅਮਨ ਰੋਜੀ ਨੇ ਵੀ ਵੰਡਣ ਦੀਆਂ ਗਤੀਵਿਧੀਆਂ ਵਿੱਚ ਹਿੱਸਾ ਲਿਆ ਅਤੇ ਵਿੱਤੀ ਰਿਕਾਰਡ ਦਾ ਧਿਆਨ ਰੱਖਿਆ। ਉਨ੍ਹਾਂ ਕਿਹਾ ਕਿ ਪੁਲਿਸ ਨੇ ਇਰਾਨ, ਅਫਗਾਨਿਸਤਾਨ, ਤੁਰਕੀ, ਪਾਕਿਸਤਾਨ ਅਤੇ ਕੈਨੇਡਾ ਦੇ ਨਾਲ-ਨਾਲ ਜੰਮੂ-ਕਸਮੀਰ ਅਤੇ ਗੁਜਰਾਤ ਵਿੱਚ ਕਾਰਜਸੀਲ ਰਹੇ ਇਸ ਨੈੱਟਵਰਕ ਦਾ ਪਰਦਾਫਾਸ ਕੀਤਾ ਹੈ। ਸਵਪਨ ਸਰਮਾ ਨੇ ਕਿਹਾ ਕਿ ਇਸ ਵਿਆਪਕ ਨੈੱਟਵਰਕ ਦੇ ਕਿੰਗਪਿਨ ਨਵਪ੍ਰੀਤ ਸਿੰਘ ਉਰਫ ਨਵ ਨੂੰ ਫੜਨ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ।

## ਲੋਕਾਂ ਨੇ ਲੁੱਟ-ਖੋਹ ਕਰਨ ਵਾਲਿਆਂ ਨੂੰ ਕਾਬੂ ਕਰ ਕੀਤੀ ਛਿੱਤਰ ਪਰੇਡ

ਅੱਚਲ ਸਾਹਿਬ 8 ਮਈ। ਥਾਣਾ ਰੰਗੜ ਨੰਗਲ ਦੇ ਅਧੀਨ ਪੈਂਦੇ ਪਿੰਡ ਨੱਤ ਕੋਲ ਦਿਨ ਦਿਹਾੜੇ ਪਿਸਤੌਲ ਦੀ ਨੋਕ 'ਤੇ ਲੁੱਟਖੋਹ ਕਰਨ ਵਾਲਿਆਂ ਨੂੰ ਲੋਕਾਂ ਨੇ ਮੌਕੇ 'ਤੇ ਕਾਬੂ ਕਰ ਕੇ ਪਹਿਲਾਂ ਛਿੱਤਰ ਪਰੇਡ ਕੀਤੀ, ਫਿਰ ਪੁਲਸ ਦੇ ਹਵਾਲੇ ਕੀਤਾ। ਜਾਣਕਾਰੀ ਅਨੁਸਾਰ ਕੁਲਦੀਪ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਬਟਾਲਾ ਨੇ ਦੱਸਿਆ ਕਿ ਮੈਂ ਭਣੇਵੀ ਹਰਪ੍ਰੀਤ ਕੌਰ ਪੁੱਤਰੀ ਰਣਜੀਤ ਸਿੰਘ ਵਾਸੀ ਪੁਰੀਆਂ ਖੁਰਦ ਨੂੰ ਛੱਡਣ ਲਈ ਬਟਾਲਾ ਤੋਂ ਪਿੰਡ ਨੂੰ ਜਾ ਰਿਹਾ ਸੀ ਜਦੋਂ ਸੂਏ ਦੇ ਨਾਲ ਪੂਰੀਆਂ ਖੁਰਦ ਨੂੰ ਮੁੜੇ ਤਾਂ ਮੋਟਰਸਾਈਕਲ 2 ਨੌਜਵਾਨਾਂ ਨੇ ਸਾਡੀ ਸਕੂਟਰੀ ਨੂੰ ਟੱਕਰ ਮਾਰ ਕੇ ਰੋਕ ਲਿਆ ਅਤੇ ਹਰਪ੍ਰੀਤ ਕੌਰ ਦੀ ਬਾਂਹ 'ਤੇ ਕੋਈ ਤਿੱਖੀ ਚੀਜ ਨਾ ਵਾਰ ਕੀਤਾ। ਉਸ ਤੋਂ ਬਾਅਦ ਪਿਸਤੌਲ ਦਿਖਾਉਂਦੇ ਹੋਏ ਕਿਹਾ ਕਿ ਕੰਨਾਂ ਦੀਆਂ ਵਾਲੀਆਂ ਅਤੇ ਪੈਸਿਆਂ ਦੀ ਮੰਗ ਕੀਤੀ। ਸਾਡੇ ਵੱਲੋਂ ਰੌਲਾ ਪਾਉਣ 'ਤੇ ਮੌਕੇ 'ਤੇ ਇਕੱਠੇ ਹੋਏ ਲੋਕਾਂ ਨੇ ਦੋਵਾਂ ਨੌਜਵਾਨਾਂ ਨੂੰ ਫੜ ਕੇ ਛਿੱਤਰ ਪਰੇਡ ਕੀਤੀ ਅਤੇ ਪੁਲਸ ਨੂੰ ਸੂਚਿਤ ਕੀਤਾ। ਇਸ ਦੌਰਾਨ ਘਟਨਾ ਸਥਾਨ 'ਤੇ ਥਾਣਾ ਰੰਗੜ ਨੰਗਲ ਦੇ ਐੱਸ. ਐੱਚ. ਓ. ਮਨਜੀਤ ਸਿੰਘ ਪੁਲਸ ਪਾਰਟੀ ਸਮੇਤ ਪਹੁੰਚੇ। ਉਨ੍ਹਾਂ ਨੇ ਦੱਸਿਆ ਫੜੇ ਗਏ ਨੌਜਵਾਨਾਂ ਦੀ ਪਛਾਣ ਸਾਹਿਬਜਗਰੂਪ ਸਿੰਘ ਅਤੇ ਆਕਾਸਦੀਪ ਸਿੰਘ ਵਾਸੀ ਮਹਿਤਾ ਵਜੋਂ ਹੋਈ ਹੈ, ਜਿਨ੍ਹਾਂ ਕੋਲੋਂ ਇਕ ਪਿਸਤੌਲ ਅਤੇ ਮੋਟਰਸਾਈਕਲ ਬਰਾਮਦ ਕਰ ਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ। ਇਸ ਮੌਕੇ ਏ. ਐੱਸ. ਆਈ. ਸ਼ਿਸਪਾਲ ਸਿੰਘ, ਏ. ਐੱਸ. ਆਈ. ਹਰਜਿੰਦਰ ਸਿੰਘ ਕੋਹਾੜ, ਏ. ਐੱਸ. ਆਈ. ਪਲਵਿੰਦਰ ਸਿੰਘ, ਏ. ਐੱਸ. ਆਈ. ਪ੍ਰੇਮ ਸਿੰਘ ਆਦਿ ਹਾਜਰ ਸਨ।